@Qpatrika
@qaumipatrika punjabi
instagram.com/ qaumipatrika
Largest Circulated
विश्व भर में सबसे ज्यादा पढ़ा जाने वाला
# ਕੌਮੀ ਪਤ੍ਰਿਕਾ
Qaumi Patrika NO.1
Punjabi National Daily
दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Wednesday, 4 December 2024
VISIT: www.qaumipatrika.org Email: qpatrika@gmail.com
ਨਵੀਂ ਦਿੱਲੀ: ਬੁੱਧਵਾਰ 4 ਦਸੰਬਰ 2024, 20 ਮੱਘਰ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ
R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 43, ਅੰਕ 24, qpatrika@gmail.com ਫੋਨ : 9971359517 www.qaumipatrika.org

## ਪ੍ਰਿਅੰਕਾ ਗਾਂਧੀ ਨੇ ਭਾਜਪਾ ਦੀ ਕੇਂਦਰ ਸਰਕਾਰ 'ਤੇ ਕੱਸਿਆ ਨਿਸ਼ਾਨਾ

**ਤੇਜਿੰਦਰ ਕੌਰ ਬੱਬਰ**

ਵਾਇਨਾਡ 3 ਦਸੰਬਰ। ਕਾਂਗਰਸ ਦੀ ਸੰਸਦ ਮੈਂਬਰ ਪ੍ਰਿਅੰਕਾ ਗਾਂਧੀ ਵਾਡਰਾ ਨੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਨਿਸਾਨਾ ਸਾਧਦੇ ਹੋਏ ਕਿਹਾ ਕਿ ਅੱਜ ਦੀ ਲੜਾਈ ਉਸ ਤਾਕਤ ਦੇ ਖ਼ਿਲਾਫ ਹੈ, ਜੋ ਲੋਕਾਂ ਦੇ ਅਧਿਕਾਰਾਂ ਨੂੰ ਕਮਜੋਰ ਕਰਕੇ ਉਨ੍ਹਾਂ ਨੂੰ ਕੁਝ ਕਾਰੋਬਾਰੀ ਦੋਸਤਾਂ ਦੇ ਹਵਾਲੇ ਕਰ ਰਹੀ ਹੈ। ਉਹਨਾਂ ਨੇ ਮਨੰਤਵਾੜੀ ਵਿਖੇ ਇੱਕ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ, "ਅੱਜ ਅਸੀਂ ਆਪਣੇ ਰਾਸਟਰ ਦੀ ਭਾਵਨਾ ਤੇ ਭਾਰਤ ਦੀ ਆਤਮਾ ਲਈ ਲੜ ਰਹੇ ਹਾਂ।" ਵਾਇਨਾਡ ਦੀ ਆਪਣੀ ਫੇਰੀ ਦੇ ਦੂਜੇ ਦਿਨ ਦੀ ਸੁਰੂਆਤ ਕਰਦੇ ਹੋਏ ਉਹਨਾਂ ਕਿਹਾ, "ਅਸੀਂ



ਇੱਕ ਅਜਿਹੀ ਸਕਤੀ ਦੇ ਵਿਰੁੱਧ ਲੜ ਰਹੇ ਹਾਂ ਜੋ ਸਾਡੇ ਦੇਸ ਦੀ ਨੀਂਹ 'ਤੇ ਬਣੇ ਅਦਾਰਿਆਂ ਨੂੰ ਤਬਾਹ ਕਰਨ ਦੀ ਹਰ ਸੰਭਵ ਕੋਸ਼ਿਸ ਕਰ ਰਹੀ ਹੈ।" ਉਹਨਾਂ ਨੇ ਵਾਇਨਾਡ ਦੇ ਲੋਕਾਂ ਨਾਲ ਰਹਿਣ ਅਤੇ ਉਹਨਾਂ ਦੀਆਂ ਲੋੜਾਂ ਲਈ ਮੋਢੇ ਨਾਲ ਮੋਢਾ ਜੋੜ ਕੇ ਅੱਗੇ ਵਧਣ ਦਾ ਵਾਅਦਾ ਕੀਤਾ। ਚੱਲ ਰਹੇ ਪ੍ਰੋਗਰਾਮ 'ਚ ਪ੍ਰਿਅੰਕਾ ਨੂੰ ਸੁਲਤਾਨ ਬਥੇਰੀ 'ਚ ਦੁਪਹਿਰ 12:15 'ਤੇ ਅਤੇ ਕਲਪੇਟਾ 'ਚ 1:30 ਵਜੇ ਮੀਟਿੰਗਾਂ ਕਰਨ ਦੀ ਗੱਲ ਕਹੀ ਗਈ। ਰਾਹੁਲ ਗਾਂਧੀ ਦੇ ਨਾਲ ਵਾਇਨਾਡ ਦੇ ਦੋ ਦਿਨਾਂ ਦੌਰੇ 'ਤੇ ਪ੍ਰਿਯੰਕਾ ਨੇ ਸਨੀਵਾਰ ਨੂੰ ਵਾਇਨਾਡ ਲੋਕ ਸਭਾ ਹਲਕੇ ਦੇ ਅਧੀਨ ਤਿਰੂਵੰਬੜੀ ਦੇ ਮੁਕਾਮ, ਨਿਕੰਬੂਰ ਦੇ ਕੌਲਈ, ਕੋਝੀਕੋਡ ਦੇ ਵੰਦੂਰ ਅਤੇ ਐਡਵੰਨਾ ਅਤੇ ਮਲੱਪੁਰਮ ਜ਼ਿਲਿਆਂ 'ਚ ਜਨਤਕ ਮੀਟਿੰਗਾਂ 'ਚ ਹਿੱਸਾ ਲਿਆ। ਪ੍ਰਿਯੰਕਾ ਨੇ ਵਾਇਨਾਡ ਲੋਕ ਸਭਾ ਉਪ ਚੋਣ 4,10,931 ਵੋਟਾਂ ਦੇ ਵੱਡੇ ਫਰਕ ਨਾਲ ਜਿੱਤੀ, ਜੋ ਉਸਦਾ ਪਹਿਲਾ ਚੋਣ ਮੁਕਾਬਲਾ ਸੀ।

## ਕੇਜਰੀਵਾਲ ਨੇ ਦਿੱਲੀ 'ਚ ਵਧਦੇ ਅਪਰਾਧ ਨੂੰ ਲੈ ਕੇ ਭਾਜਪਾ ਅਤੇ ਅਮਿਤ ਸ਼ਾਹ 'ਤੇ ਵਿੰਨ੍ਹਿਆ ਨਿਸ਼ਾਨਾ

**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 3 ਦਸੰਬਰ। ਆਮ ਆਦਮੀ ਪਾਰਟੀ (ਆਪ) ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਨੇ ਦੋਸ਼ ਲਗਾਇਆ ਕਿ ਦਿੱਲੀ 'ਚ 'ਜੰਗਲ ਰਾਜ' ਹੈ ਅਤੇ ਇੱਥੇ ਦੇ ਲੋਕਾਂ ਨੇ ਅਪਰਾਧ 'ਚ ਇਸ ਤਰ੍ਹਾਂ ਦਾ ਵਾਧਾ ਕਦੇ ਨਹੀਂ ਦੇਖਿਆ। ਸਾਬਕਾ ਮੁੱਖ ਮੰਤਰੀ ਕੇਜਰੀਵਾਲ ਨੇ ਨਾਰਾਇਣਾ 'ਚ ਇਕ ਪਰਿਵਾਰ ਨਾਲ ਮੁਲਾਕਾਤ ਕੀਤੀ, ਜਿਸ ਦੇ 2 ਮੈਂਬਰਾਂ ਦਾ 6 ਮਹੀਨੇ ਦੇ ਅੰਤਰਾਲ 'ਚ ਅਪਰਾਧੀਆਂ ਨੇ ਕਤਲ ਕਰ ਦਿੱਤਾ। ਉਨ੍ਹਾਂ ਕਿਹਾ ਕਿ ਹਾਲ 'ਚ ਇਕ ਨੌਜਵਾਨ ਦਾ ਚਾਕੂ ਮਾਰ ਕੇ ਕਤਲ ਕਰ ਦਿੱਤਾ ਗਿਆ, ਜਦੋਂ ਕਿ ਉਸ ਨੇ ਸਥਾਨਕ ਅਪਰਾਧੀਆਂ ਤੋਂ ਆਪਣੀ ਜਾਨ ਨੂੰ ਖਤਰਾ ਹੋਣ ਦੇ ਡਰ ਕਾਰਨ ਪੁਲਸ 'ਚ ਸ਼ਿਕਾਇਤ ਕੀਤੀ ਸੀ। ਕੇਜਰੀਵਾਲ ਨੇ ਕਿਹਾ ਕਿ 6 ਮਹੀਨੇ ਪਹਿਲਾਂ ਇਸ ਨੌਜਵਾਨ ਦੇ ਛੋਟੇ ਭਰਾ ਦਾ ਕਤਲ ਕਰ ਦਿੱਤਾ ਗਿਆ ਸੀ। ਉਨ੍ਹਾਂ ਕਿਹਾ,"ਦਿੱਲੀ ਦੇ ਲੋਕਾਂ ਨੇ ਕਦੇ ਵੀ ਅਜਿਹੀ ਅਰਾਜਕਤਾ ਅਤੇ ਜੰਗਲ ਰਾਜ ਦਾ ਦੌਰ ਨਹੀਂ ਦੇਖਿਆ। ਕੋਈ ਵੀ ਕਿਸੇ ਦਾ ਵੀ ਕਤਲ ਕਰ ਸਕਦਾ ਹੈ। ਜਦੋਂ ਇਹ ਪਤਾ ਸੀ ਕਿ ਜਿਹੜੇ ਲੋਕਾਂ ਨੇ ਪਰਿਵਾਰ ਦੇ ਇਕ ਮੈਂਬਰ ਨੂੰ ਮਾਰਿਆ, ਉਹ ਕਿਸੇ ਹੋਰ ਨੂੰ ਵੀ ਮਾਰ ਸਕਦੇ ਹਨ ਤਾਂ



ਉਨ੍ਹਾਂ ਨੂੰ ਰੋਕਣ ਲਈ ਕੋਈ ਕਾਰਵਾਈ ਕਿਉਂ ਨਹੀਂ ਕੀਤੀ ਗਈ?" ਕੇਜਰੀਵਾਲ ਨੇ ਭਾਜਪਾ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਦਿੱਲੀ ਦੇ ਲੋਕਾਂ ਦੀ ਸੁਰੱਖਿਆ ਮੁਹੱਈਆ ਕਰਵਾਉਣ ਦੀ ਅਪੀਲ ਕੀਤੀ ਜੋ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਦਿੱਲੀ ਵਿਧਾਨ ਸਭਾ ਚੋਣਾਂ ਤੋਂ ਪਹਿਲੇ ਆਮ ਆਦਮੀ ਪਾਰਟੀ (ਆਪ) ਰਾਸ਼ਟਰੀ ਰਾਜਧਾਨੀ 'ਚ ਕਾਨੂੰਨ ਵਿਵਸਥਾ ਦੀ ਸਥਿਤੀ ਦਾ ਮੁੱਦਾ ਚੁੱਕ ਰਹੀ ਹੈ ਅਤੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਅਤੇ ਕੇਂਦਰੀ ਗ੍ਰਹਿ ਮੰਤਰੀ 'ਤੇ ਹਮਲਾ ਬੋਲ ਰਹੀ ਹੈ। ਕੇਜਰੀਵਾਲ ਨੇ ਕਿਹਾ ਕਿ ਪੂਰਾ ਨਾਰਾਇਣਾ ਇਲਾਕਾ ਸਥਾਨਕ ਅਪਰਾਧੀਆਂ ਦੇ ਇਕ ਅਜਿਹੇ ਗਿਰੋਹ ਬਾਰੇ ਜਾਣਦਾ ਹੈ ਜੋ ਨਿਵਾਸੀਆਂ ਨੂੰ ਡਰਾਉਂਦੇ ਹਨ ਪਰ ਪੁਲਸ ਨੇ ਉਨ੍ਹਾਂ ਖ਼ਿਲਾਫ ਕੋਈ ਕਾਰਵਾਈ ਨਹੀਂ ਕੀਤੀ। ਉਨ੍ਹਾਂ ਨੇ ਦੋਸ਼ ਲਗਾਇਆ,"ਕੱਲ੍ਹ ਦਿੱਲੀ 'ਚ ਤਿੰਨ ਕਤਲ ਹੋਏ। ਭਾਜਪਾ ਅਤੇ ਸ਼ਾਹ ਨੇ ਸ਼ਹਿਰ ਨੂੰ ਗੁੰਡਿਆਂ ਅਤੇ ਬਦਮਾਸ਼ਾਂ ਦੇ ਭਰੋਸੇ ਛੱਡ ਦਿੱਤਾ ਹੈ।" ਭਾਜਪਾ ਨੇ ਕੇਜਰੀਵਾਲ 'ਤੇ ਪਲਟਵਾਰ ਕਰਦੇ ਹੋਏ ਕਿਹਾ ਕਿ ਉਹ 'ਆਪ' ਦੀ ਅਗਵਾਈ ਵਾਲੀ ਸਰਕਾਰ ਦੇ ਭ੍ਰਿਸ਼ਟਾਚਾਰ ਅਤੇ ਅਸਫਲਤਾਵਾਂ ਤੋਂ ਧਿਆਨ ਹਟਾਉਣ ਲਈ ਅਪਰਾਧਕ ਘਟਨਾਵਾਂ ਦਾ ਹਵਾਲਾ ਦੇ ਕੇ ਕਾਨੂੰਨ-ਵਿਵਸਥਾ ਦਾ ਮੁੱਦਾ ਚੁੱਕ ਰਹੇ ਹਨ।

## ਵਕਫ ਬਿੱਲ ਦੇ ਬਹਾਨੇ ਕੇਂਦਰ ਮੁਸਲਮਾਨਾਂ ਨੂੰ ਨਿਸ਼ਾਨਾ ਬਣਾ ਰਿਹਾ : ਮਮਤਾ

ਕੋਲਕਾਤਾ 3 ਦਸੰਬਰ। ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਵਕਫ (ਸੋਧ) ਬਿੱਲ ਨੂੰ ਲੈ ਕੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਮੁਸਲਮਾਨਾਂ ਨੂੰ ਨਿਸ਼ਾਨਾ ਬਣਾਉਣ ਦਾ ਦੋਸ਼ ਲਾਇਆ ਅਤੇ ਸੰਸਦ 'ਚ ਇਸ ਦੇ ਪਾਸ ਹੋਣ 'ਤੇ ਸ਼ੱਕ ਪ੍ਰਗਟਾਇਆ। ਬਿੱਲ ਦੇ ਵਿਰੋਧ 'ਚ ਇਕ ਪ੍ਰਸਤਾਵ 'ਤੇ ਚਰਚਾ ਦੌਰਾਨ ਵਿਧਾਨ ਸਭਾ 'ਚ ਮਮਤਾ ਨੇ ਦੋਸ਼ ਲਾਇਆ ਕਿ ਕੇਂਦਰ ਨੇ ਇਸ ਵਿਸ਼ੇ 'ਤੇ ਸੂਬਾ ਸਰਕਾਰਾਂ ਨੂੰ ਨਜਰਅੰਦਾਜ ਕੀਤਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਨੇ ਵਕਫ ਬਿੱਲ 'ਤੇ ਸਾਡੇ ਨਾਲ ਸਲਾਹ-ਮਸ਼ਵਰਾ ਨਹੀਂ ਕੀਤਾ। ਤ੍ਰਿਣਮੂਲ ਕਾਂਗਰਸ ਪ੍ਰਮੁੱਖ ਨੇ ਬਿੱਲ 'ਤੇ ਸੰਯੁਕਤ ਸੰਸਦੀ ਕਮੇਟੀ (ਜੇ. ਪੀ. ਸੀ.) 'ਚ ਵਿਰੋਧੀ ਮੈਂਬਰਾਂ ਨੂੰ ਬੋਲਣ



ਨਾ ਦੇਣ ਨੂੰ ਲੈ ਕੇ ਵੀ ਭਾਜਪਾ ਦੀ ਆਲੋਚਨਾ ਕੀਤੀ। ਮੁੱਖ ਮੰਤਰੀ ਨੇ ਦਾਅਵਾ ਕੀਤਾ ਕਿ ਜੇ. ਪੀ. ਸੀ. 'ਚ, ਵਿਰੋਧੀ ਮੈਂਬਰਾਂ ਨੂੰ ਬੋਲਣ ਨਹੀਂ ਦਿੱਤਾ ਗਿਆ। ਇਹੀ ਕਾਰਨ ਹੈ ਕਿ ਉਨ੍ਹਾਂ ਇਸ ਦਾ ਬਾਈਕਾਟ ਕੀਤਾ। ਉਨ੍ਹਾਂ ਕੇਂਦਰ 'ਤੇ ਮੁਸਲਮਾਨਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ 'ਵੰਡ ਪਾਊ ਏਜੰਡੇ' ਨੂੰ ਅੱਗੇ ਵਧਾਉਣ ਦਾ ਦੋਸ਼ ਲਾਇਆ। ਮਮਤਾ ਨੇ ਕਿਹਾ ਕਿ ਇਸ ਵਕਫ (ਸੋਧ) ਬਿੱਲ ਦੇ ਨਾਂ 'ਤੇ ਇਕ ਹੀ ਧਰਮ ਨੂੰ ਕਿਉਂ ਨਿਸ਼ਾਨਾ ਬਣਾਇਆ ਜਾ ਰਿਹਾ ਹੈ? ਮੁਸਲਮਾਨਾਂ ਨੂੰ ਕਿਉਂ ਨਿਸ਼ਾਨਾ ਬਣਾਇਆ ਜਾ ਰਿਹਾ ਹੈ? ਕੀ ਤੁਸੀਂ ਵੱਖ-ਵੱਖ ਹਿੰਦੂ ਮੰਦਰ ਟਰੱਸਟਾਂ ਜਾਂ ਚਰਚਾਂ ਦੀਆਂ ਜਾਇਦਾਦਾਂ ਦੇ ਨਾਲ ਵੀ ਅਜਿਹਾ ਕਰਨ ਦਾ ਸਾਹਸ ਕਰੋਗੇ? ਇਸ ਦਾ ਜਵਾਬ ਨਹੀਂ ਹੈ। ਪਰ ਕਿਸੇ ਵਿਸੇਸ ਭਾਈਚਾਰੇ ਨੂੰ ਨਿਸਾਨਾ ਬਣਾਉਣਾ ਤੁਹਾਡੇ ਵੰਡਣ ਵਾਲੇ ਏਜੰਡੇ ਦੇ ਅਨੁਕੂਲ ਹੈ।" ਉਨ੍ਹਾਂ ਕਿਹਾ, "ਕੀ ਭਾਜਪਾ ਇਸ ਬਿੱਲ ਨੂੰ ਸੰਸਦ 'ਚ ਪਾਸ ਕਰ ਸਕੇਗੀ, ਜਦੋਂਕਿ ਉਸ ਕੋਲ ਦੋ ਤਿਹਾਈ ਬਹੁਮਤ ਨਹੀਂ ਹੈ? ਬੰਗਲਾਦੇਸ ਦੀ ਸਥਿਤੀ ਬਾਰੇ ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਗੁਆਂਢੀ ਦੇਸ ਵਿੱਚ ਹਿੰਦੂਆਂ ਦੀ ਸੁਰੱਖਿਆ ਲਈ ਕਦਮ ਚੁੱਕਣੇ ਚਾਹੀਦੇ ਹਨ।

## ਹਰ ਪਤੀ-ਪਤਨੀ ਨੂੰ 3 ਬੱਚੇ ਪੈਦਾ ਕਰਨੇ ਚਾਹੀਦੇ ਹਨ : ਭਾਗਵਤ



ਨਾਗਪੁਰ 3 ਦਸੰਬਰ। ਰਾਸਟਰੀ ਸਵੈਮਸੇਵਕ ਸੰਘ (ਆਰ. ਐੱਸ. ਐੱਸ.) ਦੇ ਮੁਖੀ ਮੋਹਨ ਭਾਗਵਤ ਨੇ ਆਬਾਦੀ ਵਾਧੇ 'ਚ ਗਿਰਾਵਟ 'ਤੇ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਭਾਰਤ ਦੀ ਕੁੱਲ ਪ੍ਰਜਣਨ ਦਰ (ਟੀ. ਐੱਫ. ਆਰ.) ਮੌਜੂਦਾ 2.1 ਦੀ ਬਜਾਏ ਘੱਟ ਤੋਂ ਘੱਟ 3 ਹੋਣੀ ਚਾਹੀਦੀ ਹੈ। ਟੀ. ਐੱਫ. ਆਰ. ਤੋਂ ਭਾਵ ਇਕ ਔਰਤ ਵੱਲੋਂ ਜਨਮ ਦਿੱਤੇ ਜਾਣ ਵਾਲੇ ਬੱਚਿਆਂ ਦੀ ਔਸਤ ਗਿਣਤੀ ਤੋਂ ਹੈ। ਨਾਗਪੁਰ 'ਚ 'ਕਠਾਲੇ ਕੁੱਲ ਸੰਮੇਲਨ' 'ਚ ਉਨ੍ਹਾਂ ਨੇ ਪਰਿਵਾਰਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਵੀ ਚਾਨਣਾ ਪਾਇਆ ਅਤੇ ਅਪੀਲ ਕੀਤੀ ਕਿ ਆਬਾਦੀ ਵਿਗਿਆਨ ਅਨੁਸਾਰ ਜੇ ਕਿਸੇ ਸਮਾਜ ਦੀ ਕੁੱਲ ਪ੍ਰਜਣਨ ਦਰ 2.1 ਤੋਂ ਹੇਠਾਂ ਜਾਂਦੀ ਹੈ ਤਾਂ ਉਹ ਸਮਾਜ ਖਤਮ ਹੋਣ ਦੇ ਕੰਢੇ ਪਹੁੰਚ ਸਕਦਾ ਹੈ। ਉਨ੍ਹਾਂ ਕਿਹਾ, "ਆਬਾਦੀ 'ਚ ਕਮੀ ਗੰਭੀਰ ਚਿੰਤਾ ਦਾ ਵਿਸ਼ਾ ਹੈ। ਕਈ ਭਾਸ਼ਾਵਾਂ ਅਤੇ ਸੱਭਿਆਚਾਰ ਪਹਿਲਾਂ ਹੀ ਅਲੋਪ ਹੋ ਚੁੱਕੇ ਹਨ। ਇਸ ਲਈ, ਪ੍ਰਜਣਨ ਦਰ ਨੂੰ 2.1 ਤੋਂ ਉੱਤੇ ਬਣਾਈ ਰੱਖਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਕੁਟੰਬ (ਪਰਿਵਾਰ) ਸਮਾਜ ਦਾ ਅਨਿੱਖੜਵਾਂ ਅੰਗ ਹੈ ਅਤੇ ਹਰ ਪਰਿਵਾਰ ਦੀ ਸਮਾਜ ਦੇ ਗਠਨ 'ਚ ਅਹਿਮੀਅਤ ਹੈ। ਆਰ. ਐੱਸ. ਐੱਸ. ਮੁਖੀ ਨੇ ਕਿਹਾ, "ਸਾਡੇ ਦੇਸ਼ ਦੀ ਆਬਾਦੀ ਨੀਤੀ, ਜੋ 1998 ਜਾਂ 2002 ਦੇ ਆਸਪਾਸ ਤਿਆਰ ਕੀਤੀ ਗਈ ਸੀ, ਕਹਿੰਦੀ ਹੈ ਕਿ ਆਬਾਦੀ ਵਾਧਾ ਦਰ 2.1 ਤੋਂ ਹੇਠਾਂ ਨਹੀਂ ਹੋਣੀ ਚਾਹੀਦੀ ਹੈ। ਇਹ ਘੱਟ ਤੋਂ ਘੱਟ 3 ਹੋਣੀ ਚਾਹੀਦੀ ਹੈ। (ਆਬਾਦੀ) ਵਿਗਿਆਨ ਅਜਿਹਾ ਕਹਿੰਦਾ ਹੈ।" ਰਾਸ਼ਟਰੀ ਪਰਿਵਾਰ ਸਿਹਤ ਸਰਵੇਖਣ (ਐੱਨ. ਐੱਫ. ਐੱਚ. ਐੱਸ.) ਦੇ 2021 'ਚ ਜਾਰੀ ਅੰਕੜਿਆਂ ਅਨੁਸਾਰ, ਭਾਰਤ ਦੀ ਟੀ. ਐੱਫ. ਆਰ. 2.2 ਤੋਂ ਘਟ ਕੇ 2 ਹੋ ਗਈ ਹੈ, ਜਦੋਂ ਕਿ ਗਰਭਨਿਰੋਧਕ ਵਰਤਣ ਦੀ ਦਰ 54 ਫ਼ੀਸਦੀ ਤੋਂ ਵਧ ਕੇ 67 ਫ਼ੀਸਦੀ ਹੋ ਗਈ ਹੈ। ਕੁੱਲ ਪ੍ਰਜਣਨ ਦਰ 2.1 ਨੂੰ ਬਦਲੀ ਦੀ ਦਰ ਮੰਨਿਆ ਜਾਂਦਾ ਹੈ, ਜੋ ਆਬਾਦੀ ਵਾਧੇ 'ਚ ਇਕ ਮਹੱਤਵਪੂਰਨ ਕਾਰਕ ਹੈ।




# 'ਘਰੇ ਆਟਾ ਈ ਹੈ ਨੀ...',ਸਾਹਮਣੇ ਆ ਗਏ ਮਾਪੇ, ਭੁੱਖੇ ਬੱਚੇ ਦੀਆਂ ਗੱਲਾਂ ਸੁਣ ਤੁਹਾਡੀਆਂ ਵੀ ਭਿੱਜ ਜਾਣਗੀਆਂ ਅੱਖਾਂ

ਜਲੰਧਰ 3 ਦਸੰਬਰ। ਗਰੀਬੀ ਸਾਡੇ ਸਮਾਜ ਦਾ ਇਕ ਅਜਿਹਾ ਕਲੰਕ ਹੈ, ਜੋ ਇਨਸਾਨ ਕੋਲੋਂ ਕੁਝ ਵੀ ਕਰਵਾ ਸਕਦਾ ਹੈ। ਢਿੱਡ ਹੱਥੋਂ ਮਜਬੂਰ ਹੋ ਕੇ ਇਨਸਾਨ ਨੂੰ ਕਈ ਵਾਰ ਅਜਿਹੇ ਕੰਮ ਵੀ ਕਰਨੇ ਪੈਂਦੇ ਹਨ, ਜੋ ਉਹ ਚਾਹ ਕੇ ਵੀ ਨਹੀਂ ਕਰਨਾ ਚਾਹੇਗਾ। ਪਰ ਕਈ ਵਾਰ ਇਸੇ ਗਰੀਬੀ ਕਾਰਨ ਇਨਸਾਨ ਨੂੰ ਭੁੱਖੇ ਰਹਿਣਾ ਪੈਂਦਾ ਹੈ। ਭੁੱਖ ਨਾ ਤਾਂ ਉਮਰ ਦੇਖਦੀ ਹੈ, ਨਾ ਹੀ ਜਾਤ ਤੇ ਨਾ ਹੀ ਕੁਝ ਹੋਰ। ਜਿ਼ਦਾ ਰਹਿਣ ਲਈ ਇਨਸਾਨ ਨੂੰ ਖਾਣਾ ਤਾਂ ਪੈਂਦਾ ਹੀ ਹੈ। ਅਜਿਹੀ ਹੀ ਇਕ ਵੀਡੀਓ ਬੀਤੇ ਕਈ ਦਿਨਾਂ ਤੋਂ ਸੋਸ਼ਲ ਮੀਡੀਆ 'ਤੇ ਕਾਫੀ ਵਾਇਰਲ ਹੋ ਰਹੀ ਹੈ, ਜੋ ਦੇਖ ਕੇ ਹਰ ਕਿਸੇ ਦਾ ਦਿਲ ਪਸੀਜ ਗਿਆ ਹੈ। ਇਸ ਵੀਡਿਓ 'ਚ ਇਕ ਸਕੂਲ 'ਚ ਇਕ ਬੱਚਾ ਦਿਖਾਈ ਦਿੰਦਾ ਹੈ, ਜਿਸ ਨੂੰ ਉਸ ਦੇ ਅਧਿਆਪਕ ਨੇ ਜਦੋਂ ਆਪਣੇ ਕੋਲ ਕਾਪੀ ਚੈੱਕ ਕਰਵਾਉਣ ਲਈ ਬੁਲਾਇਆ ਤਾਂ ਉਸ ਨੇ ਉਸ ਬੱਚੇ ਨੂੰ ਪੁੱਛ ਲਿਆ ਕਿ ਅੱਜ ਕੀ ਖਾ ਕੇ ਆਇਆ ਹੈਂ ? ਤਾਂ ਬੱਚੇ ਨੇ ਇਕ ਬੇਹੱਦ ਭਾਵੁਕ ਜਵਾਬ ਦਿੰਦੇ ਹੋਏ ਕਿਹਾ, "ਕੁਝ ਨਹੀਂ ਖਾਧਾ"। ਇਸ ਮਗਰੋਂ ਜਦੋਂ ਅਧਿਆਪਕ ਨੇ ਪੁੱਛਿਆ ਕਿ ਕਿਉਂ ਨਹੀਂ ਖਾਧਾ, ਤਾਂ ਬੱਚਾ ਬੋਲਿਆ, "ਘਰੇ ਆਟਾ ਈ ਹੈ ਨੀ...।" ਇਹ ਸੁਣ ਕੇ ਅਧਿਆਪਕ ਵੀ ਭਾਵੁਕ ਹੋ ਗਿਆ ਤੇ ਉਸ ਨੇ ਬੱਚੇ ਨੂੰ ਆਪਣੇ ਗਲੇ ਲਾ ਲਿਆ। ਅਸਲ 'ਚ ਇਹ ਵੀਡੀਓ ਫਿਰੋਜਪੁਰ ਦੇ ਕਸਬਾ ਮਮਦੋਟ ਦੇ ਨਾਲ ਲੱਗਦੇ ਪਿੰਡ ਸੈਦੇ ਦੀ ਹੈ, ਜੋ ਸੋਸ਼ਲ ਮੀਡੀਆ 'ਤੇ ਬਹੁਤ ਤੇਜੀ ਨਾਲ ਵਾਇਰਲ ਹੋ ਰਹੀ ਹੈ। ਵੀਡੀਓ ਵਾਇਰਲ ਹੋਣ ਮਗਰੋਂ ਉਸ ਬੱਚੇ ਦੇ ਅਧਿਆਪਕ ਨਾਲ ਵੀ ਗੱਲਬਾਤ ਕੀਤੀ ਗਈ, ਜਿਸ ਨੇ ਇਹ ਵੀਡੀਓ ਬਣਾਈ ਸੀ। ਉਸ ਨੇ ਦੱਸਿਆ ਕਿ




ਬੱਚੇ ਦਾ ਨਾਂ ਅੰਮ੍ਰਿਤ ਹੈ, ਜੋ ਕਿ ਹਾਲੇ 5 ਸਾਲ ਦਾ ਹੈ ਤੇ ਨਰਸਰੀ ਕਲਾਸ 'ਚ ਪੜ੍ਹਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਉਹ ਬਹੁਤ ਮਾਸੂਮ ਹੈ ਤੇ ਬੜੀ ਮਾਸੂਮੀਅਤ ਨਾਲ ਗੱਲਾਂ ਕਰਦਾ ਹੈ। ਇਸੇ ਦੌਰਾਨ ਕਾਪੀ ਚੈੱਕ ਕਰਨ ਸਮੇਂ ਹੀ ਉਸ ਨੇ ਇਹ ਵੀਡੀਓ ਬਣਾਈ ਸੀ। ਉਸ ਨੇ ਦੱਸਿਆ ਕਿ ਇਹ ਵੀਡੀਓ ਬਣਾਉਣ ਮਗਰੋਂ ਉਹ ਬਹੁਤ ਭਾਵੁਕ ਹੋ ਗਿਆ ਤੇ ਉਹ ਵਾਰ-ਵਾਰ ਇਹ ਵੀਡੀਓ ਦੇਖਦਾ ਰਿਹਾ ਤਾਂ ਕਿਸੇ ਨੇ ਉਸ ਨੂੰ ਸੁਝਾਅ ਦਿੱਤਾ ਕਿ ਜੇਕਰ ਇਸ ਵੀਡੀਓ ਨੂੰ ਸੋਸਲ ਮੀਡੀਆ 'ਤੇ ਪੋਸਟ ਕਰ ਦਿੱਤਾ ਜਾਵੇ, ਤਾਂ ਹੋ ਸਕਦਾ ਹੈ ਕਿ ਇਸ ਪਰਿਵਾਰ ਨੂੰ ਕੋਈ ਮਦਦ ਹੀ ਮਿਲ ਜਾਵੇ। ਜਿਸ ਤੋਂ ਬਾਅਦ ਅਧਿਆਪਕ ਨੇ ਇਹ ਵੀਡੀਓ ਸੋਸਲ ਮੀਡੀਆ 'ਤੇ ਪਾ ਦਿੱਤੀ, ਜੋ ਹੁਣ ਬਹੁਤ ਤੇਜੀ ਨਾਲ ਵਾਇਰਲ ਹੋ ਰਹੀ ਹੈ। ਅਧਿਆਪਕ ਲਖਵਿੰਦਰ ਸਿੰਘ ਨੇ ਅੱਗੇ ਦੱਸਿਆ ਕਿ ਇਸ ਸਕੂਲ 'ਚ ਪੜ੍ਹਦੇ ਕਈ ਬੱਚੇ ਬਹੁਤ ਗਰੀਬ ਘਰ ਤੋਂ ਆਉਂਦੇ ਹਨ, ਜਿਨ੍ਹਾਂ ਦੇ ਮਾਪਿਆਂ ਨੂੰ ਕਈ ਵਾਰ ਕੰਮ ਨਹੀਂ ਮਿਲਦਾ ਤੇ ਉਨ੍ਹਾਂ ਨੂੰ ਭੁੱਖੇ ਢਿੱਡ ਹੀ ਰਹਿਣਾ ਪੈਂਦਾ ਹੈ। ਇਸ ਮਗਰੋਂ ਜਦੋਂ ਅੰਮ੍ਰਿਤ ਦੀ ਮਾਂ ਨਾਲ ਗੱਲਬਾਤ ਕੀਤੀ ਗਈ ਤਾਂ ਉਸ ਨੇ ਦੱਸਿਆ ਕਿ ਉਹ ਬਹੁਤ ਗਰੀਬ ਪਰਿਵਾਰ ਤੋਂ ਹਨ। ਉਸ ਨੇ ਦੱਸਿਆ ਕਿ ਉਸ ਦੇ ਪਤੀ ਕੰਮ ਤੋਂ ਦੇਰ ਨਾਲ ਘਰ ਆਏ ਸਨ, ਜਿਸ ਕਾਰਨ ਉਹ ਚੱਕੀ ਤੋਂ ਆਟਾ ਨਹੀਂ ਲਿਆ ਸਕੇ। ਅਗਲੇ ਦਿਨ ਸਵੇਰੇ ਵੀ ਉਹ ਜਲਦੀ ਕੰਮ 'ਤੇ ਚਲੇ ਗਏ। ਉਸ ਨੇ ਆਸ-ਪਾਸ ਦੇ ਘਰਾਂ ਤੋਂ ਆਟਾ ਪੁੱਛਿਆ, ਪਰ ਸਭ ਨੇ ਇਹੀ ਕਿਹਾ ਕਿ ਉਨ੍ਹਾਂ ਨੇ ਵੀ ਚੱਕੀ ਤੋਂ ਆਟਾ ਲੈ ਕੇ ਆਉਣਾ ਹੈ, ਜੇ ਹੁੰਦਾ ਤਾਂ ਉਹ ਜਰੂਰ ਦੇ ਦਿੰਦੇ। ਇਸ ਮਗਰੋਂ ਜਦੋਂ ਉਹ ਘਰ ਆਈ ਤਾਂ ਉਸ ਨੇ ਆਟਾ ਨਾ ਮਿਲਣ ਕਾਰਨ ਚੌਲ ਬਣਾ ਲਏ, ਜੋ ਕਿ ਅੰਮ੍ਰਿਤ ਨੇ ਖਾਣ ਤੋਂ ਇਨਕਾਰ ਕਰ ਦਿੱਤਾ ਤੇ ਉਹ ਭੁੱਖਾ ਹੀ ਘਰੋਂ ਸਕੂਲ ਚਲਾ ਗਿਆ। ਉਸ ਨੇ ਦੱਸਿਆ ਕਿ ਪਿਛਲੇ ਸਾਲ ਖੇਤਾਂ 'ਚ ਸਪਰੇਅ ਕਰਨ ਦੌਰਾਨ ਉਸ ਦੇ ਪਤੀ ਦੀਆਂ ਅੱਖਾਂ ਦੀ ਰੌਸ਼ਨੀ ਵੀ ਚਲੀ ਗਈ ਸੀ, ਜਿਸ ਕਾਰਨ ਉਨ੍ਹਾਂ ਨੂੰ ਬਹੁਤ ਹੀ ਮੁਸ਼ਕਲ ਦੌਰ 'ਚੋਂ ਗੁਜਰਨਾ ਪਿਆ ਸੀ। ਉਸ ਨੇ ਅੱਗੇ ਦੱਸਿਆ ਕਿ ਇਹ ਗਰੀਬੀ ਚੀਜ ਹੀ ਐਸੀ ਹੈ, ਨਹੀਂ ਤਾਂ ਕਿਸਦਾ ਦਿਲ ਕਰਦਾ ਹੈ ਕਿ ਉਸ ਦਾ ਬੱਚਾ ਭੁੱਖਾ ਰਹੇ।

## ਟੈਂਟ 'ਚ ਸੁੱਤੇ ਲੋਕਾਂ 'ਤੇ ਜਾ ਚੜ੍ਹਿਆ ਟਰੱਕ, ਮੰਜਰ ਦੇਖਣ ਵਾਲਿਆਂ ਨੇ ਮਾਰੀਆਂ ਚੀਕਾਂ

ਤ੍ਰਿਸੂਰ 3 ਦਸੰਬਰ। ਕੇਰਲ ਦੇ ਤ੍ਰਿਸੂਲ ਜਿ਼ਲ੍ਹੇ ਵਿੱਚ ਮੰਗਲਵਾਰ ਤੜਕੇ ਇੱਕ ਟਰੱਕ ਸੜਕ ਕਿਨਾਰੇ ਲੱਗੇ ਟੈਂਟ ਵਿੱਚ ਦਾਖਲ ਹੋ ਗਿਆ, ਜਿਸ ਕਾਰਨ ਦਰਦਨਾਕ ਹਾਦਸਾ ਵਾਪਰ ਗਿਆ। ਇਸ ਹਾਦਸੇ ਕਾਰਨ ਟੈਂਟ ਵਿਚ ਸੌਂ ਰਹੇ ਦੋ ਬੱਚਿਆਂ ਸਮੇਤ ਘੱਟੋ-ਘੱਟ ਪੰਜ ਲੋਕਾਂ ਦੀ ਮੌਤ ਹੋ ਗਈ ਅਤੇ



ਕਈ ਹੋਰ ਜਖਮੀ ਹੋ ਗਏ। ਇਸ ਘਟਨਾ ਦੀ ਜਾਣਕਾਰੀ ਪੁਲਸ ਵਲੋਂ ਦਿੱਤੀ ਗਈ ਹੈ। ਪੁਲਸ ਨੇ ਦੱਸਿਆ ਕਿ ਖਾਨਾਬਦੋਸ ਲੋਕ ਵਲਪੜ ਪੁਲਸ ਥਾਣਾ ਖੇਤਰ ਦੇ ਅਧੀਨ ਨਟਿਕਾ ਵਿਖੇ ਰਾਸਟਰੀ ਰਾਜਮਾਰਗ ਦੇ ਕਿਨਾਰੇ ਆਪਣੇ ਤੰਬੂਆਂ ਵਿੱਚ ਸੌਂ ਰਹੇ ਸਨ। ਉਹਨਾਂ ਕਿਹਾ ਕਿ ਇਸ ਦੌਰਾਨ ਸਵੇਰੇ 4.30 ਵਜੇ ਦੇ ਕਰੀਬ ਇਕ ਤੇਜ ਰਫਤਾਰ ਟਰੱਕ ਨੇ ਉਨ੍ਹਾਂ ਨੂੰ ਕੁਚਲ ਦਿੱਤਾ। ਉਨ੍ਹਾਂ ਦੱਸਿਆ ਕਿ ਜਖਮੀਆਂ ਨੂੰ ਤ੍ਰਿਸੂਰ ਦੇ ਸਰਕਾਰੀ ਮੈਡੀਕਲ ਕਾਲਜ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ, ਜਿੱਥੇ ਦੋ ਲੋਕਾਂ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ। ਪੁਲਸ ਨੇ ਦੱਸਿਆ ਕਿ ਮਰਨ ਵਾਲਿਆਂ ਵਿੱਚ ਡੇਢ ਸਾਲ ਅਤੇ ਚਾਰ ਸਾਲ ਦੇ ਦੋ ਬੱਚੇ ਅਤੇ ਦੋ ਔਰਤਾਂ ਸਾਮਲ ਹਨ। ਉਨ੍ਹਾਂ ਦੱਸਿਆ ਕਿ ਗੱਡੀ ਦੇ ਡਰਾਈਵਰ ਅਤੇ ਸਵਾਰੀਆਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ। ਪੁਲਸ ਵਲੋਂ ਇਸ ਮਾਮਲੇ ਦੇ ਸਬੰਧ ਵਿਚ ਕਾਰਵਾਈ ਕੀਤੀ ਜਾ ਰਹੀ ਹੈ।

## ਸੋਫਾ ਬਣਾਉਣ ਵਾਲੀ ਫੈਕਟਰੀ 'ਚ ਲੱਗੀ ਭਿਆਨਕ ਅੱਗ, ਤਿੰਨ ਲੋਕ ਜਿਊਂਦੇ ਸੜੇ

ਨੈਸ਼ਨਲ ਡੈਸਕ 3 ਦਸੰਬਰ। ਸੋਫਾ ਬਣਾਉਣ ਵਾਲੀ ਇਕ ਫੈਕਟਰੀ 'ਚ ਮੰਗਲਵਾਰ ਨੂੰ ਸਵੇਰੇ ਅੱਗ ਲੱਗਣ ਕਾਰਨ ਤਿੰਨ ਲੋਕ ਜਿਊਂਦੇ ਸੜ ਗਏ। ਪੁਲਸ ਨੇ ਇਹ ਜਾਣਕਾਰੀ ਦਿੱਤੀ। ਇਹ ਘਟਨਾ ਨੋਇਡਾ ਦੇ ਗੌਤਮਬੁੱਧ ਨਗਰ ਜਿ਼ਲ੍ਹੇ ਦੇ ਬੀਟਾ-2 ਥਾਣਾ ਖੇਤਰ 'ਚ ਵਾਪਰੀ। ਪੁਲਸ ਨੇ ਦੱਸਿਆ ਕਿ ਅੱਗ ਲੱਗਣ ਦੀ ਘਟਨਾ 'ਚ ਫੈਕਟਰੀ ਬੁਰੀ ਤਰ੍ਹਾਂ ਨਾਲ ਸੜ ਗਈ ਅਤੇ ਉੱਥੇ ਕੰਮ ਕਰਨ ਵਾਲੇ ਤਿੰਨ ਲੋਕਾਂ ਦੀ ਅੱਗ 'ਚ ਝੁਲਸ ਕੇ ਮੌਤ ਹੋ ਗਈ। ਮੌਕੇ 'ਤੇ ਪਹੁੰਚੀ ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ। ਐਡੀਸ਼ਨਲ ਪੁਲਸ ਡਿਪਟੀ ਕਮਿਸ਼ਨਰ ਅਸ਼ੋਕ ਕੁਮਾਰ ਸਿੰਘ ਨੇ ਦੱਸਿਆ ਕਿ ਬੀਟਾ-2 ਥਾਣਾ ਖੇਤਰ ਦੇ ਸਾਈਟ-4 ਸਥਿਤ ਸੋਫਾ ਬਣਾਉਣ ਦੀ ਇਕ ਫੈਕਟਰੀ 'ਚ



ਅੱਜ ਯਾਨੀ ਮੰਗਲਵਾਰ ਸਵੇਰੇ ਅੱਗ ਲੱਗ ਗਈ। ਉਨ੍ਹਾਂ ਦੱਸਿਆ ਕਿ ਮੌਕੇ 'ਤੇ ਪਹੁੰਚੀਆਂ ਫਾਇਰ ਵਿਭਾਗ ਦੀਆਂ 5 ਗੱਡੀਆਂ ਨੇ ਕਰੀਬ ਇਕ ਘੰਟੇ ਦੀ ਕੋਸ਼ਿਸ਼ ਤੋਂ ਬਾਅਦ ਅੱਗ 'ਤੇ ਕਾਬੂ ਪਾ ਲਿਆ। ਉਨ੍ਹਾਂ ਦੱਸਿਆ ਕਿ ਹਾਦਸੇ ਵਾਲੀ ਜਗ੍ਹਾ 'ਤੇ ਖੋਜ ਅਤੇ ਬਚਾਅ ਮੁਹਿੰਮ ਦੌਰਾਨ ਤਿੰਨ ਲੋਕ ਮ੍ਰਿਤਕ ਮਿਲੇ। ਸਿੰਘ ਨੇ ਦੱਸਿਆ ਕਿ ਮ੍ਰਿਤਕਾਂ ਦੀ ਪਛਾਣ ਉੱਤਰ ਪ੍ਰਦੇਸ਼ ਦੇ ਮਥੁਰਾ ਜਿ਼ਲ੍ਹਾ ਵਾਸੀ ਗੁਲਫਾਮ (23), ਬਿਹਾਰ ਵਾਸੀ ਮਜਹਰ ਆਲਮ (29) ਅਤੇ ਦਿਲਸ਼ਾਦ (24) ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਪਤਾ ਲੱਗਾ ਕਿ ਫੈਕਟਰੀ ਦੇ ਮਾਲਕ ਨੇ ਪੀੜਤਾਂ ਨੂੰ ਇਕ ਕੋਨੇ 'ਚ ਸੋਫਾ ਮੁਰੰਮਤ ਲਈ ਜਗ੍ਹਾ ਦੇ ਰੱਖੀ ਸੀ। ਉਨ੍ਹਾਂ ਦੱਸਿਆ ਕਿ ਅੱਗ ਲੱਗਣ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਘਟਨਾ ਦੀ ਸੂਚਨਾ ਦੇ ਦਿੱਤੀ ਗਈ ਹੈ।

## ਸਾਵਧਾਨ ! 325 ਦੇ ਖਤਰਨਾਕ ਪੱਧਰ 'ਤੇ ਪਹੁੰਚਿਆ ਪੰਜਾਬ ਦੇ ਇਸ ਜਿਲ੍ਹੇ ਦਾ , ਸਖਤ ਹੁਕਮ ਜਾਰੀ

ਜਲੰਧਰ 3 ਦਸੰਬਰ। ਮਹਾਨਗਰ ਜਲੰਧਰ ਦਾ ਐਵਰੇਜ ਏ. ਕਿਊ. ਆਈ. (ਏਅਰ ਕੁਆਲਿਟੀ ਇੰਡੈਕਸ) 251 ਦਰਜ ਕੀਤਾ ਗਿਆ ਹੈ, ਜਦਕਿ ਵੱਧ ਤੋਂ ਵੱਧ 325 ਨੂੰ ਪਾਰ ਕਰਦੇ ਹੋਏ ਖਤਰਨਾਕ ਪੱਧਰ 'ਤੇ ਪਹੁੰਚ ਗਿਆ ਹੈ, ਜਿਸ ਕਾਰਨ ਸਾਵਧਾਨੀ ਅਪਣਾਉਣੀ ਜ਼ਰੂਰੀ ਹੋ ਚੁੱਕੀ ਹੈ। ਉਥੇ ਹੀ ਘੱਟੋ-ਘੱਟ ਏ. ਕਿਊ. ਆਈ. (ਹਵਾ ਵਿਚ ਪ੍ਰਦੂਸ਼ਣ ਦਾ ਪੱਧਰ) 54 ਦਰਜ ਕੀਤਾ ਗਿਆ ਹੈ, ਜੋਕਿ ਰਾਤ ਸਮੇਂ ਹੁੰਦਾ ਹੈ। ਇਸੇ ਤਰ੍ਹਾਂ ਪਹਾੜਾਂ ਵਿਚ ਹੋਣ ਵਾਲੀ ਬਰਫਬਾਰੀ ਕਾਰਨ ਪੰਜਾਬ ਸਮੇਤ ਗੁਆਂਢੀ ਸੂਬਿਆਂ ਦੇ ਤਾਪਮਾਨ ਵਿਚ ਲਗਾਤਾਰ ਗਿਰਾਵਟ ਦਰਜ ਹੋ ਰਹੀ ਹੈ। ਮੌਸਮ ਵਿਗਿਆਨ ਵਿਭਾਗ ਦੇ ਚੰਡੀਗੜ੍ਹ ਕੇਂਦਰ ਵੱਲੋਂ ਦਿੱਤੀ ਗਈ ਜਾਣਕਾਰੀ ਮੁਤਾਬਕ ਜਲੰਧਰ ਦਾ ਵੱਧ ਤੋਂ ਵੱਧ ਤਾਪਮਾਨ 26 ਡਿਗਰੀ ਰਿਕਾਰਡ ਹੋਇਆ ਹੈ, ਜਦਕਿ ਘੱਟ ਤੋਂ ਘੱਟ ਤਾਪਮਾਨ 9 ਡਿਗਰੀ ਤਕ ਡਿੱਗ ਚੁੱਕਾ ਹੈ, ਜਿਸ ਕਾਰਨ ਠੰਢ ਵਧਣ ਲੱਗੀ ਹੈ। ਇਸੇ ਤਰ੍ਹਾਂ ਅਗਲੇ 1-2 ਦਿਨਾਂ ਤਕ ਤਾਪਮਾਨ ਵਿਚ 2-3 ਡਿਗਰੀ ਦੀ ਗਿਰਾਵਟ ਵੇਖਣ ਨੂੰ ਮਿਲੇਗੀ। ਉਥੇ ਹੀ, ਮੌਸਮ ਵਿਭਾਗ ਵੱਲੋਂ ਧੁੰਦ ਕਾਰਨ 22 ਅਤੇ 2 ਦਸੰਬਰ ਨੂੰ ਯੈਲੋ ਅਲਰਟ ਐਲਾਨ ਕੀਤਾ ਗਿਆ ਹੈ, ਜਿਸ ਕਾਰਨ ਸਾਵਧਾਨੀ ਅਪਣਾਉਣੀ ਚਾਹੀਦੀ ਹੈ। ਪਿਛਲੇ ਕੁਝ ਦਿਨਾਂ ਦੌਰਾਨ ਕਈ ਹਾਦਸੇ ਵੀ ਹੋ ਚੁੱਕੇ ਹਨ, ਜਿਸ ਕਾਰਨ ਸਵੇਰੇ ਸਮੇਂ ਵਿਸ਼ੇਸ਼ ਧਿਆਨ ਰੱਖਣਾ ਜ਼ਰੂਰੀ ਹੋ ਗਿਆ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਮੀਂਹ ਤੋਂ ਬਾਅਦ ਏ. ਕਿਊ. ਆਈ. ਵਿਚ ਸੁਧਾਰ ਵੇਖਣ ਨੂੰ ਮਿਲੇਗਾ ਪਰ ਮਹਾਨਗਰ ਵਿਚ ਆਉਣ ਵਾਲੇ 1-2 ਦਿਨਾਂ ਤਕ ਮੀਂਹ ਪੈਣ ਦੀ ਸੰਭਾਵਨਾ ਕਾਫੀ ਘੱਟ ਹੈ, ਜਿਸ ਕਾਰਨ ਅਗਲੇ ਕੁਝ ਦਿਨਾਂ ਤਕ ਹਵਾ ਦੇ ਪ੍ਰਦੂਸ਼ਣ ਦਾ ਸਾਹਮਣਾ ਕਰਨਾ ਹੋਵੇਗਾ। ਸਵੇਰ ਦੀਆਂ ਸਰਦ ਹਵਾਵਾਂ ਦੇ ਨਾਲ-ਨਾਲ ਹੁਣ ਧੁੰਦ ਵੀ ਵਧ ਰਹੀ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਇਸ ਧੁੰਦ ਵਿਚ ਜਹਿਰੀਲੇ ਕਣ ਮੌਜੂਦ ਹਨ, ਜੋ ਸਾਹ ਲੈਣ ਵਿਚ ਮੁਸ਼ਕਿਲ ਪੈਦਾ ਕਰ ਸਕਦੇ ਹਨ। ਸ਼ਹਿਰ ਵਾਸੀਆਂ ਨੂੰ ਮਾਸਕ ਪਹਿਨਣ ਅਤੇ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਗਈ ਹੈ। ਇਸ ਸਮੇਂ ਮੌਸਮ ਦਾ ਮਿਜਾਜ ਬਦਲਿਆ ਹੋਇਆ ਹੈ। ਪਹਾੜਾਂ ਦੀ ਬਰਫਬਾਰੀ ਦਾ ਅਸਰ ਜਲੰਧਰ ਵਿਚ ਦੇਖਣ ਨੂੰ ਮਿਲ ਰਿਹਾ ਹੈ। ਅਗਲੇ ਕੁਝ ਦਿਨਾਂ ਵਿਚ ਤਾਪਮਾਨ ਵਿਚ ਹੋਰ ਗਿਰਾਵਟ ਦੀ ਉਮੀਦ ਹੈ। ਇਸ ਸਮੇਂ ਹਵਾ ਵਿਚ ਜੋ ਪ੍ਰਦੂਸ਼ਣ ਹੈ, ਉਹ ਫੇਫੜਿਆਂ ਵਿਚ ਜਾ ਕੇ ਉਨ੍ਹਾਂ ਵਿਚ ਰੁਕਾਵਟ ਪੈਦਾ ਕਰਦਾ ਹੈ, ਜਿਸ ਕਾਰਨ ਫੇਫੜਿਆਂ ਦੀ ਕਾਰਜ ਸਮਰੱਥਾ ਘੱਟ ਹੁੰਦੀ ਹੈ ਅਤੇ ਸਿਹਤ ਸਮੱਸਿਆਵਾਂ ਵਿਚ ਵਾਧਾ ਹੁੰਦਾ ਹੈ। ਧੁੰਦ ਵਿਚ ਪ੍ਰਦੂਸ਼ਣ ਹੁੰਦਾ ਹੈ, ਜਿਸ ਨਾਲ ਅੱਖਾਂ ਵਿਚ ਜਲਣ ਹੋਣ ਦੀ ਸਮੱਸਿਆ ਪੇਸ਼ ਆਉਣ ਦੀ ਸੰਭਾਵਨਾ ਰਹਿੰਦੀ ਹੈ। ਅੱਖਾਂ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਵਿਚੋਂ ਲੰਘ ਰਹੇ ਵਿਅਕਤੀ ਨੂੰ ਵਿਸ਼ੇਸ਼ ਧਿਆਨ ਰੱਖਣਾ ਚਾਹੀਦਾ ਹੈ ਕਿਉਂਕਿ ਹਵਾ ਵਿਚ ਪ੍ਰਦੂਸ਼ਣ ਵਧਣ ਕਾਰਨ ਅੱਖਾਂ ਦੀਆਂ ਝਿੱਲੀਆਂ ਵਿਚ ਸਮੱਸਿਆ ਹੋ ਸਕਦੀ ਹੈ, ਇਸ ਕਾਰਨ ਅੱਖਾਂ ਵਿਚ ਲਾਲੀ ਜਾਂ ਸੂਜਨ ਹੋ ਜਾਂਦੀ ਹੈ। ਚਿਹਰਾ ਢਕਣ ਦੇ ਨਾਲ-ਨਾਲ ਐਨਕਾਂ ਦੀ ਵੀ ਵਰਤੋਂ ਕਰਨੀ ਚਾਹੀਦੀ ਹੈ।

## ਨਗਰ ਨਿਗਮ ਕਮਿਸਨਰ ਨੇ ਮਲਟੀ ਸਟੋਰੀ ਪਾਰਕਿੰਗ ਤੇ ਪੁਰਾਣੇ ਸਹਿਰ ਦੇ ਇਲਾਕਿਆਂ 'ਚ ਸਫਾਈ ਦੀ ਕੀਤੀ ਜਾਂਚ

ਲੁਧਿਆਣਾ 3 ਦਸੰਬਰ। ਦੋ ਪਹੀਆ ਵਾਹਨ 'ਤੇ ਸਵਾਰ ਹੋ ਕੇ ਨਗਰ ਨਿਗਮ ਕਮਿਸਨਰ ਆਦਿਤਿਆ ਡੇਚਲਵਾਲ ਨੇ ਬੁੱਧਵਾਰ ਨੂੰ ਨਗਰ ਨਿਗਮ ਜੋਨ ਏ ਦਫਤਰ ਨੇੜੇ ਮਲਟੀ ਸਟੋਰੀ ਪਾਰਕਿੰਗ ਅਤੇ ਪੁਰਾਣੇ ਸਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਸਫਾਈ ਦੀ ਜਾਂਚ ਕਰਨ ਲਈ ਅਚਨਚੇਤ ਨਿਰੀਖਣ ਕੀਤਾ। ਕਮਿਸਨਰ ਨੇ ਦੱਸਿਆ ਕਿ ਨਗਰ ਨਿਗਮ ਵੱਲੋਂ ਆਮ ਲੋਕਾਂ ਦੀ ਸਹੂਲਤ ਲਈ ਬਹੁਮੰਜਿ਼ਲਾ ਪਾਰਕਿੰਗਾਂ ਦੀ ਮੁਰੰਮਤ ਦਾ ਕੰਮ ਕੀਤਾ ਜਾਵੇਗਾ। ਡੇਚਲਵਾਲ ਨੇ ਪੁਰਾਣੇ ਸਹਿਰ ਦੇ ਵੱਖ-ਵੱਖ ਇਲਾਕਿਆਂ ਦਾ ਨਿਰੀਖਣ ਕਰਦੇ ਹੋਏ ਸਫਾਈ ਨੂੰ ਯਕੀਨੀ ਬਣਾਉਣ ਲਈ ਜਰੂਰੀ ਦਿਸਾ ਨਿਰਦੇਸ ਜਾਰੀ ਕੀਤੇ। ਇਸ ਤੋਂ ਇਲਾਵਾ ਸਬੰਧਤ ਸਟਾਫ ਨੂੰ ਸਫਾਈ ਸੇਵਕਾਂ ਦੀ ਹਾਜਰੀ ਨਿਯਮਤ ਤੌਰ 'ਤੇ ਚੈੱਕ ਕਰਨ ਦੇ ਵੀ ਨਿਰਦੇਸ ਦਿੱਤੇ ਗਏ। ਡੇਚਲਵਾਲ ਨੇ ਦੱਸਿਆ ਕਿ ਜੋਨ ਏ ਦਫਤਰ ਨੇੜੇ ਮਲਟੀ ਸਟੋਰੀ ਪਾਰਕਿੰਗ ਪੁਰਾਣੇ ਸਹਿਰ ਦੇ ਇਲਾਕਿਆਂ ਵਿੱਚ ਇੱਕ ਪ੍ਰਮੁੱਖ ਪਾਰਕਿੰਗ ਹੈ ਅਤੇ ਰੋਜਾਨਾ ਵੱਡੀ ਗਿਣਤੀ ਵਿੱਚ ਵਸਨੀਕ ਇਸ ਪਾਰਕਿੰਗ ਵਿੱਚ ਆਉਂਦੇ ਹਨ। ਬਹੁਮੰਜਿ਼ਲਾ ਪਾਰਕਿੰਗ ਦੀ ਮੁਰੰਮਤ ਦੇ ਕੰਮਾਂ ਲਈ ਲਗਭਗ 1.50 ਕਰੋੜ ਰੁਪਏ ਦਾ ਅਨੁਮਾਨ ਲਗਾਇਆ ਗਿਆ ਹੈ। ਅਧਿਕਾਰੀਆਂ ਨੂੰ ਇਸ ਸਬੰਧੀ ਕਾਰਵਾਈ ਤੇਜ ਕਰਨ ਦੇ ਨਿਰਦੇਸ ਦਿੱਤੇ ਹਨ। ਇਸ ਦੌਰਾਨ ਡੇਚਲਵਾਲ ਨੇ ਕਿਹਾ ਕਿ ਨਗਰ ਨਿਗਮ ਦੇ ਸਟਾਫ ਨੂੰ ਸਹਿਰ ਭਰ ਵਿੱਚ ਸਫਾਈ ਯਕੀਨੀ ਬਣਾਉਣ ਲਈ ਸਖਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਜੋਨਲ ਕਮਿਸਨਰਾਂ ਨੂੰ ਵੀ ਸਾਫ-ਸਫਾਈ ਯਕੀਨੀ ਬਣਾਉਣ ਲਈ ਫੀਲਡ ਵਿੱਚ ਜਾਣ ਦੇ ਨਿਰਦੇਸ ਦਿੱਤੇ ਗਏ ਹਨ।

## ਗੁਰੂ ਮਹਾਰਾਜ ਖਿਲਾਫ ਵਰਤੀ ਭੱਦੀ ਸ਼ਬਦਾਵਲੀ ! ਹੋਇਆ ਪਰਚਾ ਦਰਜ

ਗੁਰਾਇਆ 3 ਦਸੰਬਰ। ਥਾਣਾ ਗੁਰਾਇਆ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਨਾਮ ਲੇਵਾ ਸੰਗਤਾਂ ਵੱਲੋਂ ਥਾਣੇ 'ਚ ਧਰਨਾ ਲਾ ਕੇ ਨਾਅਰੇਬਾਜੀ ਕੀਤੀ ਗਈ। ਇਸ ਸਬੰਧੀ ਅੰਬੇਡਕਰ ਸੈਨਾ ਆਫ ਇੰਡੀਆ ਦੇ ਜਿ਼ਲਾ ਜਲੰਧਰ ਦਿਹਾਤੀ ਦੇ ਪ੍ਰਧਾਨ ਗੁਲਸਨ ਮਸੰਦਪੁਰ ਤੇ ਜੋਤੀ ਅੱਟਾ ਨੇ ਦੱਸਿਆ ਕਿ ਇਕ ਵੀਡੀਓ, ਜੋ ਸੋਸਲ ਮੀਡੀਆ 'ਤੇ ਵਾਇਰਲ ਹੋਈ ਹੈ, ਵਿਚ ਗੁਰਾਇਆ ਦੇ ਪਿੰਡ ਪੱਦੀ ਖਾਲਸਾ ਦੇ ਰਹਿਣ ਵਾਲਾ ਵਿਅਕਤੀ, ਜੋ ਹੁਣ ਇਟਲੀ ਵਿਚ ਰਹਿੰਦਾ ਹੈ, ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਤੇ ਡੇਰਾ ਸੱਚਖੰਡ ਬੱਲਾਂ ਦੇ ਮੁਖੀ ਸੰਤ ਨਿਰੰਜਣ ਦਾਸ ਮਹਾਰਾਜ ਜੀ ਲਈ ਅੱਪਸਬਦ ਬੋਲੇ ਜਾ ਰਹੇ ਹਨ, ਜਿਸ ਨਾਲ ਸਮੂਹ ਸੰਗਤਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ। ਦੇਰ ਰਾਤ ਉਹ ਥਾਣਾ ਗੁਰਾਇਆ ਵਿਖੇ ਉਸ ਵਿਅਕਤੀ ਖਿਲਾਫ ਕਾਰਵਾਈ ਦੀ ਮੰਗ ਲੈ ਕੇ ਆਏ ਹਨ ਪਰ ਪੁਲਸ ਵੱਲੋਂ ਟਾਲ-ਮਟੋਲ ਕੀਤਾ ਜਾ ਰਿਹਾ ਹੈ, ਜਿਸ ਦੇ ਰੋਸ ਵਜੋਂ ਸੰਗਤ ਵੱਲੋਂ ਥਾਣਾ ਗੁਰਾਇਆ ਦੇ ਅੰਦਰ ਹੀ ਧਰਨਾ ਲਾ ਦਿੱਤਾ, ਜਿਸ ਤੋਂ ਬਾਅਦ



ਪੁਲਸ ਵੱਲੋਂ ਐੱਫ. ਆਈ. ਆਰ. ਦਰਜ ਕਰ ਕੇ ਕਾਪੀ ਸੰਗਤ ਨੂੰ ਦਿਖਾਈ, ਜਿਸ ਤੋਂ ਬਾਅਦ ਧਰਨਾਕਾਰੀਆਂ ਨੇ ਥਾਣਾ ਗੁਰਾਇਆ 'ਚ ਧਰਨਾ ਖਤਮ ਕੀਤਾ। ਇਸ ਸਬੰਧੀ ਐੱਸ. ਐੱਚ. ਓ. ਗੁਰਾਇਆ ਪਲਵਿੰਦਰ ਸਿੰਘ ਨੇ ਦੱਸਿਆ ਕਿ ਪ੍ਰਿੰਟਰ ਵਿਚ ਤਕਨੀਕੀ ਖਰਾਬੀ ਆਉਣ ਕਾਰਨ ਪ੍ਰਿੰਟ ਨਿਕਲਣ ਵਿਚ ਦੇਰੀ ਹੋਈ ਹੈ। ਉਨ੍ਹਾਂ ਵੱਲੋਂ ਗੁਰਾਇਆ ਥਾਣੇ ਵਿਚ ਅੰਬੇਡਕਰ ਸੈਨਾ ਆਫ ਇੰਡੀਆ ਦੇ ਜਿ਼ਲਾ ਜਲੰਧਰ ਦਿਹਾਤੀ ਦੇ ਪ੍ਰਧਾਨ ਗੁਲਸਨ ਮਸੰਦਪੁਰ ਦੇ ਬਿਆਨਾਂ 'ਤੇ ਸੰਜੀਵ ਕੁਮਾਰ ਉਰਫ ਬੰਟੀ ਪੁੱਤਰ ਮੱਖਣ ਰਾਮ ਵਾਸੀ ਪਿੰਡ ਪੱਦੀ ਖਾਲਸਾ ਥਾਣਾ ਗੁਰਾਇਆ ਜਿ਼ਲ੍ਹਾ ਜਲੰਧਰ ਖਿ਼ਲਾਫ ਮੁਕਦਮਾ ਨੰਬਰ 143 ਧਾਰਾ 299,352 ਬੀ. ਐੱਨ. ਐੱਸ. ਤਹਿਤ ਮਾਮਲਾ ਦਰਜ ਕਰਦੇ ਹੋਏ ਅਗਲੇਰੀ ਕਾਰਵਾਈ ਸੁਰੂ ਕਰ ਦਿੱਤੀ ਹੈ।

## ਸੜਕ ਕਿਨਾਰੇ ਤੰਬੂਆਂ 'ਚ ਸੁੱਤੇ ਲੋਕਾਂ 'ਤੇ ਚੜ੍ਹਿਆ ਟਰੱਕ, 5 ਲੋਕਾਂ ਦੀ ਦਰਦਨਾਕ ਮੌਤ

ਤ੍ਰਿਸੂਰ/ਕੇਰਲ 3 ਦਸੰਬਰ। ਕੇਰਲ ਦੇ ਤ੍ਰਿਸੂਰ ਜਿ਼ਲ੍ਹੇ ਵਿਚ ਮੰਗਲਵਾਰ ਤੜਕੇ ਇਕ ਟਰੱਕ ਦੇ ਸੜਕ ਕਿਨਾਰੇ ਲੱਗੇ ਤੰਬੂਆਂ ਵਿਚ ਦਾਖਲ ਹੋ ਜਾਣ ਕਾਰਨ ਉਥੇ ਸੁੱਤੇ 2 ਬੱਚਿਆਂ ਸਮੇਤ ਘੱਟੋ-ਘੱਟ 5 ਲੋਕਾਂ ਦੀ ਮੌਤ ਹੋ ਗਈ ਅਤੇ 6 ਹੋਰ ਜਖਮੀ ਹੋ ਗਏ। ਪੁਲਸ ਨੇ ਇਹ ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ ਖਾਨਾਬਦੋਸ ਲੋਕ ਵਲਪੜ ਥਾਣਾ ਖੇਤਰ ਦੇ ਅਧੀਨ ਨਟਿਕਾ ਵਿਖੇ ਰਾਸਟਰੀ ਰਾਜਮਾਰਗ ਦੇ ਕੰਢੇ ਆਪਣੇ ਤੰਬੂਆਂ ਵਿੱਚ ਸੌਂ ਰਹੇ ਸਨ, ਜਦੋਂ ਸਵੇਰੇ 4.30 ਵਜੇ ਟਰੱਕ ਨੇ ਉਨ੍ਹਾਂ ਨੂੰ ਕੁਚਲ ਦਿੱਤਾ। ਉਨ੍ਹਾਂ ਦੱਸਿਆ ਕਿ ਮ੍ਰਿਤਕਾਂ ਵਿੱਚ ਡੇਢ ਸਾਲ ਅਤੇ 4 ਸਾਲ ਦੇ 2 ਬੱਚੇ ਅਤੇ 2 ਔਰਤਾਂ ਸਾਮਲ ਹਨ। ਉਸ ਨੇ ਦੱਸਿਆ ਕਿ ਟਰੱਕ ਕੰਨੂਰ ਤੋਂ ਲੱਕੜ ਲਿਆ ਰਿਹਾ ਸੀ ਅਤੇ ਹਾਦਸੇ ਦੇ ਸਮੇਂ ਇਸ ਨੂੰ ਇੱਕ ਸਹਾਇਕ ਚਲਾ ਰਿਹਾ ਸੀ, ਜਿਸ ਕੋਲ ਲਾਇਸੈਂਸ ਨਹੀਂ ਸੀ। ਇੱਕ ਸੀਨੀਅਰ ਪੁਲਸ ਅਧਿਕਾਰੀ ਨੇ ਇੱਥੇ ਪੱਤਰਕਾਰਾਂ ਨੂੰ ਦੱਸਿਆ, ਦੋਵੇਂ ਨਸ਼ੇ ਵਿਚ ਸਨ। ਉਨ੍ਹਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ। ਤ੍ਰਿਸੂਰ ਸਹਿਰ ਦੇ ਪੁਲਸ ਕਮਿਸਨਰ ਆਰ ਇਲਾਂਗੋ ਨੇ ਹਾਦਸੇ ਵਾਲੀ ਥਾਂ ਦਾ ਦੌਰਾ ਕੀਤਾ। ਉਨ੍ਹਾਂ ਕਿਹਾ ਕਿ ਭਾਰਤੀ ਨਿਆਂ ਸੰਹਿਤਾ (ਬੀ.ਐੱਨ.ਐੱਸ.) ਦੀ ਗੈਰ-ਜਮਾਨਤੀ ਵਿਵਸਥਾ ਦੇ ਤਹਿਤ ਗੈਰ-ਇਰਾਦਤਨ ਕਤਲ ਦਾ ਮਾਮਲਾ ਦਰਜ ਕੀਤਾ ਗਿਆ ਹੈ। ਪੁਲਸ ਕਮਿਸਨਰ ਨੇ ਦੱਸਿਆ ਕਿ ਇਸ ਜੁਰਮ ਲਈ 10 ਸਾਲ




ਦੀ ਸਜਾ ਦੀ ਵਿਵਸਥਾ ਹੈ। ਇਕ ਹੋਰ ਅਧਿਕਾਰੀ ਨੇ ਦੱਸਿਆ ਕਿ ਚਸਮਦੀਦਾਂ ਮੁਤਾਬਕ ਵਾਹਨ ਤੇਜ ਰਫਤਾਰ ਨਾਲ ਜਾ ਰਿਹਾ ਸੀ ਅਤੇ ਹਾਦਸੇ ਤੋਂ ਬਾਅਦ ਡਰਾਈਵਰ ਅਤੇ ਯਾਤਰੀ ਨੇ ਭੱਜਣ ਦੀ ਕੋਸਿ਼ਸ ਕੀਤੀ ਸੀ। ਸਥਾਨਕ ਲੋਕਾਂ ਨੇ ਉਨ੍ਹਾਂ ਨੂੰ ਫੜ ਲਿਆ ਅਤੇ ਪੁਲਸ ਦੇ ਹਵਾਲੇ ਕਰ ਦਿੱਤਾ। ਜਿ਼ਲ੍ਹਾ ਮੈਜਿਸਟਰੇਟ ਅਰਜੁਨ ਪਾਂਡੀਅਨ ਨੇ ਵੀ ਮੌਕੇ ਦਾ ਦੌਰਾ ਕੀਤਾ। ਉਨ੍ਹਾਂ ਨੇ ਮੀਡੀਆ ਨੂੰ ਦੱਸਿਆ ਕਿ ਸਾਰੇ ਜਖਮੀਆਂ ਦਾ ਤ੍ਰਿਸੂਰ ਮੈਡੀਕਲ ਕਾਲਜ 'ਚ ਇਲਾਜ ਚੱਲ ਰਿਹਾ ਹੈ ਅਤੇ ਜਖਮੀਆਂ 'ਚੋਂ ਦੋ ਦੀ ਹਾਲਤ ਗੰਭੀਰ ਬਣੀ ਹੋਈ ਹੈ। ਉਨ੍ਹਾਂ ਕਿਹਾ ਕਿ ਪੋਸਟਮਾਰਟਮ ਤੋਂ ਬਾਅਦ ਲਾਸਾਂ ਵਾਰਸਾਂ ਨੂੰ ਸੌਂਪ ਦਿੱਤੀਆਂ ਜਾਣਗੀਆਂ। ਪੁਲਸ ਤੋਂ ਇਸ ਸਬੰਧੀ ਵਿਸਥਾਰਤ ਰਿਪੋਰਟ ਮੰਗੀ ਗਈ ਹੈ। ਸੂਬੇ ਦੇ ਮਾਲ ਮੰਤਰੀ ਕੇ. ਰਾਜਨ ਨੇ ਦੱਸਿਆ ਕਿ ਪੁਲਸ ਅਤੇ ਜਿ਼ਲ੍ਹਾ ਮੈਜਿਸਟ੍ਰੇਟ ਤੋਂ ਇਸ ਸਬੰਧੀ ਵਿਸਥਾਰਤ ਰਿਪੋਰਟ ਮੰਗੀ ਗਈ ਹੈ। ਇਸ ਘਟਨਾ ਨੂੰ ਮੰਦਭਾਗਾ ਦੱਸਦੇ ਹੋਏ ਰਾਜਨ ਨੇ ਕਿਹਾ ਕਿ ਪੁਲਸ ਦੀ ਮੁਢਲੀ ਜਾਂਚ ਮੁਤਾਬਕ ਡਰਾਈਵਰ ਅਤੇ ਯਾਤਰੀ ਨੇ ਗੰਭੀਰ ਗਲਤੀ ਕੀਤੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਹਾਲਾਤਾਂ ਦੇ ਸਬੰਧ ਵਿਚ ਵੀ ਜਾਂਚ ਕੀਤੀ ਜਾਵੇਗੀ, ਜਿਨ੍ਹਾਂ ਕਾਰਨ ਪੀੜਤਾਂ ਨੂੰ ਸੜਕ ਕਿਨਾਰੇ ਸੌਣ ਲਈ ਮਜਬੂਰ ਹੋਣਾ ਪਿਆ।

## ਪੰਜਾਬ ਦੇ ਮੌਸਮ ਨਾਲ ਜੁੜੀ ਭਵਿੱਖਬਾਣੀ; ਪੂਰਾ ਹਫਤਾ ਕਿਵੇਂ ਦਾ ਰਹੇਗਾ ਮੌਸਮ

ਲੁਧਿਆਣਾ/ਚੰਡੀਗੜ੍ਹ 3 ਦਸੰਬਰ। ਨਵੰਬਰ ਦਾ ਮਹੀਨਾ ਖਤਮ ਹੋਣ ਵਾਲਾ ਹੈ, ਪਰ ਪੰਜਾਬ ਵਿਚ ਅਜੇ ਵੀ ਨਾ ਤਾਂ ਖੁੱਲ੍ਹ ਕੇ ਠੰਡ ਪਈ ਹੈ ਤੇ ਨਾ ਹੀ ਬਰਸਾਤ ਹੋਈ ਹੈ। ਇਸ ਮਹੀਨੇ ਦੀ ਗੱਲ ਕਰੀਏ ਤਾਂ ਤਕਰੀਬਨ 99 ਫੀਸਦੀ ਘੱਟ ਬਾਰਿਸ਼ ਹੋਈ ਹੈ। ਮੌਸਮ ਵਿਭਾਗ ਮੁਤਾਬਕ ਅੱਜ ਪੰਜਾਬ ਵਿਚ ਧੁੰਦ ਦਾ ਅਲਰਟ ਨਹੀਂ ਹੈ। ਕੱਲ ਯਾਨੀ ਬੁੱਧਵਾਰ ਤੋਂ ਇਲਾਕੇ ਵਿਚ ਧੁੰਦ ਦਾ ਅਸਰ ਵੇਖਣ ਨੂੰ ਮਿਲੇਗਾ। ਤਾਪਮਾਨ ਵਿਚ ਹੌਲੀ-ਹੌਲੀ ਗਿਰਾਵਟ ਹੋ ਰਹੀ ਹੈ, ਜਿਸ ਨਾਲ ਹਲਕੀ-ਹਲਕੀ ਠੰਡ ਵੱਧਣੀ ਸ਼ੁਰੂ ਹੋ ਗਈ ਹੈ। ਬੀਤੇ ਦਿਨੀਂ ਪੰਜਾਬ ਦੇ ਤਾਪਮਾਨ ਵਿਚ 1.2 ਡਿਗਰੀ ਗਿਰਾਵਟ ਦਰਜ ਕੀਤੀ ਗਈ। ਇਸ ਵਾਰ ਸਿਰਫ ਪੰਜਾਬ ਹੀ ਨਹੀਂ ਸਗੋਂ ਬਾਕੀ ਇਲਾਕਿਆਂ ਵਿਚ ਵੀ ਠੰਡ ਘੱਟ ਪੈ ਰਹੀ ਹੈ। ਮੌਸਮ ਵਿਗਿਆਨ ਕੇਂਦਰ ਮੁਤਾਬਕ ਪੰਜਾਬ-ਚੰਡੀਗੜ੍ਹ ਨਾਲ ਲਗਦੇ ਪਹਾੜੀ ਇਲਾਕਿਆਂ ਵਿਚ ਬਰਫਬਾਰੀ



ਆਮ ਨਾਲੋਂ ਕਾਫੀ ਘੱਟ ਹੋਈ ਹੈ। ਇਸੇ ਕਾਰਨ ਉੱਤਰ ਭਾਰਤ ਵਿਚ ਤਾਪਮਾਨ ਆਮ ਨਾਲੋਂ ਕਾਫੀ ਘੱਟ ਹੈ। ਮੌਸਮ ਵਿਭਾਗ ਮੁਤਾਬਕ ਅਗਲੇ ਹਫਤੇ ਤਕ ਕਿਸੇ ਵੈਸਟਰਨ ਡਿਸਟਰਬੈਂਸ ਦੇ ਵੀ ਐਕਟਿਵ ਹੋਣ ਦੇ ਆਸਾਰ ਨਹੀਂ ਹਨ, ਜਿਸ ਕਾਰਨ ਪੰਜਾਬ ਵਿਚ ਬਾਰਿਸ਼ ਦੇ ਆਸਾਰ ਨਹੀਂ ਹੈ। ਵਿਭਾਗ ਮੁਤਾਬਕ ਤਾਪਮਾਨ ਵਿਚ ਗਿਰਾਵਟ ਤਾਂ ਆਵੇਗੀ, ਪਰ ਬਾਰਿਸ਼ ਹੋਣ ਦਾ ਅਨੁਮਾਨ ਨਹੀਂ ਹੈ। ਪੰਜਾਬ ਵਾਸੀਆਂ ਲਈ ਰਾਹਤ ਭਰੀ ਗੱਲ ਇਹ ਹੈ ਕਿ ਸੂਬੇ ਵਿਚ ਪ੍ਰਦੂਸ਼ਣ ਦਾ ਪੱਧਰ ਲਗਾਤਾਰ ਘੱਟ ਰਿਹਾ ਹੈ। ਦੂਜੇ ਪਾਸੇ ਚੰਡੀਗੜ੍ਹ ਵਿਚ ਸਥਿਤੀ ਖਤਰਨਾਕ ਬਣੀ ਹੋਈ ਹੈ। ਚੰਡੀਗੜ੍ਹ ਦੇ ਕਈ ਇਲਾਕਿਆਂ ਵਿਚ ਤਾਂ 300 ਤਕ ਪਹੁੰਚ ਚੁੱਕਿਆ ਹੈ। ਕੁਝ ਹਫਤੇ ਪਹਿਲਾਂ 300 ਪਾਰ ਚੱਲ ਰਿਹਾ ਸੀ, ਜੋ ਹੁਣ 118 ਤਕ ਪਹੁੰਚ ਗਿਆ ਹੈ। ਇਸੇ ਤਰ੍ਹਾਂ ਖੰਨਾ ਵਿਚ ਵਿਚ 191, ਪਟਿਆਲਾ ਵਿਚ 184, ਜਲੰਧਰ ਵਿਚ 151, ਲੁਧਿਆਣਾ ਵਿਚ 138, ਰੂਪਨਗਰ ਵਿਚ 123 ਅਤੇ ਬਠਿੰਡਾ ਵਿਚ 117 ਦਰਜ ਕੀਤਾ ਗਿਆ ਹੈ। ਅਜੇ ਵੀ ਮੰਡੀ ਗੋਬਿੰਦਗੜ੍ਹ ਸੂਬੇ ਦਾ ਸਭ ਤੋਂ ਪ੍ਰਦੂਸ਼ਿਤ ਸ਼ਹਿਰ ਬਣਿਆ ਹੋਇਆ ਹੈ, ਜਿੱਥੇ 207 ਦਰਜ ਕੀਤਾ ਗਿਆ ਹੈ।

## ਰਾਜਸਥਾਨ: ਵਿਦਿਆਰਥੀ ਨੇ ਮਾਲ ਦੀ ਤੀਜੀ ਮੰਜਿਲ ਤੋਂ ਛਾਲ ਮਾਰ ਕੇ ਕੀਤੀ ਖੁਦਕੁਸੀ

ਜੈਪੁਰ 3 ਦਸੰਬਰ। ਰਾਜਸਥਾਨ ਦੇ ਉਦੈਪੁਰ ਜਿ਼ਲ੍ਹੇ ਦੇ ਸੁਖੇਰ ਥਾਣਾ ਖੇਤਰ ਵਿਚ ਮੰਗਲਵਾਰ ਨੂੰ ਇਕ ਵਿਦਿਆਰਥੀ ਨੇ ਇਕ ਮਾਲ ਦੀ ਤੀਜੀ ਮੰਜਿ਼ਲ ਤੋਂ ਛਾਲ ਮਾਰ ਕੇ ਕਥਿਤ ਤੌਰ 'ਤੇ ਖੁਦਕੁਸੀ ਕਰ ਲਈ। ਥਾਣਾ ਮੁਖੀ ਹਿਮਾਂਸੂ



ਸਿੰਘ ਰਾਜਾਵਤ ਨੇ ਦੱਸਿਆ ਕਿ 11ਵੀਂ ਜਮਾਤ ਦੇ ਵਿਦਿਆਰਥੀ ਕ੍ਰਿਸ ਪਾਮੇਚਾ (17) ਨੇ ਮੰਗਲਵਾਰ ਨੂੰ ਸਹਿਰ ਦੇ ਸੈਲੀਬ੍ਰੇਸਨ ਮਾਲ ਦੀ ਤੀਜੀ ਮੰਜਿ਼ਲ ਤੋਂ ਛਾਲ ਮਾਰ ਦਿੱਤੀ, ਜਿਸ ਕਾਰਨ ਉਸ ਦੀ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਵਿਦਿਆਰਥੀ ਕੋਲੋਂ ਕੋਈ ਸੁਸਾਈਡ ਨੋਟ ਬਰਾਮਦ ਨਹੀਂ ਹੋਇਆ ਅਤੇ ਮੁੱਢਲੀ ਜਾਂਚ ਵਿੱਚ ਮਾਮਲਾ ਖੁਦਕੁਸੀ ਦਾ ਲੱਗ ਰਿਹਾ ਹੈ। ਅਧਿਕਾਰੀ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਕਿ ਵਿਦਿਆਰਥੀ ਬਾਈਕ 'ਤੇ ਮਾਲ 'ਚ ਆਇਆ ਸੀ ਅਤੇ ਬਾਈਕ ਪਾਰਕ ਕਰਨ ਤੋਂ ਬਾਅਦ ਉਹ ਮਾਲ ਦੀ ਤੀਜੀ ਮੰਜਿ਼ਲ 'ਤੇ ਪਹੁੰਚ ਗਿਆ ਅਤੇ ਉਥੋਂ ਛਾਲ ਮਾਰ ਦਿੱਤੀ। ਉਨ੍ਹਾਂ ਦੱਸਿਆ ਕਿ ਵਿਦਿਆਰਥੀ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਉਨ੍ਹਾਂ ਦੱਸਿਆ ਕਿ ਮ੍ਰਿਤਕ ਵਿਦਿਆਰਥੀ ਦਾ ਪੋਸਟਮਾਰਟਮ ਕਰਵਾਇਆ ਜਾ ਰਿਹਾ ਹੈ ਅਤੇ ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ।

## ਹਾਈਵੇ 'ਤੇ ਲੁਟੇਰਾ ਗਿਰੋਹ ਸਰਗਰਮ, ਪੁਲਸ ਮੁਲਾਜਮ ਦੇ ਰਿਸ਼ਤੇਦਾਰ ਸਮੇਤ ਪ੍ਰਵਾਸੀ ਨੂੰ ਬਣਾਇਆ ਨਿਸ਼ਾਨਾ

ਜਲੰਧਰ 3 ਦਸੰਬਰ। ਜਲੰਧਰ ਹਾਈਵੇ 'ਤੇ ਖੁਦ ਨੂੰ ਪੁਲਸ ਮੁਲਾਜਮ ਦੱਸ ਕੇ ਲੋਕਾਂ ਦੇ ਵਾਹਨ ਰੋਕ ਉਨ੍ਹਾਂ ਨੂੰ ਆਪਣੀ ਸਵਿਫਟ ਡਿਜਾਇਰ ਗੱਡੀ ਵਿਚ ਜਬਰਦਸਤੀ ਬਿਠਾ ਕੇ ਲੁੱਟਣ ਤੋਂ ਬਾਅਦ ਕੁਝ ਦੂਰੀ 'ਤੇ ਸੁੱਟਣ ਵਾਲਾ ਲੁਟੇਰਾ ਗਿਰੋਹ ਸਰਗਰਮ ਹੈ। ਇਨ੍ਹਾਂ ਲੁਟੇਰਿਆਂ ਦੇ ਗਿਰੋਹ ਨੇ 2 ਦਿਨਾਂ ਵਿਚ ਪੁਲਸ ਮੁਲਾਜਮ ਦੇ ਰਿਸ਼ਤੇਦਾਰ ਸਮੇਤ ਲੇਬਰ ਦਾ ਕੰਮ ਕਰਨ ਵਾਲੇ ਪ੍ਰਵਾਸੀ ਤੱਕ ਨੂੰ ਲੁੱਟ ਲਿਆ। ਜਿਸ ਮੋਬਾਈਲ ਵਿਚ ਗੂਗਲ ਪੇਅ ਜਾਂ ਪੇਟੀਅਮ ਹੁੰਦਾ ਹੈ, ਲੁਟੇਰੇ ਉਸਦਾ ਪਾਸਵਰਡ ਵੀ ਲੈ ਰਹੇ ਹਨ। ਥਾਣਾ ਨੰਬਰ 8 ਵਿਚ ਇਸ ਸਬੰਧੀ ਸ਼ਿਕਾਇਤਾਂ ਦੇ ਦਿੱਤੀਆਂ ਗਈਆਂ ਹਨ। ਪਹਿਲੇ ਮਾਮਲੇ ਬਾਰੇ ਜਾਣਕਾਰੀ ਦਿੰਦਿਆਂ ਰਵੀ ਕੁਮਾਰ ਨਿਵਾਸੀ ਬੁਲੰਦਪੁਰ ਨੇ ਦੱਸਿਆ ਕਿ ਬੀਤੀ ਰਾਤ ਉਹ ਆਪਣੇ ਸਾਥੀ ਨਾਲ ਮੋਟਰਸਾਈਕਲ 'ਤੇ ਕੈਂਟ ਵਿਚ ਇਕ ਵਿਆਹ ਵਿਚ ਕੰਮ ਕਰ ਕੇ ਘਰ ਮੁੜ ਰਿਹਾ ਸੀ। ਟਰਾਂਸਪੋਰਟ ਚੌਕ ਵਿਚ ਪਹੁੰਚੇ ਤਾਂ ਉਨ੍ਹਾਂ ਪਿਸ਼ਾਬ ਕਰਨ ਲਈ ਮੋਟਰਸਾਈਕਲ ਰੋਕ ਲਿਆ। ਇਸੇ ਦੌਰਾਨ ਇਕ ਸਵਿਫਟ ਡਿਜਾਇਰ ਉਨ੍ਹਾਂ ਕੋਲ ਆ ਕੇ ਰੁਕੀ, ਜਿਸ ਵਿਚੋਂ ਕੁਝ ਨੌਜਵਾਨ ਬਾਹਰ ਨਿਕਲੇ ਅਤੇ ਖੁਦ ਨੂੰ ਪੁਲਸ ਕਰਮਚਾਰੀ ਦੱਸ ਕੇ ਰਸਤੇ ਵਿਚ ਮੋਟਰਸਾਈਕਲ ਖੜ੍ਹਾ ਕਰਨ 'ਤੇ 10 ਹਜਾਰ ਦਾ ਚਲਾਨ ਕੱਟਣ ਬਾਰੇ ਕਹਿਣ ਲੱਗੇ। ਰਵੀ ਨੇ ਇੰਨੇ ਪੈਸੇ ਨਾ ਹੋਣ ਦੀ ਗੱਲ ਕਹੀ ਤਾਂ ਉਕਤ ਨਕਲੀ ਪੁਲਸ ਕਰਮਚਾਰੀਆਂ ਨੇ ਕਾਰ ਵਿਚ ਮਹਿਲਾ ਇੰਸਪੈਕਟਰ ਦੇ ਬੈਠੇ ਹੋਣ ਬਾਰੇ ਦੱਸਿਆ ਅਤੇ ਕਿਹਾ ਕਿ ਉਹ ਬਹੁਤ ਸਖਤ ਅਫਸਰ ਹੈ। ਜੇਕਰ ਡੀਲ ਨਾ ਕੀਤੀ ਤਾਂ ਉਹ ਜੇਲ੍ਹ ਵਿਚ ਸੁੱਟ ਦੇਵੇਗੀ। ਉਸ ਨੇ ਵਿਰੋਧ ਕੀਤਾ ਤਾਂ 2 ਨੌਜਵਾਨਾਂ ਨੇ ਰਵੀ ਨੂੰ ਜਬਰਦਸਤੀ ਗੱਡੀ ਵਿਚ ਸੁੱਟਣ ਦੀ ਕੋਸ਼ਿਸ਼ ਕੀਤੀ। ਉਸਦੇ ਸਾਥੀ ਨੇ ਬਚਾਉਣਾ ਚਾਹਿਆ ਤਾਂ ਉਕਤ ਨੌਜਵਾਨਾਂ ਨੇ ਉਸ ਨੂੰ ਧਮਕੀ ਦੇ ਕੇ ਭਜਾ ਦਿੱਤਾ, ਜਦੋਂਕਿ ਉਸ ਨੂੰ ਜਬਰਦਸਤੀ



ਗੱਡੀ ਵਿਚ ਬਿਠਾ ਕੇ ਸੁੱਚੀ ਪਿੰਡ ਵਾਲੀ ਸਾਈਡ ਲੈ ਗਏ, ਜਿਨ੍ਹਾਂ ਨੇ ਸੁੰਨਸਾਨ ਜਗ੍ਹਾ ਦੇਖ ਕੇ ਤਲਾਸ਼ੀ ਲਈ ਪਰ ਕੋਈ ਪੈਸਾ ਨਾ ਮਿਲਣ 'ਤੇ ਮੋਬਾਈਲ ਅਤੇ ਡਰਾਈਵਿੰਗ ਲਾਇਸੈਂਸ ਲੈ ਲਿਆ। ਮੋਬਾਈਲ ਵਿਚ ਗੂਗਲ ਪੇਅ ਦਾ ਪਾਸਵਰਡ ਮੰਗਣ 'ਤੇ ਵੀ ਰਵੀ ਨੇ ਮਨ੍ਹਾ ਕੀਤਾ ਤਾਂ ਉਸ ਨਾਲ ਕੁੱਟਮਾਰ ਕੀਤੀ ਗਈ, ਜਿਸ ਕਾਰਨ ਰਵੀ ਨੂੰ ਪਾਸਵਰਡ ਦੇਣਾ ਪਿਆ। ਮੁਲਜਮ ਉਸ ਨੂੰ ਉਥੇ ਹੀ ਸੁੱਟ ਕੇ ਫਰਾਰ ਹੋ ਗਏ। ਇਸ ਗਿਰੋਹ ਵਿਚ ਇਕ ਔਰਤ ਵੀ ਸ਼ਾਮਲ ਹੈ। ਇਸੇ ਲੁਟੇਰਾ ਗਿਰੋਹ ਨੇ ਵਿਆਹ ਸਮਾਰੋਹ ਤੋਂ ਮੁੜ ਰਹੇ ਪੁਲਸ ਕਰਮਚਾਰੀ ਦੇ ਰਿਸ਼ਤੇਦਾਰਾਂ ਦੀ ਗੱਡੀ ਨੂੰ ਟੱਕਰ ਮਾਰ ਕੇ ਰੋਕ ਲਿਆ ਅਤੇ ਜਬਰਦਸਤੀ ਗੱਡੀ ਵਿਚ ਸੁੱਟ ਕੇ ਸਬਜੀ ਮੰਡੀ ਮਕਸੂਦਾਂ ਨੇੜੇ ਲਿਜਾ ਕੇ ਪੈਸੇ ਲੁੱਟ ਕੇ ਫਰਾਰ ਹੋ ਗਏ। ਦੋਵੇਂ ਸ਼ਿਕਾਇਤਾਂ ਥਾਣਾ ਨੰਬਰ 8 ਦੀ ਪੁਲਸ ਨੂੰ ਦੇ ਦਿੱਤੀਆਂ ਗਈਆਂ ਹਨ।

### ਪੈਸਾ ਇਨਵੈਸਟ ਕਰਾਉਣ ਦੇ ਨਾਂ 'ਤੇ ਮਾਰ ਲਈ 72 ਲੱਖ ਦੀ ਠੱਗੀ

ਫਰੀਦਕੋਟ 3 ਦਸੰਬਰ। ਸਥਾਨਕ ਕੈਂਟ ਵਿਖੇ ਸਥਿਤ ਮਿਲਟਰੀ ਹਸਪਤਾਲ ਦੇ ਇਕ ਆਰਮੀ ਅਧਿਕਾਰੀ ਪਾਸੋਂ ਸਾਈਬਰ ਠੱਗ ਵੱਲੋਂ ਵੱਖੋਂ-ਵੱਖ ਐਂਟਰੀਆਂ ਕਰਵਾ ਕੇ 72 ਲੱਖ ਰੁਪਏ ਠੱਗ ਲੈਣ ਦਾ ਮਾਮਲਾ ਸਾਹਮਣੇ ਆਇਆ ਹੈ। ਸ਼ਿਕਾਇਤ ਕਰਤਾ ਆਰਮੀ ਅਧਿਕਾਰੀ ਸੁਰਜੀਤ ਮੁੰਡਲ ਵਾਸੀ ਪਿੰਡ ਤੇ ਡਾਕਖਾਨਾ ਨਿਤਆਨੰਦਪੁਰ, ਜ਼ਿਲ੍ਹਾ ਬਾਕੂੜਾ, ਪੱਛਮੀ ਬੰਗਾਲ ਦੀ ਸ਼ਿਕਾਇਤ 'ਤੇ ਸਥਾਨਕ ਥਾਣਾ ਸਿਟੀ ਵਿਖੇ ਅਣਪਛਾਤੇ ਠੱਗ ਖਿਲਾਫ਼ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਆਰਮੀ ਅਧਿਕਾਰੀ ਨੇ ਸ਼ਿਕਾਇਤ 'ਚ ਦੱਸਿਆ ਕਿ ਸਾਈਬਰ ਠੱਗ ਨੇ ਆਪਣੀ ਫੇਕ ਐਪ 'ਚ ਪੈਸਾ ਇਨਵੈਸਟ ਕਰਨ ਦਾ ਝਾਂਸਾ ਦੇ ਵੱਖ-ਵੱਖ ਐਂਟਰੀਆਂ ਰਾਹੀਂ ਉਸ ਪਾਸੋਂ 72 ਲੱਖ ਰੁਪਏ ਆਪਣੇ ਬੈਂਕ ਖਾਤਿਆਂ 'ਚ ਟਰਾਂਸਫਰ ਕਰਵਾ ਕੇ ਠੱਗੀ ਮਾਰ ਲਈ। ਇਸ ਮਾਮਲੇ 'ਚ ਫਿਲਹਾਲ ਸਥਾਨਕ ਸਾਈਬਰ ਕਰਾਇਮ ਬਰਾਂਚ ਵੱਲੋਂ ਬਰੀਕੀ ਨਾਲ ਪੜਤਾਲ ਕੀਤੀ ਜਾ ਰਹੀ ਹੈ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

## ਭਿਆਨਕ ਹਾਦਸੇ ‘ਚ 5 ਦੋਸਤਾਂ ਦੀ ਮੌਤ, ਕਾਰ ਨੂੰ ਕਟਰ ਨਾਲ ਕੱਟ ਕੇ ਕੱਢੀਆਂ ਲਾਸ਼ਾਂ

ਸਰਗੁਜਾ 3 ਦਸੰਬਰ। ਛੱਤੀਸਗੜ੍ਹ ਦੇ ਸਰਗੁਜਾ ਜ਼ਿਲ੍ਹੇ ‘ਚ ਦਰਦਨਾਕ ਹਾਦਸਾ ਸਾਹਮਣੇ ਆਇਆ ਹੈ। ਇੱਥੋਂ ਦੇ ਉਦੈਪੁਰ ਇਲਾਕੇ ਦੇ ਗੁਮਗਾ ਵਿਚ ਸਕੋਡਾ ਕਾਰ ਅਤੇ ਟਰੱਕ ਵਿਚਾਲੇ ਭਿਆਨਕ ਟੱਕਰ ਹੋ ਗਈ, ਜਿਸ ਵਿਚ 5 ਦੋਸਤਾਂ ਦੀ ਮੌਤ ਹੋ ਗਈ। ਟਰੱਕ ਅਤੇ ਕਾਰ ਦੀ ਟੱਕਰ ਮਗਰੋਂ ਕਾਰ ਵਿਚ ਸਵਾਰ 4 ਲੋਕਾਂ ਦੀ ਮੌਕੇ ‘ਤੇ ਮੌਤ ਹੋ ਗਈ, ਜਦਕਿ ਇਕ ਦੀ ਹਾਲਤ ਬੇਹੱਦ ਨਾਜ਼ੁਕ ਸੀ, ਜਿਸ ਦੀ ਮੈਡੀਕਲ ਕਾਲਜ ਲੈ ਜਾਂਦੇ ਸਮੇਂ ਰਾਹ ਵਿਚ ਹੀ ਮੌਤ ਹੋ ਗਈ। ਸਕੋਡਾ ਸਵਾਰਾਂ ਦੀ ਪਛਾਣ ਰਾਏਪੁਰ ਵਾਸੀ ਵਜੋਂ ਹੋਈ ਹੈ। ਹਾਦਸੇ ਦਾ ਸ਼ਿਕਾਰ ਹੋਏ ਸਕੋਡਾ ਕਾਰ ‘ਚ ਸਵਾਰ ਤਿੰਨ ਨੌਜਵਾਨਾਂ ਦੇ ਨਾਂ ਦਿਨੇਸ਼ ਸਾਹੂ, ਸੰਜੀਵ ਅਤੇ ਰਾਹੁਲ ਦੱਸੇ ਗਏ ਹਨ। ਜਦਕਿ ਦੋ ਹੋਰਾਂ ਦੀ ਪਛਾਣ ਨਹੀਂ ਹੋ ਸਕੀ ਹੈ। ਹਾਦਸਾ ਇੰਨਾ ਭਿਆਨਕ ਸੀ ਕਿ ਕਾਰ ਮੋਹਰੇ ਤੋਂ ਪੂਰੀ ਤਰ੍ਹਾਂ ਨੁਕਸਾਨੀ ਗਈ। ਕਾਰ ਦੇ ਅੰਦਰ ਬੁਰੀ ਤਰ੍ਹਾਂ ਫਸੇ ਨੌਜਵਾਨਾਂ ਨੂੰ ਉਦੋਂ ਹੀ ਕੱਢਿਆ ਜਾ ਸਕਿਆ, ਜਦੋਂ ਕਾਰ ਨੂੰ ਕਟਰ ਨਾਲ ਕੱਟਿਆ ਗਿਆ। ਇਹ ਘਟਨਾ ਨੈਸ਼ਨਲ ਹਾਈਵੇ-130 ‘ਤੇ ਪਿੰਡ ਗੁਮਗਾ ਵਿਖੇ ਵਾਪਰੀ। ਅੱਜ ਸਵੇਰੇ 5 ਵਜੇ ਅਡਾਨੀ ਗੈਸਟ ਹਾਊਸ ਕੋਲ ਉਦੈਪੁਰ ਨੇੜੇ ਰਾਏਪੁਰ ਤੋਂ ਅੰਬਿਕਾਪੁਰ ਜਾ ਰਹੀ ਇਕ ਤੇਜ ਰਫਤਾਰ ਕਾਰ ਇਕ ਟਰੱਕ ਨਾਲ ਟਕਰਾ ਗਈ, ਜਿਸ ਕਾਰਨ ਇਹ ਭਿਆਨਕ ਹਾਦਸਾ ਵਾਪਰ ਗਿਆ। ਅਜੇ ਤੱਕ ਸਾਰੇ ਮ੍ਰਿਤਕਾਂ ਦੀ ਪਛਾਣ ਨਹੀਂ ਹੋ ਸਕੀ ਹੈ। ਉਦੈਪੁਰ ਪੁਲਸ ਦੀ ਟੀਮ ਘਟਨਾ ਵਾਲੀ ਥਾਂ ‘ਤੇ ਮੌਜੂਦ ਹੈ ਅਤੇ ਜਾਂਚ ਕੀਤੀ ਜਾ ਰਹੀ ਹੈ। ਉਦੈਪੁਰ ਥਾਣਾ ਇੰਚਾਰਜ ਕੁਮਾਰੀ ਚੰਦਰਾਕਰ ਨੇ ਦੱਸਿਆ ਕਿ ਸਾਰੇ ਨੌਜਵਾਨਾਂ ਦੀਆਂ ਲਾਸਾਂ ਨੂੰ ਕਮਿਊਨਿਟੀ ਹੈਲਥ ਸੈਂਟਰ, ਉਦੈਪੁਰ ‘ਚ ਰੱਖਿਆ ਗਿਆ ਹੈ। ਪਰਿਵਾਰਕ ਮੈਂਬਰਾਂ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਹੈ। ਟਰੱਕ ਚਾਲਕ ਮੌਕੇ ਤੋਂ ਫਰਾਰ ਹੋ ਗਿਆ, ਜਿਸ ਦੀ ਭਾਲ ਕੀਤੀ ਜਾ ਰਹੀ ਹੈ।

# 11 ਕਿਲੋ ਹੈਰੋਇਨ ਤੇ 19.25 ਲੱਖ ਦੀ ਡਰੱਗ ਮਨੀ ਕੇਸ ’ਚ ਗ੍ਰਿਫ਼ਤਾਰ 6 ਲੋਕ ਸਬੂਤਾਂ ਦੀ ਘਾਟ ਕਾਰਨ ਬਰੀ

ਜਲੰਧਰ 3 ਦਸੰਬਰ। ਸ਼ਾਹਕੋਟ ਪੁਲਸ ਵੱਲੋਂ 11 ਕਿਲੋ ਦੇ ਲਗਭਗ ਹੈਰੋਇਨ ਅਤੇ 19.25 ਲੱਖ ਰੁਪਏ ਦੀ ਡਰੱਗ ਮਨੀ ਨਾਲ ਗ੍ਰਿਫ਼ਤਾਰ ਕੀਤੇ ਡਰੱਗ ਨੈੱਟਵਰਕ ਦੇ ਮਾਮਲੇ ’ਚ ਮਾਣਯੋਗ ਅਦਾਲਤ ਨੇ ਸਬੂਤਾਂ ਦੀ ਘਾਟ ਕਾਰਨ 6 ਲੋਕਾਂ ਨੂੰ ਬਰੀ ਕਰ ਦਿੱਤਾ। ਇਸ ਕੇਸ ਵਿਚ ਬੀ. ਐੱਸ. ਐੱਫ. ਦੇ ਕਾਂਸਟੇਬਲ ਸਮੇਤ 4 ਲੋਕਾਂ ’ਤੇ ਦੋਸ਼ ਤੈਅ ਹੋਣ ’ਤੇ ਉਨ੍ਹਾਂ ਨੂੰ 15-15 ਸਾਲ ਦੀ ਸਜਾ ਅਤੇ ਸਾਰਿਆਂ ਨੂੰ ਡੇਢ ਲੱਖ ਰੁਪਏ ਜੁਰਮਾਨਾ, ਜਦਕਿ ਜੁਰਮਾਨਾ ਨਾ ਦੇਣ ’ਤੇ 2 ਸਾਲ ਦੀ ਹੋਰ ਸਜਾ ਸੁਣਾਈ ਗਈ ਹੈ। ਸ਼ਾਹਕੋਟ ਪੁਲਸ ਨੇ 2020 ਵਿਚ ਮਲਸੀਆਂ ਵਿਚ ਆਈ-20 ਕਾਰ ਵਿਚੋਂ ਹਰਜਿੰਦਰ ਪਾਲ ਨਿਵਾਸੀ ਫਿਰੋਜਪੁਰ, ਸੰਜੀਵ ਉਰਫ ਮਿੰਟੂ ਨਿਵਾਸੀ ਫਿਰੋਜਪੁਰ, ਕਾਂਸਟੇਬਲ ਬਰਿੰਦਰ ਸਿੰਘ ਨਿਵਾਸੀ ਬਠਿੰਡਾ (ਤਾਇਨਾਤੀ ਰਾਜਸਥਾਨ) ਅਤੇ ਰਣਜੀਤ ਸਿੰਘ ਨਿਵਾਸੀ ਫਿਰੋਜਪੁਰ ਨੂੰ 11 ਕਿਲੋ ਹੈਰੋਇਨ ਨਾਲ ਗ੍ਰਿਫ਼ਤਾਰ ਕੀਤਾ ਸੀ। ਉਸ ਤੋਂ 11.25 ਲੱਖ ਰੁਪਏ ਡਰੱਗ ਮਨੀ ਦੇ ਮਿਲੇ ਸਨ, ਜਿਨ੍ਹਾਂ ਕੋਲੋਂ ਪੁੱਛਗਿੱਛ ਤੋਂ ਬਾਅਦ ਕਾਂਸਟੇਬਲ ਤੋਂ ਹੈਰੋਇਨ ਲੈਣ ਵਾਲੇ ਕਿਸ਼ਨ ਸਿੰਘ ਨਿਵਾਸੀ ਗੰਗਾਨਗਰ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਇਸ ਤੋਂ ਬਾਅਦ ਪੁਲਸ ਨੇ ਜਗਮੋਹਨ ਸਿੰਘ ਨਿਵਾਸੀ ਗੰਗਾਨਗਰ ਨੂੰ ਵੀ ਇਸ ਨੈੱਟਵਰਕ ਦਾ ਹਿੱਸਾ ਦੱਸਦੇ ਹੋਏ ਗ੍ਰਿਫ਼ਤਾਰ ਕਰ ਲਿਆ ਸੀ। ਉਥੇ ਹੀ ਸ਼ਾਹਕੋਟ ਪੁਲਸ ਨੇ ਇਕ ਹੋਰ ਨਾਕਾਬੰਦੀ ਦੌਰਾਨ ਬਲਕਰਨ ਬੱਲੀ ਨਿਵਾਸੀ ਗੰਗਾਨਗਰ ਅਤੇ ਕਮਲਪ੍ਰੀਤ ਨੂੰ 18 ਲੱਖ ਰੁਪਏ ਦੀ ਡਰੱਗ ਮਨੀ ਅਤੇ ਚਾਈਨੀਜ ਪਿਸਟਲ ਸਮੇਤ ਗ੍ਰਿਫ਼ਤਾਰ ਕਰਨ ਦਾ ਦਾਅਵਾ ਕੀਤਾ। ਉਨ੍ਹਾਂ ਨੂੰ ਵੀ ਇਸੇ ਨੈੱਟਵਰਕ ਨਾਲ ਜੋੜਦੇ ਹੋਏ ਦਾਅਵਾ ਕੀਤਾ ਗਿਆ ਸੀ ਕਿ ਉਹ ਜਲੰਧਰ ਦੇ ਅੰਮ੍ਰਿਤਪਾਲ ਸਿੰਘ ਨੂੰ ਅੱਧਾ ਕਿਲੋ ਹੈਰੋਇਨ ਵੇਚ ਕੇ ਆਏ ਸਨ ਅਤੇ ਬਰਾਮਦ ਹੋਏ 18 ਲੱਖ ਰੁਪਏ ਹੈਰੋਇਨ ਵੇਚਣ ’ਤੇ ਮਿਲੇ ਸਨ। ਇਸ ਤੋਂ ਇਲਾਵਾ ਪੁਲਸ ਨੇ ਗਗਨਪ੍ਰੀਤ ਅਤੇ ਜਸਵੀਰ ਜੱਸਾ ਨੂੰ ਵੀ ਨਾਮਜਦ ਕਰ ਲਿਆ ਸੀ। ਜਿਉਂ ਹੀ ਇਹ ਮਾਮਲਾ ਮਾਣਯੋਗ ਜਸਟਿਸ ਰਾਜੀਵ ਕੇ. ਬੇਰੀ ਦੀ ਸਪੈਸ਼ਲ ਕੋਰਟ ਜਲੰਧਰ ਵਿਚ ਪਹੁੰਚਿਆ ਤਾਂ ਅੰਮ੍ਰਿਤਪਾਲ ਸਿੰਘ ਦੇ ਵਕੀਲ ਵਿਵੇਕ ਹਾਂਡਾ ਦੀਆਂ ਦਲੀਲਾਂ ਅਤੇ ਸਬੂਤਾਂ ਨੂੰ ਮੱਦੇਨਜਰ ਰੱਖਦੇ ਹੋਏ ਉਨ੍ਹਾਂ ਅੰਮ੍ਰਿਤਪਾਲ ਸਿੰਘ, ਜਸਵੀਰ ਜੱਸਾ, ਗਗਨਪ੍ਰੀਤ, ਕਮਲਪ੍ਰੀਤ, ਬਲਕਰਨ ਬੱਲੀ ਅਤੇ ਜਗਮੋਹਨ ਸਿੰਘ ਨੂੰ ਬਰੀ ਕਰ ਦਿੱਤਾ। ਪੁਲਸ ਇਨ੍ਹਾਂ ਲੋਕਾਂ ’ਤੇ ਲਾਏ ਦੋਸ਼ਾਂ ਨੂੰ ਸਾਬਿਤ ਨਹੀਂ ਕਰ ਸਕੀ, ਜਦੋਂ ਕਿ ਹੋਰ 5 ਲੋਕਾਂ ’ਤੇ ਦੋਸ਼ ਤੈਅ ਹੋਣ ’ਤੇ ਉਨ੍ਹਾਂ ਨੂੰ ਸਜਾ ਸੁਣਾ ਦਿੱਤੀ ਗਈ।



## ਛੋਟੀ ਬੱਚੀ ਨਾਲ ਬਾਥਰੂਮ ਗਈ ਮਾਂ ਨਾਲ ਗੁਆਂਢੀ ਨੇ ਕੀਤਾ ਸ਼ਰਮਨਾਕ ਕਾਰਾ

ਲੁਧਿਆਣਾ 2 ਦਸੰਬਰ। ਬਾਥਰੂਮ ’ਚ ਬੇਟੀ ਦੀ ਪੋਟੀ ਸਾਫ ਕਰ ਰਹੀ ਔਰਤ ਨੂੰ ਗੁਆਂਢੀ ਨੇ ਬਾਥਰੂਮ ’ਚ ਹੀ ਫੜ ਲਿਆ ਅਤੇ ਉਸ ਨਾਲ ਅਸ਼ਲੀਲ ਹਰਕਤਾਂ ਕਰਨੀਆਂ ਸ਼ੁਰੂ ਕਰ ਦਿੱਤੀਆਂ। ਉਸ ਦੇ ਰੌਲਾ ਪਾਉਣ ’ਤੇ ਮੁਲਜ਼ਮ ਭੱਜ ਗਿਆ। ਉਨ੍ਹਾਂ ਨੇ ਇਸ ਦੀ ਸ਼ਿਕਾਇਤ ਪੁਲਸ ਨੂੰ ਦਿੱਤੀ। ਥਾਣਾ ਡਵੀਜ਼ਨ ਨੰ. 7 ਦੀ ਪੁਲਸ ਨੇ ਪੀੜਤਾ ਦੀ ਸ਼ਿਕਾਇਤ ’ਤੇ ਮੁਲਜ਼ਮ ਸੰਜੇ ਮੰਡਲ ਖਿਲਾਫ ਕੇਸ ਦਰਜ ਕੀਤਾ ਹੈ। ਪੀੜਤਾ ਨੇ ਪੁਲਸ ਨੂੰ ਦੱਸਿਆ ਕਿ ਉਹ ਵਿਹੜੇ ’ਚ ਰਹਿੰਦੇ ਹਨ। ਉਸ ਦੇ ਵਿਹੜੇ ’ਚ ਹੀ ਮੁਲਜ਼ਮ ਕਿਰਾਏ ’ਤੇ ਰਹਿੰਦਾ ਹੈ। ਪੀੜਤਾ ਮੁਤਾਬਕ ਸ਼ਨੀਵਾਰ ਨੂੰ ਉਹ ਬਾਥਰੂਮ ’ਚ ਆਪਣੀ ਛੋਟੀ ਬੇਟੀ ਦੀ ਪੋਟੀ ਸਾਫ ਕਰ ਰਹੀ ਸੀ। ਜਦੋਂ ਉਹ ਹੱਥ ਧੋ ਰਹੀ ਸੀ ਤਾਂ ਮੁਲਜਮ ਨਾਲ ਵਾਲੇ ਬਾਥਰੂਮ ’ਚ ਨਹਾ ਰਿਹਾ ਸੀ। ਮੁਲਜ਼ਮ ਅਚਾਨਕ ਉਸ ਦੇ ਬਾਥਰੂਮ ’ਚ ਆ ਗਿਆ ਅਤੇ ਉਸ ਨਾਲ ਗੰਦੀਆਂ ਹਰਕਤਾਂ ਕਰਨ ਲੱਗ ਗਿਆ। ਉਸ ਨੇ ਰੌਲਾ ਪਾਇਆ ਤਾਂ ਵਿਹੜੇ ’ਚ ਮੌਜੂਦ ਲੋਕਾਂ ਨੇ ਉਸ ਨੂੰ ਛੁਡਵਾਇਆ। ਇਸ ਦੌਰਾਨ ਮੁਲਜ਼ਮ ਫਰਾਰ ਹੋ ਗਿਆ। ਉੱਥੇ ਥਾਣਾ ਡਵੀਜ਼ਨ ਨੰ. 7 ਦੇ ਐੱਸ. ਐੱਚ. ਓ. ਭੁਪਿੰਦਰ ਸਿੰਘ ਨੇ ਦੱਸਿਆ ਕਿ ਔਰਤ ਦੀ ਸ਼ਿਕਾਇਤ ਤੋਂ ਬਾਅਦ ਕੇਸ ਦਰਜ ਕਰ ਲਿਆ ਹੈ ਅਤੇ ਕੁਝ ਹੀ ਘੰਟਿਆਂ ’ਚ ਮੁਲਜ਼ਮ ਸੰਜੇ ਮੰਡਲ ਨੂੰ ਫੜ ਲਿਆ। ਮੁਲਜ਼ਮ ਨੂੰ ਅੱਜ ਅਦਾਲਤ ’ਚ ਪੇਸ਼ ਕੀਤਾ ਜਾਵੇਗਾ।

# ਕੇਲਿਆਂ ਨੇ ਮਰਵਾ ਦਿੱਤਾ ਦੁਕਾਨਦਾਰ

ਖੰਨਾ 3 ਦਸੰਬਰ। ਖੰਨਾ ਵਿਚ ਵੱਡੀ ਵਾਰਦਾਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਦਰਅਸਲ ਖੰਨਾ ਦੇ ਪਿੰਡ ਬੀਜਾ ਵਿਚ ਕੇਲਿਆਂ ਨੂੰ ਲੈ ਕੇ ਹੋਈ ਲੜਾਈ ਨੇ ਖੂਨੀ ਰੂਪ ਧਾਰ ਲਿਆ ਅਤੇ ਕੁੱਟਮਾਰ ਦੌਰਾਨ ਦੁਕਾਨਦਾਰ ਦੀ ਜਾਨ ਚਲੀ ਗਈ। ਮਾਮੂਲੀ ਗੱਲ ਨੂੰ ਲੈ ਕੇ ਹੋਏ ਝਗੜੇ ਵਿਚ ਦੋਸ਼ੀ ਨੇ ਆਪਣੇ ਬੇਟਿਆਂ ਨੂੰ ਬੁਲਾਇਆ ਅਤੇ ਝਗੜਾ ਵਧ ਗਿਆ। ਇਸ ਦੌਰਾਨ 50 ਸਾਲਾ ਫਰੂਟ ਕਾਰੋਬਾਰੀ ਤੇਜਿੰਦਰ ਸਿੰਘ ਬੌਬੀ ਦੇ ਸਿਰ ‘ਤੇ ਹਮਲਾ ਕੀਤਾ ਗਿਆ। ਬੌਬੀ ਪਹਿਲਾਂ ਹੀ ਹਾਰਟ ਦਾ ਮਰੀਜ ਸੀ ਅਤੇ ਉਸ ਦੀ ਮੌਕੇ ਉਤੇ ਹੀ ਮੌਤ ਹੋ ਗਈ। ਦੁਕਾਨ ’ਤੇ ਕੰਮ ਕਰਨ ਵਾਲੇ ਚੰਦੇਸਵਰ ਕੁਮਾਰ ਨੇ ਦੱਸਿਆ ਕਿ ਸ਼ੁੱਕਰਵਾਰ ਰਾਤ ਜਦੋਂ ਮਾਲਕ ਤੇਜਿੰਦਰ ਬੌਬੀ ਦੁਕਾਨ ’ਤੇ ਨਹੀਂ ਸਨ ਤਾਂ ਪਿੰਡ ਦਾ ਇਕ ਵਿਅਕਤੀ ਕੇਲੇ ਮੰਗਣ ਲੱਗਾ। ਕੇਲੇ ਲੈਣ ਤੋਂ ਬਾਅਦ ਜਦੋਂ ਉਸ ਨੇ ਪੈਸੇ ਨਾ ਦਿੱਤੇ ਤਾਂ ਉਸ ਨੇ ਪੈਸੇ ਮੰਗੇ। ਇਸ ‘ਤੇ ਮੁਲਜਮ ਨੇ ਉਸ ਨੂੰ ਗਲੇ ਤੋਂ ਫੜ ਲਿਆ ਅਤੇ ਚਾਕੂ ਨਾਲ ਹਮਲਾ ਕਰਨ ਲੱਗਾ। ਇਸ ਦੌਰਾਨ ਚੰਦਸ਼ੇਵਰ ਨੇ ਆਪਣੇ ਮਾਲਕ ਤੇਜਿੰਦਰ ਬੌਬੀ ਨੂੰ ਫੋਨ ਕਰਕੇ ਬੁਲਾਇਆ ਅਤੇ ਦੂਜੇ ਪਾਸੇ ਮੁਲਜਮ ਨੇ ਆਪਣੇ ਪੁੱਤਰ ਅਤੇ ਹੋਰ ਸਾਥੀਆਂ ਨੂੰ ਬੁਲਾ ਲਿਆ। ਦੋਸ਼ੀ ਦੇ ਪੁੱਤਰ ਨੇ ਆਉਂਦੇ ਹੀ ਮਾਲਕ ਦੇ ਸਿਰ ‘ਤੇ ਮੁੱਕਾ ਮਾਰ ਦਿੱਤਾ ਅਤੇ ਉਸ ਨਾਲ ਕੁੱਟਮਾਰ ਵੀ ਕੀਤੀ। ਇਸ ਦੌਰਾਨ ਦੁਕਾਨ ਮਾਲਕ ਜਮੀਨ ‘ਤੇ ਡਿੱਗ ਗਿਆ। ਜਦੋਂ ਦੁਕਾਨ ਮਾਲਕ ਨੂੰ ਨਿੱਜੀ ਹਸਪਤਾਲ ਲੈ ਕੇ ਗਏ ਉਥੇ ਦਾਖਲ ਨਹੀਂ ਕੀਤਾ ਗਿਆ ਫਿਰ ਸਿਵਲ ਹਸਪਤਾਲ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਸੂਚਨਾ ਮਿਲਣ ’ਤੇ ਖੰਨਾ ਦੇ ਡੀ. ਐੱਸ. ਪੀ. ਅੰਮ੍ਰਿਤਪਾਲ ਸਿੰਘ ਭਾਟੀ ਤੁਰੰਤ ਐੱਸ. ਐੱਚ. ਓ. ਸਦਰ ਸੁਖਵਿੰਦਰਪਾਲ ਸਿੰਘ ਸਮੇਤ ਮੌਕੇ ’ਤੇ ਪੁੱਜੇ। ਆਸ-ਪਾਸ ਦੇ ਲੋਕਾਂ ਨੂੰ ਪੁੱਛਿਆ। ਸੀ. ਸੀ. ਟੀ. ਵੀ. ਵੀ ਚੈੱਕ ਕੀਤੇ। ਫਿਰ ਸਿਵਲ ਹਸਪਤਾਲ ਆ ਕੇ ਪਰਿਵਾਰਕ ਮੈਂਬਰਾਂ ਨਾਲ ਗੱਲਬਾਤ ਕੀਤੀ। ਡੀ. ਐੱਸ. ਪੀ. ਨੇ ਦੱਸਿਆ ਕਿ ਝਗੜਾ ਨਾਲ ਵਾਲੇ ਦੁਕਾਨਦਾਰ ਨਾਲ ਹੋਇਆ, ਜੋਕਿ ਕੇਲੇ ਚੁੱਕ ਰਿਹਾ ਸੀ। ਇਸ ਵਿਚਾਲੇ ਦੂਜੇ ਪੱਖ ਵਾਲੇ ਦੁਕਾਨਦਾਰ ਨੇ ਕੁਝ ਲੋਕਾਂ ਨੂੰ ਬੁਲਾ ਲਿਆ ਅਤੇ ਹੱਥੋਂਪਾਈ ਹੋ ਗਈ। ਉਥੇ ਲੱਗੇ ਕੈਮਰੇ ਦੀ ਫੁਟੇਜ ਵੇਖਣ ਨੂੰ ਪਤਾ ਲੱਗਾ ਕਿ ਤੇਜਿੰਦਰ ਬੌਬੀ ਝਗੜੇ ਦੌਰਾਨ ਸੜਕ ਪਾ ਕਰਦਾ ਹੈ ਅਤੇ ਫਿਰ ਉਥੇ ਜਮੀਨ ‘ਤੇ ਡਿੱਗ ਜਾਂਦਾ ਹੈ। ਇਸ ਘਟਨਾ ਵਿਚ ਤੇਜਿੰਦਰ ਬੌਬੀ ਦੀ ਮੌਤ ਹੋ ਗਈ। ਪੁਲਸ ਵੱਲੋਂ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ।

## ਨਾਬਾਲਗ ਵਿਦਿਆਰਥੀ ਨੇ ਕੀਤੀ ਖੁਦਕੁਸ਼ੀ

ਅਬੋਹਰ 3 ਦਸੰਬਰ। ਅਬੋਹਰ ਦੇ ਪਿੰਡ ਖਾਟਵਾਂ ਵਾਸੀ ਇੱਕ ਨਬਾਲਗ ਵਿਦਿਆਰਥੀ ਨੇ ਫਾਹਾ ਲੈ ਕੇ ਖੁਦਕੁਸੀ ਕਰ ਲਈ ਪੁਲਸ ਨੇ ਮ੍ਰਿਤਕ ਦੀ ਲਾਸ ਨੂੰ ਕਬਜੇ ‘ਚ ਲੈ ਕੇ ਪੋਸਟਮਾਰਟਮ ਦੇ ਲਈ ਅਬੋਹਰ ਦੇ ਸਰਕਾਰੀ ਹਸਪਤਾਲ ਦੀ ਮੋਰਚਰੀ ਵਿੱਚ ਰਖਵਾ ਜਾਂਚ ਸੁਰੂ ਕਰ ਦਿੱਤੀ ਹੈ। ਜਾਣਕਾਰੀ ਮੁਤਾਬਕ 17 ਸਾਲਾ ਰਵਿੰਦਰ ਕੁਮਾਰ ਦੋ ਭੈਣ-ਭਰਾ ਸਨ ਰਵਿੰਦਰ 10ਵੀਂ ਜਮਾਤ ‘ਚ ਪੜ੍ਹਦਾ ਸੀ ਅਤੇ ਪੜ੍ਹਾਈ ਨੂੰ ਲੈ ਕੇ ਪਰੇਸਾਨ ਸੀ। ਇਸ ਕਰਕੇ ਉਸ ਨੇ ਬੀਤੀ ਰਾਤ ਆਪਣੇ ਘਰ ਵਿੱਚ ਤੂੜੀ ਵਾਲੇ ਕਮਰੇ ‘ਚ ਫਾਹਾ ਲੈ ਕੇ ਖੁਦਕੁਸੀ ਕਰ ਲਈ ਰਵਿੰਦਰ ਦੀ ਮਾਂ ਨੇ ਉਸ ਨੂੰ ਲਟਕਦਾ ਵੇਖ ਰੌਲਾ ਪਾਇਆ। ਇਸ ‘ਤੇ ਪਰਿਵਾਰਕ ਮੈਂਬਰ ਇਕੱਠੇ ਹੋਏ, ਜਿਨ੍ਹਾਂ ਨੇ ਉਸ ਨੂੰ ਫਾਹੇ ਤੋਂ ਥੱਲੇ ਉਤਾਰ ਕੇ ਹਸਪਤਾਲ ਪਹੁੰਚਾਇਆ। ਇੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਕਰਾਰ ਦਿੱਤਾ।

## ਸਰਕਾਰੀ ਬੈਂਕ ਨੇ ਖਾਤਾਧਾਰਕਾਂ ਨੂੰ ਦਿੱਤਾ ਵੱਡਾ ਤੋਹਫਾ

ਨਵੀਂ ਦਿੱਲੀ 3 ਦਸੰਬਰ। ਜੇਕਰ ਤੁਹਾਡਾ ਖਾਤਾ ਪਬਲਿਕ ਸੈਕਟਰ ਦੇ ਇੰਡੀਅਨ ਬੈਂਕ ‘ਚ ਹੈ ਅਤੇ ਤੁਸੀਂ ਐੱਫਡੀ ਦੀ ਯੋਜਨਾ ਬਣਾ ਰਹੇ ਹੋ, ਤਾਂ ਤੁਹਾਡੇ ਲਈ ਖੁਸ਼ਖਬਰੀ ਹੈ। ਬੈਂਕ ਨੇ ਆਪਣੀ ਸਪੈਸ਼ਲ ਐੱਫਡੀ ਸਕੀਮ ਵਿਚ ਨਿਵੇਸ਼ ਕਰਨ ਦੀ ਡੈੱਡਲਾਈਨ ਨੂੰ ਵਧਾ ਕੇ 31 ਮਾਰਚ 2025 ਕਰ ਦਿੱਤਾ ਹੈ। ਪਹਿਲਾਂ ਇਹ ਪਹਿਲਾਂ ਇਹ ਸਮਾਂ ਸੀਮਾ 30 ਨਵੰਬਰ 2024 ਸੀ। ਹੁਣ ਗਾਹਕ 31 ਮਾਰਚ, 2025 ਤੱਕ ਇੰਡੀਅਨ ਬੈਂਕ ਦੀਆਂ ਵਿਸੇਸ ਸਕੀਮਾਂ 400 ਅਤੇ 300 ਵਿੱਚ ਨਿਵੇਸ ਕਰ ਸਕਦੇ ਹਨ। ਇੰਡੀਅਨ ਬੈਂਕ ਦੀ ਇੰਡ ਸੁਪਰ 400 ਦਿਨਾਂ ਲਈ ਹੈ। ਇਹ ਇੱਕ ਕਾਲਯੋਗ ਹੈ। ਇਸ ਦਾ ਮਤਲਬ ਹੈ ਕਿ ਇਸ ‘ਚ ਤੁਹਾਨੂੰ ਸਮੇਂ ਤੋਂ ਪਹਿਲਾਂ ਪੈਸੇ ਕਢਵਾਉਣ ਦਾ ਵਿਕਲਪ ਮਿਲਦਾ ਹੈ। ਤੁਸੀਂ ਇੰਡ ਸੁਪਰ 400 ਡੇਜ ਸਕੀਮ ਵਿੱਚ 10 ਹਜਾਰ ਤੋਂ 2 ਕਰੋੜ ਰੁਪਏ ਤੱਕ ਦਾ ਨਿਵੇਸ ਕਰ ਸਕਦੇ ਹੋ। ਇਸ ਵਿੱਚ ਆਮ ਲੋਕਾਂ ਨੂੰ 7.25 ਫੀਸਦੀ, ਸੀਨੀਅਰ ਸਿਟੀਜਨ ਨੂੰ 7.75 ਫੀਸਦੀ ਅਤੇ ਸੁਪਰ ਸੀਨੀਅਰ ਸਿਟੀਜਨ ਨੂੰ 8.00 ਫੀਸਦੀ ਵਿਆਜ ਮਿਲ ਰਿਹਾ ਹੈ। ਇੰਡ ਸੁਪਰੀਮ 300 ਡੈੱਡ ਸਕੀਮ ਵਿੱਚ, ਬੈਂਕ 7.05 ਪ੍ਰਤੀਸਤ ਤੋਂ 7.80 ਪ੍ਰਤੀਸਤ ਤੱਕ ਵਿਆਜ ਦੀ ਪੇਸਕਸ ਕਰ ਰਿਹਾ ਹੈ। ਇਸ ਸਕੀਮ ਵਿੱਚ ਆਮ ਲੋਕਾਂ ਨੂੰ 7.05 ਫੀਸਦੀ, ਸੀਨੀਅਰ ਸਿਟੀਜਨਾਂ ਨੂੰ 7.55 ਫੀਸਦੀ ਅਤੇ ਸੁਪਰ ਸੀਨੀਅਰ ਸਿਟੀਜਨਾਂ ਨੂੰ 7.80 ਫੀਸਦੀ ਵਿਆਜ ਦੀ ਪੇਸਕਸ ਕੀਤੀ ਜਾ ਰਹੀ ਹੈ।

# ਗੁਰੂ ਨਾਨਕ ਦੇਵ ਜੀ ਦਾ ਸਵਾਂਗ ਰਚਣ ਵਾਲੀ ਕੁੜੀ ਹੋਈ ਡਿਪ੍ਰੈਸ਼ਨ ਦੀ ਸ਼ਿਕਾਰ

ਨੈਸ਼ਨਲ ਡੈਸਕ 3 ਦਸੰਬਰ। ਮੱਧ ਪ੍ਰਦੇਸ਼ ਤੋਂ ਵੱਡੀ ਖਬਰ ਸਾਹਮਣੇ ਆ ਰਹੀ ਹੈ। ਇਥੋਂ ਦੀ ਇਕ ਜਥੇਬੰਦੀ ਵੱਲੋਂ ਕਰਵਾਏ ਗਏ ਇਕ ਸਮਾਗਮ ਦੀ ਵੀਡੀਓ ਬੀਤੇ ਦਿਨੀਂ ਸੋਸ਼ਲ ਮੀਡੀਆ ‘ਤੇ ਵਾਇਰਲ ਹੋਈ ਸੀ। ਵਾਇਰਲ ਵੀਡੀਓ ‘ਤੇ ਸਿੱਖ ਸੰਗਤਾਂ ਨੇ ਬੇਹੱਦ ਸਖਤ ਇਤਰਾਜ ਜਤਾਉਂਦਿਆਂ ਜਥੇਬੰਦੀ ਅਤੇ ਵੀਡੀਓ ਵਿਚ ਦਿਖਾਈ ਦੇ ਰਹੇ ਲੋਕਾਂ ‘ਤੇ ਕਾਰਵਾਈ ਦੀ ਮੰਗ ਕੀਤੀ ਸੀ। ਦਰਅਸਲ ਇਸ ਵੀਡੀਓ ਵਿਚ ਇਕ ਲੜਕੀ ਨੂੰ ਸਮਾਗਮ ਦੌਰਾਨ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਸਵਾਂਗ ਰਚਾਉਂਦੇ ਹੋਏ ਪੇਸ਼ ਕੀਤਾ ਗਿਆ ਸੀ। ਵੀਡੀਓ ਵਾਇਰਲ ਹੋਈ ਤਾਂ ਕਾਰਵਾਈ ਦੀ ਮੰਗ ਉੱਠਣ ਲੱਗੀ। ਪਰ ਹੁਣ ਇਸ ਸਭ ਵਿਚਾਲੇ ਖਬਰ ਆ ਰਹੀ ਹੈ ਕਿ ਜਿਸ ਜਥੇਬੰਦੀ ਦਾ ਇਹ ਸਮਾਗਮ ਸੀ ਉਸ ਦੇ ਸੈਕਟਰੀ ਦਾ ਅਚਾਨਕ ਦੇਹਾਂਤ ਹੋ ਗਿਆ ਹੈ। ਹਾਲਾਂਕਿ ਮੌਤ ਦਾ ਕਾਰਨ ਕੀ ਰਿਹਾ ਇਹ ਸਪੱਸ਼ਟ ਨਹੀਂ ਹੋ ਸਕਿਆ ਹੈ। ਉਥੇ ਇਹ ਵੀ ਦੱਸਿਆ ਜਾ ਰਿਹਾ ਹੈ ਕਿ ਸਵਾਂਗ ਰਚਾਉਣ ਵਾਲੀ ਲੜਕੀ ਵੀ ਡਿਪ੍ਰੈਸ਼ਨ ਦਾ ਸ਼ਿਕਾਰ ਹੋ ਗਈ ਹੈ। ਜਿਸ ਦਾ ਹੁਣ ਡਾਕਟਰੀ ਇਲਾਜ ਚੱਲ ਰਿਹਾ ਦੱਸਿਆ ਜਾ ਰਿਹਾ ਹੈ। ਵਾਇਰਲ ਵੀਡੀਓ ਬਾਰੇ ਜੋ ਤੱਥ ਸਾਹਮਣੇ ਆਏ ਸਨ ਉਨ੍ਹਾਂ ਮੁਤਾਬਕ ਇਹ ਵੀਡੀਓ ਮੱਧ ਪ੍ਰਦੇਸ਼ ਦੇ ਸ਼ਹਿਡੋਲ ਸ਼ਹਿਰ ਦਾ ਦੱਸਿਆ ਜਾ ਰਿਹਾ ਸੀ। ਬੇਸ਼ੱਕ ਜਥੇਬੰਦੀ ਵੱਲੋਂ ਵੀਡੀਓ ਵਾਇਰਲ ਹੋਣ ਮਗਰੋਂ ਖਿਮਾ ਯਾਚਨਾ ਕੀਤੀ ਗਈ ਸੀ ਪਰ ਹੁਣ ਸੈਕਟਰੀ ਦੀ ਮੌਤ ਦੀ ਖਬਰ ਨੇ ਸਭ ਨੂੰ ਹੈਰਾਨ ਕਰ ਕੇ ਰੱਖ ਦਿੱਤਾ ਹੈ। ਦੂਜੇ ਪਾਸੇ ਅਜੇ ਸਬੰਧਿਤ ਜਥੇਬੰਦੀ ਵੱਲੋਂ ਸੈਕਟਰੀ ਦੀ ਮੌਤ ਜਾਂ ਲੜਕੀ ਦੇ ਡਿਪ੍ਰੈਸ਼ਨ ਵਿਚ ਜਾਣ ਬਾਰੇ ਕੋਈ ਬਿਆਨ ਸਾਹਮਣੇ ਨਹੀਂ ਆਇਆ ਹੈ।



## ਕੁੱਟਮਾਰ ਕਰਨ ਵਾਲੇ ਭਰਾ-ਭਰਜਾਈ ਸਣੇ 5 ਖਿਲਾਫ ਮਾਮਲਾ ਦਰਜ

ਫਾਜ਼ਿਲਕਾ 3 ਦਸੰਬਰ। ਥਾਣਾ ਸਦਰ ਫਾਜ਼ਿਲਕਾ ਦੀ ਪੁਲਸ ਨੇ ਇਕ ਵਿਅਕਤੀ ਦੀ ਸ਼ਿਕਾਇਤ ’ਤੇ ਉਸ ਦੀ ਕੁੱਟਮਾਰ ਕਰਨ ਵਾਲੇ ਉਸ ਦੇ ਭਰਾ ਅਤੇ ਭਰਜਾਈ ਸਮੇਤ 5 ਜਣਿਆਂ ਖ਼ਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ’ਚ ਸੰਦੀਪ ਸਿੰਘ ਵਾਸੀ ਪਿੰਡ ਨੂਰਸ਼ਾਹ ਉਰਫ ਵੱਲੇਸ਼ਾਹ ਉਤਾੜ ਨੇ ਦੱਸਿਆ ਕਿ ਉਹ ਮਿਹਨਤ-ਮਜ਼ਦੂਰੀ ਦਾ ਕੰਮ ਕਰਦਾ ਹੈ। ਉਹ ਅਤੇ ਉਸ ਦਾ ਭਰਾ ਇਕ ਘਰ ’ਚ ਰਹਿੰਦੇ ਹਨ। 8 ਸਤੰਬਰ ਨੂੰ ਉਹ, ਉਸ ਦੀ ਮਾਤਾ ਅਮਰੋ ਬਾਈ ਅਤੇ ਉਸ ਦੀ ਪਤਨੀ ਕਾਜਲ ਘਰ ’ਚ ਮੌਜੂਦ ਸਨ। ਮੁੱਦਈ ਦੇ ਭਰਾ ਰਾਜ ਸਿੰਘ ਨੇ 8 ਸਤੰਬਰ ਨੂੰ ਉਨ੍ਹਾਂ ਨਾਲ




ਝਗੜਾ ਕਰਨਾ ਸ਼ੁਰੂ ਕਰ ਦਿੱਤਾ। ਉਸ ਦਾ ਭਰਾ ਕਹਿਣ ਲੱਗਾ ਕਿ ਇਹ ਘਰ ਮੇਰਾ ਹੈ ਅਤੇ ਤੁਸੀਂ ਬਾਹਰ ਨਿਕਲ ਜਾਓ ਅਤੇ ਉਨ੍ਹਾਂ ਨਾਲ ਗਾਲੀ-ਗਲੋਚ ਕਰਨਾ ਸ਼ੁਰੂ ਕਰ ਦਿੱਤਾ। ਇੰਨੇ ’ਚ ਮੁੱਦਈ ਦੇ ਭਰਾ ਰਾਜ ਸਿੰਘ, ਉਸ ਦੇ ਪੁੱਤਰ ਹਰਬੰਸ ਸਿੰਘ, ਉਸ ਦੀ ਭਰਜਾਈ ਵੀਨਾ ਰਾਣੀ, ਉਸ ਦੇ ਸਾਲੇ ਬੱਬੂ ਸਿੰਘ ਵਾਸੀ ਪਿੰਡ ਘੁਬਾਇਆ ਅਤੇ ਬੱਬੂ ਸਿੰਘ ਵਾਸੀ ਪਿੰਡ ਸੁਰੇਸ਼ ਵਾਲਾ ਨੇ ਉਸ ਦੀ ਕੁੱਟਮਾਰ ਕੀਤੀ। ਪੁਲਸ ਨੇ ਬਿਆਨ ਦੇ ਆਧਾਰ ’ਤੇ ਉਪਰੋਕਤ ਲੋਕਾਂ ਖ਼ਿਲਾਫ ਵੱਖ-ਵੱਖ ਧਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਗੱਡੀ ਦੀ ਟੱਕਰ ਮਗਰੋਂ ਹੋਈ ਲੜਾਈ, ਸਿਲੰਡਰ ਚੁੱਕ ਕੇ ਲੈ ਗਿਆ ਇਨੋਵਾ ਚਾਲਕ

ਲੁਧਿਆਣਾ 3 ਦਸੰਬਰ। ਅਰੋੜਾ ਸਿਨੇਮਾ ਨੇੜੇ ਦਾਣਾ ਮੰਡੀ ਵਿਚ ਗੱਡੀ ਨੂੰ ਟੱਕਰ ਮਾਰਨ ਦਾ ਦੋਸ਼ ਕਰਨ ‘ਤੇ ਭੜਕੇ ਇਨੋਵਾ ਦੇ ਡਰਾਈਵਰ ਨੇ ਕੁੱਟਮਾਰ ਕਰ ਕੇ ਦੂਜੀਆਂ ਗੱਡੀਆਂ ਤੋਂ ਤਿੰਨ ਗੈਸ ਸਿਲੰਡਰ ਚੋਰੀ ਕਰ ਲਏ ਤੇ ਫਰਾਰ ਹੋ ਗਿਆ। ਲੋਕਾਂ ਨੇ ਇਨੋਵਾ ਦਾ




ਨੰਬਰ ਨੋਟ ਕਰ ਲਿਆ। ਸ਼ਿਕਾਇਤ ਮਿਲਣ ‘ਤੇ ਮੌਕੇ ‘ਤੇ ਪਹੁੰਚੀ ਥਾਣਾ ਸ਼ਿਮਲਾਪੁਰੀ ਦੀ ਪੁਲਸ ਨੇ ਜਾਂਚ ਕਰ ਕੇ ਪਿੰਡ ਗੁਜਰਵਾਲ ਦੇ ਰਹਿਣ ਵਾਲੇ ਵਿਸ਼ਾਖਾ ਸਿੰਘ ਦੇ ਬਿਆਨਾਂ ‘ਤੇ ਅਣਪਛਾਤੇ ਲੋਕਾਂ ਦੇ ਖ਼ਿਲਾਫ ਮਾਮਲਾ ਦਰਜ ਕਰ ਲਿਆ ਗਿਆ। ਵਿਸ਼ਾਖਾ ਸਿੰਘ ਨੇ ਪੁਲਸ ਨੂੰ ਦੱਸਿਆ ਕਿ ਉਹ ਦਾਣਾ ਮੰਡੀ ਵਿਚ ਆਪਣੀ ਗੱਡੀ ਮਕੈਨਿਕ ਤੋਂ ਮੁਰੰਮਤ ਕਰਵਾ ਰਿਹਾ ਸੀ ਕਿ ਉਕਤ ਮੁਲਜਮ ਆਪਣੀ ਇਨੋਵਾ ਨੂੰ ਬੈਕ ਕਰ ਰਿਹਾ ਸੀ, ਜਿਸ ‘ਤੇ ਇਨੋਵਾ ਡਰਾਈਵਰ ਨੇ ਉਸ ਦੀ ਗੱਡੀ ਨੂੰ ਟੱਕਰ ਮਾਰ ਦਿੱਤੀ। ਜਦੋਂ ਉਸ ਨੇ ਵਿਰੋਧ ਜਤਾਇਆ ਤਾਂ ਇਨੋਵਾ ਡਰਾਈਵਰ ਨੇ ਹੇਠਾਂ ਉਤਰ ਕੇ ਕੁੱਟਮਾਰ ਕਰਨ ਅਤੇ ਉਸ ਦੀ ਗੱਡੀ ਤੋਂ 19 ਕਿੱਲੋ ਦੇ 3 ਗੈਸ ਸਿਲੰਡਰ ਕੱਢ ਕੇ ਆਪਣੀ ਗੱਡੀ ਵਿਚ ਰੱਖ ਲਏ। ਮੁਲਜਮ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦੇ ਹੋਏ ਭੱਜ ਨਿਕਲੇ।

# ਪੰਜਾਬ ਦੇ ਸਕੂਲ ‘ਚ ਵੱਜੇ ਖਤਰੇ ਦੇ ਹੂਟਰ, ਪਹੁੰਚੀ ਐੱਨ. ਡੀ. ਆਰ. ਐੱਫ., 10 ਵਿਦਿਆਰਥੀ ਬਚਾਏ

ਮੋਗਾ 3 ਦਸੰਬਰ। ਮੋਗਾ ਦੇ ਬਲੂਮਿੰਗ ਬਡਜ ਸਕੂਲ ਵਿਖੇ ਅੱਜ ਜ਼ਿਲ੍ਹਾ ਪ੍ਰਸਾਸਨ ਵੱਲੋਂ ਜ਼ਿਲ੍ਹਾ ਆਪਦਾ ਪ੍ਰਬੰਧਨ ਅਥਾਰਟੀ ਦੇ ਸਹਿਯੋਗ ਨਾਲ ਭੂਚਾਲ ਅਤੇ ਇਵੈਕੁਏਸ਼ਨ ਡਰਿੱਲ ਕਰਵਾਈ ਗਈ। ਇਸ ਡਰਿੱਲ ਦਾ ਮਕਸਦ ਸਕੂਲੀ ਵਿਦਿਆਰਥੀਆਂ ਅਤੇ ਸਟਾਫ ਨੂੰ ਭੂਚਾਲ ਆਉਣ ਦੀ ਸੂਰਤ ਵਿਚ ਬਚਾਓ ਅਤੇ ਆਫ਼ਤ ਪ੍ਰਬੰਧਨ ਦੀ ਸਿਖ਼ਲਾਈ ਦੇਣਾ ਅਤੇ ਹੰਗਾਮੀ ਹਾਲਤ ਪੈਦਾ ਹੋਣ ਉੱਤੇ ਪ੍ਰਸਾਸਨ ਦੀਆਂ ਤਿਆਰੀਆਂ ਦਾ ਜਾਇਜਾ ਲੈਣਾ ਸੀ। ਇਸ ਡਰਿੱਲ ਦੌਰਾਨ ਸਾਰੰਗਪ੍ਰੀਤ ਸਿੰਘ ਐੱਸ. ਡੀ. ਐੱਮ. ਮੋਗਾ, ਐੱਨ. ਡੀ. ਆਰ. ਐੱਫ ਦੇ ਏਰੀਆ ਮੁਖੀ ਡੀ. ਐੱਲ. ਜਾਖੜ, ਡੀ. ਐੱਸ. ਪੀ. ਜੋਰਾ ਸਿੰਘ, ਜ਼ਿਲ੍ਹਾ ਆਪਦਾ ਪ੍ਰਬੰਧਨ ਅਥਾਰਟੀ ਦੇ ਮੁਖੀ ਰਾਮ ਚੰਦਰ ਅਤੇ ਹੋਰ ਵੀ ਹਾਜ਼ਰ ਸਨ। ਅੱਜ ਬਾਅਦ ਦੁਪਹਿਰ 1:03 ਵਜੇ ਸਕੂਲ ਵੱਲੋਂ ਭੂਚਾਲ ਆਉਣ ਸਬੰਧੀ ਹੂਟਰ ਵਜਾਇਆ ਗਿਆ, ਜਿਸ ਉੱਤੇ ਤੁਰੰਤ ਹੀ ਸਾਰੇ ਸਬੰਧਤ ਵਿਭਾਗਾਂ ਨੂੰ ਅਲਰਟ ਕੀਤਾ ਗਿਆ ਅਤੇ ਤੁਰੰਤ ਸਕੂਲ ਵਿਖੇ ਪਹੁੰਚਣ ਲਈ ਕਿਹਾ ਗਿਆ। ਸਾਰੇ ਵਿਭਾਗਾਂ ਵੱਲੋਂ ਤੁਰੰਤ ਹਰਕਤ ‘ਚ ਆਉਂਦਿਆਂ 10 ਵਿਦਿਆਰਥੀਆਂ ਨੂੰ ਬਚਾਇਆ ਗਿਆ। ਮੌਕ ਡਰਿੱਲ ਲਈ ਐੱਨ. ਡੀ. ਆਰ. ਐੱਫ. ਦੀ ਟੀਮ, ਨਗਰ ਨਿਗਮ ਦੇ ਫਾਇਰ ਬ੍ਰਿਗੇਡ ਵਿਭਾਗ, ਸਿਹਤ ਵਿਭਾਗ ਅਤੇ ਪੁਲਸ ਵਿਭਾਗ ਦੇ ਅਧਿਕਾਰੀ ਅਤੇ ਕਰਮਚਾਰੀ ਪਹੁੰਚੇ ਹੋਏ ਸਨ। ਇਹ ਡਰਿੱਲ 2:00 ਵਜੇ ਮੁਕੰਮਲ ਹੋਈ। ਸਾਰੇ ਵਿਭਾਗਾਂ ਵੱਲੋਂ ਸਮੇਂ ਸਿਰ ਕਾਰਵਾਈ ਕਰਦਿਆਂ ਲੋਕਾਂ ਨੂੰ ਬਚਾਉਣ ਅਤੇ ਸਥਿਤੀ ਨੂੰ ਠੀਕ ਕਰਨ ਲਈ ਆਪਣੀ-ਆਪਣੀ ਬਣਦੀ ਡਿਊਟੀ ਨਿਭਾਈ ਗਈ। ਇਸ ਡਰਿੱਲ ਵਿਚ ਹਰ ਤਰ੍ਹਾਂ ਦੇ ਉਪਕਰਨ ਅਤੇ ਸਾਧਨਾਂ ਦੀ ਵਰਤੋਂ ਕੀਤੀ ਗਈ, ਜੋ ਕਿ ਕਿਸੇ ਹੰਗਾਮੀ ਸਥਿਤੀ ਵਿਚ ਲੋੜੀਂਦੇ ਹੁੰਦੇ ਹਨ। ਲੋਕਾਂ ਨੂੰ ਇਸ ਸਥਿਤੀ ਨਾਲ ਨਜਿੱਠਣ ਲਈ ਕੀ-ਕੀ ਤਰੀਕੇ ਵਰਤੇ ਜਾਂਦੇ ਹਨ, ਇਸ ਬਾਰੇ ਜਾਣਕਾਰੀ ਦਿੱਤੀ ਗਈ। ਕੁੱਲ ਮਿਲਾ ਕੇ ਇਹ ਮੌਕ ਡਰਿੱਲ ਬਹੁਤ ਹੀ ਸਫ਼ਲ ਅਤੇ ਸਿੱਖਿਆਦਾਇਕ ਰਹੀ। ਇਸ ਡਰਿੱਲ ਲਈ ਸਕੂਲ ਦੇ ਮੁਖੀ ਸੰਜੀਵ ਕੁਮਾਰ ਸੈਣੀ ਅਤੇ ਪ੍ਰਿੰਸੀਪਲ ਡਾਕਟਰ ਹਮੀਲੀਆ ਰਾਣੀ, ਚੇਅਰਪਰਸਨ ਕਮਲ ਸੈਣੀ ਅਤੇ ਸਕੂਲ ਨੋਡਲ ਅਫਸਰ ਰਾਹੁਲ ਛਾਬੜਾ ਨੇ ਜ਼ਿਲ੍ਹਾ ਪ੍ਰਸਾਸਨ ਦੇ ਸਹਿਯੋਗ ਲਈ ਧੰਨਵਾਦ ਕੀਤਾ। ਸਾਰੰਗਪ੍ਰੀਤ ਸਿੰਘ ਐੱਸ ਡੀ ਐੱਮ ਮੋਗਾ ਨੇ ਕਿਹਾ ਕਿ ਜ਼ਿਲ੍ਹਾ ਪ੍ਰਸਾਸਨ ਕਿਸੇ ਵੀ ਹੰਗਾਮੀ ਸਥਿਤੀ ਦਾ ਸਾਹਮਣਾ ਕਰਨ ਲਈ ਤਿਆਰ ਹੈ।



**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son’s name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYUR-DHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son’s service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH EX.MALL, SECTOR-9,
ROHINI, NEW DELHI

# ਐਚ ਆਈ ਵੀ ਏਡਜ਼ ਤੋਂ ਬੱਚਣ ਲਈ ਆਪਣੇ ਜੀਵਨ ਸਾਥੀ ਨਾਲ ਵਫਾਦਾਰੀ ਨਿਭਾਓ: ਸੁਖਜਿੰਦਰ ਸਿੰਘ



ਪਟਿਆਲਾ, 3 ਦਸੰਬਰ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ,ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਪਾਵਰ ਹਾਊਸ ਯੁਵਕ ਸੇਵਾਵਾਂ ਕਲੱਬ ਰਣਜੀਤ ਨਗਰ ਦੇ ਸਹਿਯੋਗ ਅਤੇ ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਮਾਊਨਟੀ ਅਫੇਅਰ ਗੁਰਪ੍ਰੀਤ ਕੌਰ ਦਿਓ ਦੀ ਸਰਪ੍ਰਸਤੀ ਅਤੇ ਐਸ ਐਸ ਪੀ ਪਟਿਆਲਾ ਡਾਕਟਰ ਨਾਨਕ ਸਿੰਘ, ਐਸ ਪੀ ਹੈਡਕੁਆਰਟਰ ਓਲੰਪੀਅਨ ਹਰਵੰਤ ਕੌਰ ਦੀ ਅਗਵਾਈ ਹੇਠ ਸਰਕਾਰੀ ਆਈ ਟੀ ਆਈ ਲੜਕੀਆਂ ਵਿਖੇ ਐਚ ਆਈ ਵੀ ਏਡਜ਼ ਸਬੰਧੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਮੁੱਖ ਮਹਿਮਾਨ ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਨੇ ਸ਼ਿਰਕਤ ਕੀਤੀ।ਪ੍ਰੋਗਰਾਮ ਦੀ ਪ੍ਰਧਾਨਗੀ ਮਨਮੋਹਨ ਸਿੰਘ ਪ੍ਰਿੰਸੀਪਲ ਸਰਕਾਰੀ ਆਈ ਟੀ ਆਈ ਲੜਕੀਆਂ ਨੇ ਕੀਤੀ।

ਪ੍ਰੋਗਰਾਮ ਦਾ ਉਦਘਾਟਨ ਐਸ ਆਈ ਸੰਦੀਪ ਕੌਰ ਮਹਿਲਾ ਡੈਸਕ ਪੰਜਾਬ ਪੁਲਿਸ ਨੇ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਐਸ ਆਈ ਪ੍ਰਦੀਪ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 1, ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸਾ ਮੁਕਤ ਭਾਰਤ ਅਭਿਆਨ ਅਤੇ ਪ੍ਰਧਾਨ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਮੈਂਬਰ ਜ਼ਿਲ੍ਹਾ ਸਾਂਝ ਕਮੇਟੀ ਪਟਿਆਲਾ,ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸਾ ਮੁਕਤ ਭਾਰਤ ਅਭਿਆਨ, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਲੱਕੀ ਹਰਦਾਸਪੁਰ , ਵਰਿੰਦਰ ਸਿੰਘ ਨੇ ਸ਼ਿਰਕਤ ਕੀਤੀ ।ਇਸ ਮੌਕੇ ਸੰਬੋਧਨ ਕਰਦਿਆ ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਐਚ ਆਈ ਵੀ ਏਡਜ਼ ਤੋਂ ਜਾਣਕਾਰੀ ਹੀ ਬਚਾਅ ਹੈ , ਉਹਨਾਂ ਕਿਹਾ ਕਿ ਐਚ ਆਈ ਵੀ ਇਕ ਵਾਇਰਸ ਹੈ ਜੋ ਕਿ ਸ਼ਰੀਰ ਤੇ ਹਮਲਾ ਕਰਕੇ ਏਡਜ਼ ਦਾ ਕਾਰਨ ਬਣਦਾ,ਪਰ ਇਹ ਜ਼ਰੂਰੀ ਨਹੀਂ ਕਿ ਐਚ ਆਈ ਵੀ ਨਾਲ ਗ੍ਰਸਤ ਵਿਅਕਤੀ ਨੂੰ ਏਡਜ਼ ਹੋਵੇ ਉਹਨਾਂ ਕਿਹਾ ਕਿ ਨਸਾ ਕਰਨ ਵਾਲਾ ਵਿਅਕਤੀ ਜਿਹੜਾ ਟੀਕਾ ਲਗਾਉਂਦਾ ਹੈ ਅਤੇ ਇਕ ਸੂਈ ਹੋਰਨਾਂ ਵਿਅਕਤੀਆਂ ਨੂੰ ਲਗਾਉਂਦਾ ਹੈ ਉਹੋ ਵੀ ਏਡਜ਼ ਦਾ ਕਾਰਨ ਬਣਦਾ ਹੈ।

ਇਸ ਮੌਕੇ ਜਤਵਿੰਦਰ ਗਰੇਵਾਲ ਨੇ ਕਿਹਾ ਕਿ ਐਚ ਆਈ ਵੀ ਏਡਜ਼ ਤੋਂ ਬੱਚਣ ਲਈ ਆਪਣੇ ਜੀਵਨ ਸਾਥੀ ਅਤੇ ਪਾਰਟਨਰ ਨਾਲ ਵਫਾਦਾਰੀ ਨਿਭਾਓ ਪ੍ਰਿੰਸੀਪਲ ਆਈ ਟੀ ਆਈ ਲੜਕੀਆਂ ਮਨਮੋਹਨ ਸਿੰਘ ਨੇ ਕਿਹਾ ਕਿ ਉਹਨਾਂ ਦੀ ਸੰਸਥਾ ਹਮੇਸ਼ਾ ਸਮਾਜਿਕ ਕੁਰੀਤੀਆਂ ਵਿਰੁੱਧ ਪ੍ਰੋਗਰਾਮਾਂ ਲਈ ਤਿਆਰ ਹੈ ਅਤੇ ਸਾਰੇ ਆਏਂ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।

# ਪਟਿਆਲਾ ਸ਼ਹਿਰ 'ਚ ਟਰੈਫ਼ਿਕ ਸੁਧਾਰ ਵੱਲ ਚੁੱਕੇ ਗਏ ਠੋਸ ਕਦਮ, ਬਾਜ਼ਾਰਾਂ 'ਚ ਲੱਗੀਆਂ ਚਿੱਟੀਆਂ ਪੱਟੀਆਂ

## ➢ਟਰੈਫ਼ਿਕ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸ਼ਹਿਰ ਵਾਸੀ ਸਹਿਯੋਗ ਦੇਣ : ਐਸ.ਡੀ.ਐਮ
## ➢ ਐਸ.ਡੀ.ਐਮ ਪਟਿਆਲਾ ਨੇ ਪੁਲਿਸ ਤੇ ਨਗਰ ਨਿਗਮ ਦੀਆਂ ਟੀਮਾਂ ਸਮੇਤ ਸ਼ਹਿਰ ਦਾ ਕੀਤਾ ਦੌਰਾ

ਪਟਿਆਲਾ, 3 ਦਸੰਬਰ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦੇ ਦਿਸ਼ਾ ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ ਐਸ.ਡੀ.ਐਮ ਪਟਿਆਲਾ ਮਨਜੀਤ ਕੌਰ ਨੇ ਪੁਲਿਸ ਤੇ ਨਗਰ ਨਿਗਮ ਦੀਆਂ ਟੀਮਾਂ ਨਾਲ ਪਟਿਆਲਾ ਸ਼ਹਿਰ ਦੇ ਬਾਜ਼ਾਰਾਂ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਬਾਜ਼ਾਰ ਵਿੱਚ ਕੌਲ ਖੜਕੇ ਸੜਕ 'ਤੇ ਚਿੱਟੀ ਪੱਟੀ ਲਗਵਾਈ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਟਰੈਫ਼ਿਕ ਨੂੰ ਸੁਚਾਰੂ ਢੰਗ ਨਾਲ ਚਲਾਉਣ ਸ਼ਹਿਰ ਵਾਸੀ ਸਹਿਯੋਗ ਕਰਦੇ ਹੋਏ ਆਪਣੇ ਦੋ ਪਹੀਆ ਵਾਹਨ ਚਿੱਟੀ ਪੱਟੀ ਦੇ ਅੰਦਰ ਹੀ ਲਗਾਉਣ ਤਾਂ ਜੋ ਬਾਜ਼ਾਰ ਵਿੱਚ ਟਰੈਫ਼ਿਕ ਜਾਮ ਦੀ ਸਮੱਸਿਆ ਨੂੰ ਖ਼ਤਮ ਕੀਤਾ ਜਾ ਸਕੇ। ਆਪਣੇ ਦੌਰੇ ਦੌਰਾਨ



ਐਸ.ਡੀ.ਐਮ ਨੇ ਦੁਕਾਨਦਾਰਾਂ ਅਤੇ ਵਪਾਰ ਮੰਡਲ ਦੇ ਨੁਮਾਇੰਦਿਆਂ ਨਾਲ ਨੂੰ ਵੀ ਹਦਾਇਤ ਕੀਤੀ ਕਿ ਦੁਕਾਨਦਾਰ ਆਪਣੀ ਦੁਕਾਨ ਦਾ ਸਮਾਨ ਅਤੇ ਬੋਰਡ ਆਦਿ ਸੜਕ 'ਤੇ ਨਾ ਰੱਖਣ। ਉਨ੍ਹਾਂ ਕਿਹਾ ਕਿ ਚਾਰ ਪਹੀਆਂ ਵਾਹਨਾਂ ਲਈ ਵੀ ਬਾਜ਼ਾਰ ਦੇ ਬਾਹਰ ਪਾਰਕਿੰਗ ਦੀ ਵੱਖਰੀ ਵਿਵਸਥਾ ਹੈ ਤੇ ਚਾਰ ਪਹੀਆਂ ਵਾਹਨ ਚਾਲਕ ਵਾਹਨ ਦੀ ਪਾਰਕਿੰਗ ਨਿਰਧਾਰਿਤ ਸਥਾਨ 'ਤੇ ਹੀ ਕਰਨ। ਇਸ ਮੌਕੇ ਉਨ੍ਹਾਂ ਦੇ ਨਾਲ ਡੀ.ਐਸ.ਪੀ. ਸਿਟੀ-1 ਸਤਨਾਮ ਸਿੰਘ, ਨਗਰ ਨਿਗਮ ਦੇ ਲੈਂਡ ਬਰਾਂਚ ਤੋਂ ਮਨੀਸ਼ ਪੁਰੀ, ਐਸ.ਐਚ.ਓ ਕੋਤਵਾਲੀ ਹਰਜਿੰਦਰ ਸਿੰਘ ਢਿੱਲੋਂ ਤੇ ਐਸ.ਐਚ.ਓ ਡਵੀਜ਼ਨ ਨੰਬਰ 2 ਸੁਰਜੀਤ ਸਿੰਘ ਵੀ ਮੌਜੂਦ ਸਨ।

ਤ੍ਰਿਪੜੀ ਮਾਰਕੀਟ, ਅਦਾਲਤ ਬਾਜ਼ਾਰ ਤੇ ਅਨਾਰਦਾਨਾ ਚੌਂਕ ਦਾ ਦੌਰਾ ਕਰਦਿਆਂ ਐਸ.ਡੀ.ਐਮ ਮਨਜੀਤ ਕੌਰ ਦੀ ਅਗਵਾਈ ਵਾਲੀ ਟੀਮ ਨੇ ਲੋਕਾਂ ਟਰੈਫ਼ਿਕ ਨਿਯਮਾਂ ਦੀ ਸਖਤੀ ਨਾਲ ਪਾਲਣਾ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਬਾਜ਼ਾਰਾਂ ਦੀਆਂ ਸੜਕਾਂ 'ਤੇ ਲਗਾਈ ਗਈ ਚਿੱਟੀ ਪੱਟੀ ਦੇ ਅੰਦਰ-ਅੰਦਰ ਹੀ ਦੋ ਪਹੀਆਂ ਵਾਹਨ ਲਗਾਏ ਜਾਣ ਅਤੇ ਚਾਰ ਪਹੀਆਂ ਵਾਹਨਾਂ ਦੀ ਪਾਰਕਿੰਗ ਨਿਰਧਾਰਤ ਸਥਾਨ 'ਤੇ ਹੀ ਕੀਤੀ ਜਾਵੇ।

ਇਸ ਮੌਕੇ ਐਸ.ਡੀ.ਐਮ ਮਨਜੀਤ ਕੌਰ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦੇ ਨਿਰਦੇਸ਼ਾਂ 'ਤੇ ਚਲਾਈ ਗਈ ਇਹ ਵਿਸ਼ੇਸ਼ ਮੁਹਿੰਮ ਇਸ ਤਰ੍ਹਾਂ ਜਾਰੀ ਰਹੇਗੀ ਅਤੇ ਜੇਕਰ ਕੋਈ ਨਿਯਮਾਂ ਦੀ ਉਲੰਘਣਾ ਕਰਦਾ ਹੈ ਤਾਂ ਉਸ ਖਿਲਾਫ਼ ਬਣਦੀ ਕਾਰਵਾਈ ਵੀ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਟਰੈਫ਼ਿਕ ਸਮੱਸਿਆ ਦੇ ਹੱਲ ਲਈ ਚਲਾਈ ਗਈ ਇਸ ਮੁਹਿੰਮ ਵਿੱਚ ਸਹਿਯੋਗ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਟਰੈਫ਼ਿਕ ਸਮੱਸਿਆ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸ਼ਹਿਰ ਵਾਸੀਆਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ।ਇਸ ਤੋਂ ਪਹਿਲਾਂ ਐਸ.ਡੀ.ਐਮ ਮਨਜੀਤ ਕੌਰ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ ਨਾਲ ਟਰੈਫ਼ਿਕ ਸਮੱਸਿਆ ਦੇ ਹੱਲ ਲਈ ਬੈਠਕ ਕੀਤੀ ਅਤੇ ਟਰੈਫ਼ਿਕ ਪੁਲਿਸ ਤੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਨਿਰੰਤਰ ਬਾਜ਼ਾਰਾਂ ਦੀ ਚੈਕਿੰਗ ਕਰਨ ਦੇ ਨਿਰਦੇਸ਼ ਦਿੱਤੇ।

# ਬੁੱਢਾ ਦਲ ਵੱਲੋਂ ਬਾਬਾ ਹਨੂੰਮਾਨ ਸਿੰਘ ਦਾ ਜਨਮ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ

ਪਟਿਆਲਾ, 3 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ 14ਵੇਂ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਚਲਦਾ ਵਹੀਰ ਚੱਕ੍ਰਵਰਤੀ ਦੀ ਅਗਵਾਈ ਹੇਠ ਬੁੱਢਾ ਦਲ ਅਤੇ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ 7ਵੇਂ ਜਥੇਦਾਰ ਅਮਰ ਸ਼ਹੀਦ ਸਿੰਘ ਸਾਹਿਬ ਬਾਬਾ ਹਨੂੰਮਾਨ ਸਿੰਘ ਜੀ ਦਾ ਜਨਮ ਦਿਹਾੜਾ ਮਿਤੀ 3 ਦਸੰਬਰ 2024 ਦਿਨ ਮੰਗਲਵਾਰ ਨੂੰ ਗੁਰਦੁਆਰਾ ਸਿੰਘ ਸ਼ਹੀਦਾਂ, ਸੋਹਾਣਾ ਮੋਹਾਲੀ, ਗੁਰਦੁਆਰਾ ਬਗੀਚੀ ਬਾਬਾ ਬੰਬਾ ਸਿੰਘ ਜੀ ਸ਼ਹੀਦ ਗੰਜ ਛਾਉਣੀ ਬੁੱਢਾ ਦਲ ਲੋਅਰ ਮਾਲ ਪਟਿਆਲਾ ਵਿਖੇ ਸ਼ਰਧਾ ਭਾਵਨਾ ਅਤੇ ਸਤਿਕਾਰ ਸਹਿਤ ਮਨਾਇਆ ਜਾ ਰਿਹਾ ਹੈ। ਉਹ ਇਸ ਦਿਨ ਬਾਬਾ ਹਨੂੰਮਾਨ ਸਿੰਘ ਦੇ ਜਨਮ ਦਿਹਾੜੇ ਦੀ ਵਧਾਈ ਵੀ ਸੰਗਤਾਂ ਨਾਲ ਸਾਂਝੀ ਕਰਨਗੇ। ਬੁੱਢਾ ਦਲ ਦੇ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਜਾਰੀ ਕਿ ਲਿਖਤੀ ਪ੍ਰੈਸ ਬਿਆਨ 'ਚ ਦਸਿਆ ਕਿ ਬੁੱਢਾ ਦਲ ਦੇ 13 ਜਥੇਦਾਰ ਹੋਏ ਹਨ।

# ਪੁੱਡਾ ਨੇ ਡੇਰਾ ਉਦਾਸੀਨ ਵਿਖੇ ਅਣਅਧਿਕਾਰਿਤ ਉਸਾਰੀਆਂ ਤੇ ਲਗਾਈ ਰੋਕ; ਪਾਰਕ ਦੀ ਕੰਧ ਉੱਤੇ ਚਿਪਕਾਇਆ ਲੀਗਲ ਨੋਟਿਸ

ਪਟਿਆਲਾ, 3 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਸੁਪਰੀਮ ਕੋਰਟ ਵੱਲੋਂ 20.7.2015 ਵੱਲੋਂ ਪਾਸ ਸਟੇਟਸ ਕੋ ਦੇ ਆਦੇਸ਼ਾਂ ਦੇ ਬਾਵਜੂਦ ਡੇਰਾ ਉਦਾਸੀਨ ਦੇ ਸੇਵਾਦਾਰਾਂ ਵੱਲੋਂ ਪਿਛਲੇ ਦਿਨੀ ਕੁਝ ਰਾਜਨੀਤਿਕ ਬੰਦਿਆ ਅਤੇ ਕੁਝ ਪ੍ਰੋਪਰਟੀ ਡੀਲਰਾਂ ਦੀ ਮਿਲੀ ਭੁਗਤ ਨਾਲ ਸੰਤ ਇਨਕਲੇਵ ਪਟਿਆਲਾ ਵਿਖੇ ਬੱਚਿਆਂ ਦੇ ਪਾਰਕ ਵਿੱਚ ਕਬਜ਼ੇ, ਨਜਾਇਜ਼ ਉਸਾਰੀਆਂ ਅਤੇ ਬਿਜਲੀ ਦਾ ਕੁਨੈਕਸ਼ਨ ਲੈਣ ਦੀਆਂ ਤਿਆਰੀਆਂ ਕੀਤੀਆਂ ਗਈਆਂ ਸਨ। ਇਸ ਮੌਕੇ ਸੰਤ ਇਨਕਲੇਵ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਮਦਨ ਖਰਬੰਦਾ, ਵਿਜੇ ਤੁਲੀ ਸੈਕਟਰੀ, ਐਡਵੋਕੇਟ ਪੁੰਨੀਆ ਅਤੇ ਹੋਰ ਮੈਂਬਰਾਂ ਨੇ ਪ੍ਰੈਸ ਦੇ ਨਾਮ ਜਾਰੀ ਬਿਆਨ ਵਿੱਚ ਕਿਹਾ ਕਿ ਡੇਰਾ ਉਦਾਸੀਨ ਵੱਲੋਂ ਸੁਪਰੀਮ ਕੋਰਟ ਦੇ ਆਦੇਸ਼ਾਂ ਦੀ ਘੋਰ ਅਨਦੇਖੀ ਕੀਤੀ ਜਾ ਰਹੀ ਸੀ। ਜਿਸ ਸਬੰਧੀ ਜ਼ਿਲ੍ਹਾ ਪੁਲਿਸ ਮੁਖੀ ਅਤੇ ਸਬੰਧਤ ਥਾਣੇ ਨੂੰ ਸ਼ਿਕਾਇਤ ਕਰਨ ਤੋਂ ਬਾਅਦ ਵੀ ਕੋਈ ਵੀ ਤਸੱਲੀ ਬਖਸ਼ ਕਾਰਵਾਈ ਨਹੀਂ ਹੋਈ। ਇਸ ਉਪਰੰਤ ਉਨਾਂ ਨੇ ਮਿਤੀ 27.9.2024 ਨੂੰ ਡੀ.ਸੀ ਪਟਿਆਲਾ ਅਤੇ ਧਰਮ ਅਰਥ ਬੋਰਡ ਦੀ ਚੇਅਰਪਰਸਨ ਪ੍ਰੀਤੀ ਯਾਦਵ ਨੂੰ ਦਰਖਾਸਤ ਦੇਕੇ ਇਸ ਕਬਜ਼ੇ ਨੂੰ ਰੋਕਣ ਅਤੇ ਬੱਚਿਆਂ ਦੇ ਪਾਰਕ ਨੂੰ ਬਚਾਉਣ ਦੀ ਗੁਹਾਰ ਲਗਾਈ ਸੀ। ਜਿਸ ਤੇ ਤੁਰੰਤ ਕਾਰਵਾਈ ਕਰਦੇ ਹੋਏ ਡੀ.ਸੀ ਪਟਿਆਲਾ ਨੇ ਐਸ.ਐਸ.ਪੀ ਪਟਿਆਲਾ ਅਤੇ ਪੁੱਡਾ ਆਫਿਸ ਨੂੰ ਪੱਤਰ ਜਾਰੀ ਕਰਕੇ ਇਸ ਕਬਜ਼ੇ ਨੂੰ ਰੋਕਣ ਲਈ ਚਿੱਠੀ ਲਿਖੀ। ਡੀ.ਸੀ ਪਟਿਆਲਾ ਦੇ ਅਦੇਸ਼ਾਂ ਤੇ ਪੁਡਾ ਆਫਿਸ ਵੱਲੋਂ ਫੌਰੀ ਐਕਸ਼ਨ ਲੈਂਦੇ ਹੋਏ ਪਿੱਛਲੇ ਦਿਨੀਂ ਨੋਟਿਸ ਜਾਰੀ ਕਰਕੇ ਪਾਰਕ ਦੀ ਕੰਧ ਉੱਪਰ ਚਿਪਕਾ ਦਿੱਤਾ ਗਿਆ ਹੈ। ਇਸ ਨੋਟਿਸ ਅਨੁਸਾਰ ਡੇਰੇ ਦੇ ਸੇਵਾਦਾਰਾਂ ਅਤੇ ਹੋਰ ਵਿਅਕਤੀਆਂ ਨੂੰ ਸਖਤ ਹਦਾਇਤ ਕੀਤੀ ਗਈ ਹੈ। ਕਿ ਡੇਰੇ ਵੱਲੋਂ ਬੱਚਿਆਂ ਦੇ ਪਾਰਕ ਉੱਪਰ ਨਜਾਇਜ਼ ਉਸਾਰੀਆਂ ਅਤੇ ਕਿਸੇ ਹੋਰ ਤਰ੍ਹਾਂ ਦੀ ਉਸਾਰੀ ਤੇ ਤੁਰੰਤ ਲੋਕ ਲਗਾਈ ਜਾਂਦੀ ਹੈ। ਪੱਤਰ ਅਨੁਸਾਰ ਕਿਸੇ ਵੀ ਸੇਵਾਦਾਰ ਅਤੇ ਵਿਅਕਤੀ ਵੱਲੋਂ ਹੁਕਮਾਂ ਦੀ ਉਲੰਘਣਾ ਕਰਨ ਉਪਰੰਤ ਉਸ ਉੱਪਰ ਬਣਦੀ ਕਾਨੂੰਨੀ ਕਾਰਵਾਈ ਕਰਕੇ ਲੀਗਲ ਕੇਸ ਦਰਜ ਕਰ ਦਿੱਤਾ ਜਾਵੇਗਾ। ਇਸ ਮੌਕੇ ਗੁਰਜੀਤ ਸਿੰਘ, ਪਵਨ ਕੁਮਾਰ ਗੋਇਲ, ਜੋਗਿੰਦਰਪਾਲ ਅਰੋੜਾ, ਮਿਸਿਜ ਸਿੱਧੂ ਅਤੇ ਖਰਬੰਦਾ, ਮਿਸ ਪਲਕ, ਬੰਸਲ ਜੀ ਪ੍ਰੋਫੈਸਰ ਜਗਦੇਵ ਸਿੱਧੂ, ਹਰਮੀਤ ਚੱਡਾ ਅਤੇ ਗੁਰਵਿੰਦਰ ਸਿੱਧੂ ਆਦ ਮੈਂਬਰ ਹਾਜ਼ਰ ਸਨ।

# 51ਵੇਂ ਆਲ ਇੰਡੀਆ ਇੰਟਰ-ਇੰਸਟੀਟਿਊਸ਼ਨਲ ਟੇਬਲ ਟੈਨਿਸ ਟੂਰਨਾਮੈਂਟ 2024 ਦਾ ਸ਼ਾਨਦਾਰ ਸਮਾਪਤੀ ਸਮਾਰੋਹ



ਚੰਡੀਗੜ੍ਹ, 3 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

51ਵਾਂ ਆਲ ਇੰਡੀਆ -ਇੰਟਰ ਇੰਟਰ-ਇੰਸਟੀਟਿਊਸ਼ਨਲ ਟੇਬਲ ਟੈਨਿਸ ਟੂਰਨਾਮੈਂਟ 2024 ਸੀਜੀਏ ਗੋਲਫ ਰੇਂਜ, ਚੰਡੀਗੜ੍ਹ ਵਿਖੇ ਸ਼ਾਨਦਾਰ ਸਮਾਪਤੀ ਸਮਾਰੋਹ ਨਾਲ ਸਮਾਪਤ ਹੋ ਗਿਆ। ਇਸ ਇਵੈਂਟ ਵਿੱਚ ਕਈ ਸ਼੍ਰੇਣੀਆਂ ਵਿੱਚ ਦਿਲਚਸਪ ਮੈਚ, ਵਿਸ਼ੇਸ਼ ਮਹਿਮਾਨਾਂ ਦੀ ਭਾਗੀਦਾਰੀ ਅਤੇ ਇੱਕ ਅਸਾਧਾਰਨ ਸੱਭਿਆਚਾਰਕ ਪ੍ਰਦਰਸ਼ਨ ਜਿਸ ਨੇ ਸਾਰਿਆਂ ਦਾ ਮਨ ਮੋਹ ਲਿਆ।

ਉਦਘਾਟਨੀ ਸਮਾਰੋਹ ਵਿੱਚ ਪਦਮ ਵਿਭੂਸ਼ਣ ਪੰਡਿਤ ਹਰੀਪ੍ਰਸਾਦ ਚੌਰਸੀਆ ਦੇ ਚੇਲੇ, ਪ੍ਰਸਿੱਧ ਬੰਸਰੀ ਭੈਣਾਂ, ਦੇਬੋਪ੍ਰਿਆ ਅਤੇ ਸੁਚਿਸਮਿਤਾ ਚੈਟਰਜੀ ਦੁਆਰਾ ਇੱਕ ਮਨਮੋਹਕ ਬੰਸਰੀ ਪੇਸ਼ਕਾਰੀ ਪੇਸ਼ ਕੀਤੀ ਗਈ। ਉਸ ਦੇ ਨਾਲ ਤਬਲਾ ਵਾਦਕ ਅਮਿਤ ਮਿਸ਼ਰਾ, ਤਾਲ ਮਾਹਿਰ ਦੀਪੇਸ਼ ਵਰਮਾ, ਗਿਟਾਰ ਵਾਦਕ ਰਾਹੁਲ ਦੇਵ ਅਤੇ ਸੰਗੀਤ ਪ੍ਰਬੰਧਕ ਅਮਿਤ ਵਿਲਾਸ ਪਾਂਡੇ ਸਮੇਤ ਉਸ ਦੀ ਪ੍ਰਤਿਭਾਸ਼ਾਲੀ ਟੀਮ ਦੇ ਮੈਂਬਰ ਸ਼ਾਮਲ ਹੋਏ।

ਟੂਰਨਾਮੈਂਟ ਵਿੱਚ ਪੁਰਸ਼ ਸਿੰਗਲਜ਼, ਮਹਿਲਾ ਸਿੰਗਲਜ਼, ਪੁਰਸ਼ ਡਬਲਜ਼, ਮਹਿਲਾ ਡਬਲਜ਼, ਮਿਕਸਡ ਡਬਲਜ਼ ਅਤੇ ਪੁਰਸ਼ਾਂ ਅਤੇ ਮਹਿਲਾਵਾਂ ਦੋਵਾਂ ਲਈ ਟੀਮ ਚੈਂਪੀਅਨਸ਼ਿਪ ਵਰਗੀਆਂ ਵੱਖ-ਵੱਖ ਸ਼੍ਰੇਣੀਆਂ ਵਿੱਚ ਰੋਮਾਂਚਕ ਮੈਚ ਖੇਡੇ ਗਏ। ਮੁਕਾਬਲਾ ਬਹੁਤ ਹੀ ਸਖ਼ਤ ਸੀ, ਜਿਸ ਵਿੱਚ ਖਿਡਾਰੀਆਂ ਨੇ ਬੇਮਿਸਾਲ ਹੁਨਰ ਅਤੇ ਖੇਡ ਦਾ ਪ੍ਰਦਰਸ਼ਨ ਕੀਤਾ।

ਸਮਾਪਤੀ ਸਮਾਰੋਹ ਵਿੱਚ ਸ਼੍ਰੀ ਟੀ. ਰਵੀ ਸ਼ੰਕਰ, ਡਿਪਟੀ ਗਵਰਨਰ, RBI, ਵੰਦਨਾ ਖਰੇ, CGM, RBI, ਪੁਨੀਤ ਪੰਚੋਲੀ, CGM, RBI, ਵਿਵੇਕ ਸ਼੍ਰੀਵਾਸਤਵ, ਖੇਤਰੀ ਨਿਰਦੇਸ਼ਕ, RBI; ਇਸ ਮੌਕੇ ਨਾਬਾਰਡ ਦੇ ਸੀ.ਜੀ.ਐਮ., ਚੰਡੀਗੜ੍ਹ ਦੇ ਸਾਬਕਾ ਮੇਅਰ ਅਤੇ ਚੰਡੀਗੜ੍ਹ ਟੇਬਲ ਟੈਨਿਸ ਐਸੋਸੀਏਸ਼ਨ ਦੇ ਪ੍ਰਧਾਨ ਅਨੂਪ ਗੁਪਤਾ, ਸੀਨੀਅਰ ਪੁਲਿਸ ਅਧਿਕਾਰੀ ਅਤੇ ਹੋਰ ਸਬੰਧਿਤ ਅਧਿਕਾਰੀ ਹਾਜ਼ਰ ਸਨ।

ਆਰਬੀਆਈ ਚੰਡੀਗੜ੍ਹ ਇਸ ਸਾਲ ਦੇ ਟੂਰਨਾਮੈਂਟ ਦੀ ਸਫਲਤਾ ਵਿੱਚ ਯੋਗਦਾਨ ਪਾਉਣ ਵਾਲੇ ਸਾਰੇ ਭਾਗੀਦਾਰਾਂ, ਪ੍ਰਬੰਧਕਾਂ ਅਤੇ ਸਮਰਥਕਾਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹੈ। ਇਹ ਸਮਾਗਮ ਟੇਬਲ ਟੈਨਿਸ ਦੀ ਪ੍ਰਤਿਭਾ ਅਤੇ ਖਿਡਾਰਨਾਂ ਦਾ ਸੱਚਾ ਜਸ਼ਨ ਸੀ।

# ਧੂਰੀ ਨੇਤਰ ਬੈਂਕ ਸੰਮਤੀ ਵੱਲੋਂ 37ਵਾਂ ਅੱਖਾਂ ਦਾ ਕੈਂਪ ਲਗਾਇਆ



ਧੂਰੀ, 3 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਨੇਤਰ ਸੰਮਤੀ ਅਤੇ ਨਿਸ਼ਕਾਮ ਸੇਵਾ ਸਭਾ ਵੱਲੋਂ ਮਹਾਸ਼ਾ ਪ੍ਰਤਿਗਿਆਪਾਲ ਦੀ ਅਗਵਾਈ ਹੇਠ ਹਰ ਸਾਲ ਦੀ ਤਰ੍ਹਾਂ ਅੱਖਾਂ ਦਾ 37ਵਾਂ ਵਿਸ਼ਾਲ ਚੈਕ ਅਪ ਕੈਂਪ ਅਤੇ ਆਪਰੇਸ਼ਨ ਕੈਂਪ ਲਗਾਇਆ ਗਿਆ ਇਸ ਮੌਕੇ ਏ ਆਰ ਸ਼ਰਮਾ ਏ ਪੀ ਸੋਲਵੈਕਸ ਦੇ ਐਮ ਡੀ, ਸਮਾਜ ਸੇਵੀ ਮੱਖਣ ਲਾਲ ਜੀ ਗਰਗ, ਸਾਬਕਾ ਐਮਐਲਏ ਸਰਦਾਰ ਦਲਵੀਰ ਸਿੰਘ ਗੋਲਡੀ ਵੱਲੋਂ ਜੋਤੀ ਪ੍ਰਚੰਡ ਕੀਤੀ ਗਈ। ਇਸ ਕੈਂਪ ਵਿੱਚ ਡਾਕਟਰਾਂ ਦੀ ਮਾਹਿਰ ਟੀਮ ਦੁਬਾਰਾ ਓਪੀਡੀ ਵਿੱਚ ਮਰੀਜ਼ ਦੇਖੇ ਗਏ ਅਤੇ ਉਪਰੰਤ ਆਪਰੇਸ਼ਨ ਕੀਤੇ ਗਏ ਅਤੇ ਮੁਫਤ ਦਵਾਈਆਂ ਦਿੱਤੀਆਂ ਗਈਆਂ ਇਸ ਮੌਕੇ ਪ੍ਰਧਾਨ ਡਾਕਟਰ ਰਮੇਸ਼ ਸ਼ਰਮਾ, ਹੰਸਰਾਜ ਜੀ ਗਰਗ ਸਕੱਤਰ, ਕੈਸ਼ੀਅਰ ਰਕੇਸ਼ ਕੁਮਾਰ ਅਤੇ ਮੁੱਖ ਸੇਵਾਦਾਰ ਪਰਵੀਨ ਕੁਮਾਰ ਗਰਗ, ਸ੍ਰੀ ਅਸ਼ੋਕ ਕੁਮਾਰ ਜੀ ਲੱਖਾ ਚੇਅਰਮੈਨ ਗਊ ਸੇਵਾ ਪੰਜਾਬ, ਪਵਨ ਹਰਚੰਦਪੁਰੀ ਪ੍ਰਧਾਨ ਪੰਜਾਬੀ ਸਾਹਿਤ ਸਭਾ ਧੂਰੀ, ਸ੍ਰੀ ਸੁਰੇਸ਼ ਕੁਮਾਰ ਬਾਂਸਲ, ਮਨਜੀਤ ਬਖਸ਼ੀ, ਨਰੇਸ਼ ਮੰਗੀ, ਦਰਸ਼ਨ ਕੁਮਾਰ ਦਰਸ਼ੀ, ਨਗਰ ਕੌਂਸਲ ਦੇ ਪ੍ਰਧਾਨ ਪੱਪੂ ਤਾਇਲ, ਡਾਕਟਰ ਰਕੇਸ਼ ਕੁਮਾਰ ਗਰਗ, ਡਾਕਟਰ ਵਿਜੇ ਗੁਪਤਾ ਆਦਿ ਹਾਜ਼ਰ ਸਨ ਇਸ ਮੌਕੇ ਤੇ ਪੈਨਸ਼ਨਰ ਐਸੋਸ਼ੀਏਸ਼ਨ ਧੂਰੀ ਵਲੋਂ ਡਾਕਟਰ ਰਮੇਸ਼ ਸ਼ਰਮਾ ਦਾ ਸਰੋਪਾ ਪਾ ਕੇ ਸਨਮਾਨ ਕੀਤਾ ਗਿਆ ਇਸ ਮੌਕੇ ਤੇ ਹਰਬੰਸ ਸਿੰਘ ਸੋਡੀ ਜੈਦੇਵ ਸ਼ਰਮਾ ਸਤੀਸ਼ ਅਰੋੜਾ ਮੌਜੂਦ ਰਹੇ।

# ਰੋਟਰੀ ਕਲੱਬ ਪਟਿਆਲਾ ਮਿਡ ਟਾਊਨ ਵੱਲੋਂ ਸਰਕਾਰੀ ਡਿਸਪੈਂਸਰੀ ਬਲਬੇੜਾ ਨੂੰ ਵਾਟਰ ਕੂਲਰ ਭੇਟ

ਪਟਿਆਲਾ, 3 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਰਕਾਰੀ ਡਿਸਪੈਂਸਰੀ ਬਲਬੇੜਾ ਨੂੰ ਰੋਟਰੀ ਕਲੱਬ ਪਟਿਆਲਾ ਮਿਡ ਟਾਊਨ ਵੱਲੋਂ ਵਾਟਰ ਕੂਲਰ ਦਾਨ ਵਜੋਂ ਦਿੱਤਾ ਗਿਆ। ਇਸ ਮੌਕੇ ਪ੍ਰਧਾਨ ਸ਼ੀਸ਼ਪਾਲ ਮਿੱਤਲ, ਸੈਕਟਰੀ ਰੋਹਿਤ ਕੁਮਾਰ ਗੁਪਤਾ ਤੇ ਹੋਰ ਅਹੁਦੇਦਾਰਾਂ ਨੇ ਦੱਸਿਆ ਕਿ ਸਾਡੀ ਇਸ ਸੰਸਥਾ ਵੱਲੋਂ ਲੋੜਵੰਦਾਂ ਅਤੇ ਬੇ ਸਹਾਰਾ ਤੇ ਮਰੀਜ਼ਾਂ ਦੀਆਂ ਸੇਵਾਵਾਂ ਕੀਤੀਆਂ ਜਾ ਰਹੀਆਂ ਹਨ ਤੇ ਇਹਨਾਂ ਲੋੜਵੰਦਾਂ ਦੀ ਮਦਦ ਲਈ ਹੋਰ ਵੀ ਅਹਿਮ ਉਪਰਾਲੇ ਵੀ ਕੀਤੇ ਜਾ ਰਹੇ ਹਨ। ਵੱਖ ਵੱਖ ਬੁਲਾਰਿਆਂ ਇਹ ਵੀ ਦੱਸਿਆ ਕਿ ਰੋਟਰੀ ਕਲੱਬ ਪਟਿਆਲਾ ਦੇ ਸਮੁੱਚੇ ਮੈਂਬਰਾਂ ਵੱਲੋਂ ਇਸ ਕਾਰਜ ਵਿਚ ਆਪਣਾ ਦਸਵੰਧ ਦੇ ਕੇ ਇਨਸਾਨੀਅਤ ਦੀ ਸੇਵਾ ਚ ਅਹਿਮ ਰੋਲ ਅਦਾ ਕਰ ਰਹੇ ਹਨ। ਇਸ ਮੌਕੇ ਪ੍ਰਧਾਨ ਰਾਮੇਸ਼ਵਰ ਸ਼ਰਮਾ ਅਤੇ ਕੁਲਵੰਤ ਸਿੰਘ ਸਰਪੰਚ ਬਲਬੇੜਾ ਵੱਲੋਂ ਰੋਟਰੀ ਕਲੱਬ ਪਟਿਆਲਾ ਸੰਸਥਾ ਦੀ ਇਸ ਸੇਵਾ ਤੇ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਇਸ ਮੌਕੇ ਰੋਹਿਤ ਕੁਮਾਰ ਗੁਪਤਾ (ਸੈਕਟਰੀ), ਜੀਵਨ ਕੁਮਾਰ ਗਰਗ, ਰਾਜ ਕੁਮਾਰ ਗੁਪਤਾ, ਕੋਸ਼ਲ ਰਾਏ ਸਿੰਗਲਾ, ਹਨੀ ਸੇਠ ਗੋਇਲ, ਚੇਅਰਮੈਨ ਹਰਕੇਸ਼ ਮਿੱਤਲ, ਪ੍ਰਧਾਨ ਸੁਰਿੰਦਰ ਕੁਮਾਰ ਮਿੱਤਲ, ਬਾਵਾ ਸਿੰਘ ਬਲਬੇੜਾ, ਜੀਵਨ ਕੁਮਾਰ ਗਰਗ, ਡਾ.ਹੀਨਾ ਰੂਪ , ਡਾ.ਗੁਰਪ੍ਰੀਤ ਕੌਰ, ਅਨਿਲ ਗੋਇਲ ਤੇ ਹੋਰ ਮੌਜੂਦ ਸਨ।

# ਪਠਾਣਮਾਜਰਾ ਨੇ ਸਨੌਰ ਚ 19,19 ਕਰੋੜ ਦੇ ਪ੍ਰੋਜੈਕਟ ਦਾ ਕੀਤਾ ਉਦਘਾਟਨ



ਸਨੌਰ, 3 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਲਕਾ ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਵੱਲੋਂ ਸਨੌਰ ਸ਼ਹਿਰ ਦੇ ਵਿੱਚ ਅਮਰੁਤ ਸਕੀਮ ਤਹਿਤ 19ਕਰੋੜ 19 ਲੱਖ ਰੁਪਏ ਦੀ ਲਾਗਤ ਦੇ ਪ੍ਰੋਜੈਕਟ ਦਾ ਉਦਘਾਟਨ ਕੀਤਾ ਗਿਆ ਅਤੇ ਇਸ ਕੰਮ ਨੂੰ 15 ਮਹੀਨੇ ਦੇ ਵਿੱਚ ਪੂਰਾ ਕਰਨ ਦਾ ਟੀਚਾ ਰੱਖਿਆ ਗਿਆ। ਇਸ ਪ੍ਰੋਜੈਕਟ ਅਧੀਨ ਸਨੌਰ ਸ਼ਹਿਰ ਨੂੰ ਡੀ ਆਈ ਪਾਈਪ ਲਾਈਨ 47.24 ਕਿਲੋਮੀਟਰ, ਹਾਊਸ ਸਰਵਿਸ ਕਨੈਕਸ਼ਨ -1917 ਨੰਬਰ ,ਟਿਊਵੈਲ -2 ਨੰਬਰ, ਪਾਣੀ ਦੀ ਟੈਂਕੀ -1ਨੰਬਰ (1.5 ਲੱਖ ਗੈਲਨ ਸਮਰਥਾ) ਹੋਵੇਗੀ।

ਇਸ ਮੌਕੇ ਦਲਵੀਰ ਸਿੰਘ ਗਿੱਲ ਯੂਕੇ ,ਸ਼ਾਮ ਸਿੰਘ ਪ੍ਰਧਾਨ ਸਨੌਰ ਆਮ ਆਦਮੀ ਪਾਰਟੀ, ਲਖਬੀਰ ਸਿੰਘ ਈ ਓ ਨਗਰ ਨਿਗਮ ਸਨੌਰ, ਯੁਵਰਾਜ ਸਿੰਘ, ਅਮਨ ਢੋਟ, ਹਰਿੰਦਰ ਸਿੰਘ ਸਨੌਰ ,ਨਰਿੰਦਰ ਸਿੰਘ ਤੱਖਰ, ਅਮਰ ਸੰਘੇੜਾ, ਜਗੀਰ ਸਿੰਘ ਭੂਰੀ, ਮਨਮੀਤ ਸਿੰਘ ਮੁੰਨਾ ,ਬੱਬੂ ਐਮ ਸੀ, ਡਾਕਟਰ ਭਗਵਾਨ ਦਾਸ ,ਡਾਕਟਰ ਗੋਲਡੀ ਬਲਦੇਵ ਸਿੰਘ ਬਿੰਦ, ਸਫਾਈ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਨੰਦ ਲਾਲ ਟਾਂਕ ਵਿਕਾਸ ਅਟਵਾਲ ਨਾਲ ਹੋਰ ਵੀ ਆਗੂ ਸਾਹਿਬਾਨ ਮੌਜੂਦ ਰਹੇ

# ਨਗਰ ਕੌਂਸਲ ਮਾਛੀਵਾੜਾ ਅਤੇ ਸਮਰਾਲਾ ਵੱਲੋਂ ਗੁਰਪਾਲ ਸਿੰਘ ਨੂੰ ਜੋਨ ਸੀ ਲੁਧਿਆਣਾ ਦੇ ਜੋਨਲ ਕਮਿਸ਼ਨ ਬਣਨ 'ਤੇ ਮੁਬਾਰਕਬਾਦ

ਮਾਛੀਵਾੜਾ ਸਾਹਿਬ, 3 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਇਸ ਮਾਛੀਵਾੜਾ ਸਾਹਿਬ ਅਤੇ ਸਮਰਾਲਾ ਵਿਖੇ ਬਤੌਰ ਕਾਰਜ ਸਾਧਕ ਅਫਸਰ ਸੇਵਾਵਾਂ ਦੇਣ ਉਪਰੰਤ ਗੁਰਪਾਲ ਸਿੰਘ ਜੀ ਦੀ ਬਦਲੀ ਲੁਧਿਆਣਾ ਵਿਖੇ ਹੋ ਗਈ ਜਿੱਥੇ ਸਰਕਾਰ ਵੱਲੋਂ ਉਹਨਾਂ ਨੂੰ ਤਰੱਕੀ ਦਿੰਦਿਆਂ ਜੋਨ ਸੀ ਲੁਧਿਆਣਾ ਦੇ ਜੋਨਲ ਕਮਿਸ਼ਨਰ ਨਿਯੁਕਤ ਕੀਤਾ ਗਿਆ।

ਇਸ ਤੇ ਨਗਰ ਕੌਂਸਲ ਮਾਛੀਵਾੜਾ ਅਤੇ ਨਗਰ ਕੌਂਸਲ ਸਮਰਾਲਾ ਦੇ ਸਮੂਹ ਕਰਮਚਾਰੀਆਂ ਵੱਲੋਂ ਉਹਨਾਂ ਨੂੰ ਮੁਬਾਰਕਬਾਦ ਦਿੱਤੀ ਗਈ। ਨਗਰ ਕੌਂਸਲ ਮਾਛੀਵਾੜਾ ਵੱਲੋਂ ਇੰਸਪੈਕਟਰ ਸੁਖਦੇਵ ਸਿੰਘ ਬਿੱਟੂ ਅਤੇ ਨਗਰ ਕੌਂਸਲ ਸਮਰਾਲਾ ਵੱਲੋਂ ਇੰਸਪੈਕਟਰ ਸਿਕੰਦਰ ਸਿੰਘ ਬਾਠ ਉਚੇਚੇ ਤੌਰ ਤੇ ਲੁਧਿਆਣਾ ਵਿਖੇ ਜੋਨਲ ਕਮਿਸ਼ਨਰ ਗੁਰਪਾਲ ਸਿੰਘ ਜੀ ਨੂੰ ਮਿਲੇ ਅਤੇ ਉਹਨਾਂ ਨੂੰ ਮੁਬਾਰਕਬਾਦ ਦਿੱਤੀ। ਇੰਸਪੈਕਟਰ ਸੁਖਦੇਵ ਸਿੰਘ ਬਿੱਟੂ ਨੇ ਦੱਸਿਆ ਕਿ ਮਾਛੀਵਾੜਾ ਸਾਹਿਬ ਦੀ ਪਾਵਨ ਤੇ ਪਵਿੱਤਰ ਧਰਤੀ ਤੇ ਬਤੌਰ ਕਾਰਜ ਸਾਧਕ ਸੇਵਾਵਾਂ ਦਿੰਦਿਆਂ ਗੁਰਪਾਲ ਸਿੰਘ ਜੀ ਗੁਰੂ ਘਰ ਨਤਮਸਤਕ ਹੋਏ ਅਤੇ ਉਹਨਾਂ ਮਾਛੀਵਾੜਾ ਸਾਹਿਬ ਦੇ ਸੁੰਦਰੀਕਰਨ ਲਈ ਅਨੇਕਾਂ ਯਤਨ ਕੀਤੇ। ਜੋਨਲ ਇੰਸਪੈਕਟਰ ਕਮਿਸ਼ਨਰ ਗੁਰਪਾਲ ਸਿੰਘ ਨੇ ਨਗਰ ਕੌਂਸਲ ਮਾਛੀਵਾੜਾ ਅਤੇ ਨਗਰ ਕੌਂਸਲ ਸਮਰਾਲਾ ਵੱਲੋਂ ਉਨ੍ਹਾਂ ਨਾਲ ਬਿਤਾਏ ਪਲਾ ਦੌਰਾਨ ਦਿੱਤੇ ਸਹਿਯੋਗ ਅਤੇ ਨਿੱਘੇ ਪਿਆਰ ਲਈ ਜਿੱਥੇ ਧੰਨਵਾਦ ਪ੍ਰਗਟ ਕੀਤਾ ਉੱਥੇ ਉਹਨਾਂ ਕਿਹਾ ਕਿ ਮਾਛੀਵਾੜਾ ਸਾਹਿਬ ਦੀ ਪਵਿੱਤਰ ਧਰਤੀ ਤੇ ਸੇਵਾ ਕਰਨ ਦਾ ਇਹ ਫਲ ਹੀ ਹੈ ਕਿ ਉਹਨਾਂ ਨੂੰ ਬਤੌਰ ਜੋਨਲ ਕਮਿਸ਼ਨਰ ਜੋਨ ਸੀ ਲੁਧਿਆਣਾ ਨਿਯੁਕਤ ਕੀਤਾ ਗਿਆ ਹੈ।

# ਮਾਛੀਵਾੜਾ ਪੁਲਿਸ 4 ਗ੍ਰਾਮ ਹੈਰੋਇਨ ਸਮੇਤ ਨੌਜਵਾਨ ਕੀਤਾ ਗ੍ਰਿਫ਼ਤਾਰ

ਮਾਛੀਵਾੜਾ ਸਾਹਿਬ, 3 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਮਾਛੀਵਾੜਾ ਪੁਲਿਸ ਵੱਲੋਂ 4 ਗ੍ਰਾਮ ਹੈਰੋਇਨ ਸਮੇਤ ਇਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਮਾਮਲਾ ਦਰਜ ਕੀਤਾ ਗਿਆ ਹੈ। ਮੁਲਜ਼ਮ ਦੀ ਪਛਾਣ ਦਵਿੰਦਰ ਸਿੰਘ ਵਾਸੀ ਮਾਛੀਵਾੜਾ ਸਾਹਿਬ ਵਜੋਂ ਹੋਈ ਹੈ।

ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਵੱਲੋਂ ਗਸ਼ਤ ਕੀਤੀ ਜਾ ਰਹੀ ਸੀ ਕਿ ਜੇ.ਐਸ ਨਗਰ ਵੱਲੋਂ ਇਕ ਨੌਜਵਾਨ ਮੋਟਰਸਾਈਕਲ 'ਤੇ ਨਸ਼ੇ ਦੀ ਹਾਲਤ 'ਚ ਜਾਂਦਾ ਦਿਖਾਈ ਦਿੱਤਾ ਜੋ ਪੁਲਸ ਪਾਰਟੀ ਨੂੰ ਦੇਖ ਇਹ ਘਬਰਾ ਗਿਆ ਜੋ ਆਪਣਾ ਮੋਟਰਸਾਈਕਲ ਪਿੱਛੇ ਮੋੜਨ ਲੱਗਾ ਤਾਂ ਸ਼ੱਕ ਦੇ ਆਧਾਰ 'ਤੇ ਉਸ ਨੂੰ ਰੋਕਿਆ ਗਿਆ ਤਾਂ ਉਸ ਦੇ ਮੋਬਾਈਲ ਕਵਰ ਦੀ ਜਾਂਚ ਦੌਰਾਨ ਉਸ ਵਿਚੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ।

# ਪੰਜਾਬ ਰਾਜ ਅਧਿਆਪਕ ਯੋਗਤਾ ਪ੍ਰੀਖਿਆ ਦੇ ਮੱਦੇਨਜ਼ਰ ਹੁਕਮ ਜਾਰੀ : ਜ਼ਿਲ੍ਹਾ ਮੈਜਿਸਟਰੇਟ

ਬਠਿੰਡਾ, 3 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਮੈਜਿਸਟਰੇਟ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੁਕਮ ਜਾਰੀ ਕੀਤੇ ਹਨ। ਇਹ ਹੁਕਮ ਜ਼ਿਲ੍ਹੇ ਅੰਦਰ ਹੋਣ ਵਾਲੀ ਪੰਜਾਬ ਰਾਜ ਅਧਿਆਪਕ ਯੋਗਤਾ ਪ੍ਰੀਖਿਆ 2024 ਮਿਤੀ 1 ਦਸੰਬਰ 2024 ਦੇ ਮੱਦੇਨਜ਼ਰ ਜਾਰੀ ਕੀਤੇ ਹਨ।

ਜਾਰੀ ਹੁਕਮ ਅਨੁਸਾਰ ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਜ਼ਿਲ੍ਹੇ ਚ ਅਧਿਆਪਕ ਯੋਗਤਾ ਪ੍ਰੀਖਿਆ ਦੇ ਮੱਦੇ ਨਜ਼ਰ ਸਥਾਪਿਤ ਕੀਤੇ ਪ੍ਰੀਖਿਆ ਕੇਂਦਰਾਂ ਦੇ 100 ਮੀਟਰ ਦੇ ਘੇਰੇ ਅੰਦਰ ਆਮ ਪਬਲਿਕ ਦੇ ਇਕੱਠੇ ਹੋਣ 'ਤੇ ਪਾਬੰਦੀ ਲਗਾਈ ਗਈ ਹੈ।

ਹੁਕਮ ਅਨੁਸਾਰ ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਇਹਨਾਂ ਪ੍ਰੀਖਿਆ ਕੇਂਦਰਾਂ ਵਿੱਚ ਗੁਰੂ ਕਾਸ਼ੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਆਰੀਆ ਮਾਡਲ ਸੀਨੀਅਰ ਸੈਕੰਡਰੀ ਸਕੂਲ, ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸਿਵਲ ਸਟੇਸ਼ਨ, ਦੇਸ ਰਾਜ ਮੈਮੋਰੀਅਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਆਰੀਆ ਗਰਲਜ ਸੀਨੀਅਰ ਸੈਕੰਡਰੀ ਸਕੂਲ, ਸ਼ਹੀਦ ਸਿਪਾਹੀ ਸੰਦੀਪ ਸਿੰਘ ਸੀਨੀਅਰ ਸੈਕੰਡਰੀ ਸਕੂਲ ਪਰਸ ਰਾਮ ਨਗਰ, ਗੁਰੂ ਨਾਨਕ ਦੇਵ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸਿਵਲ ਲਾਈਨ, ਐਮਐਚਆਰ ਸੀਨੀਅਰ ਸੈਕੰਡਰੀ ਸਕੂਲ, ਐਮਐਸਡੀ ਸੀਨੀਅਰ ਪਬਲਿਕ ਸਕੂਲ, ਐਸਐਸਡੀ ਮੋਤੀ ਰਾਮ ਕਨੋਂਈਆ ਮਹਾਂ ਵਿਦਿਆਲਿਆ ਸਕੂਲ, ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ, ਸ਼ਹੀਦ ਮੇਜਰ ਰਵੀ ਇੰਦਰ ਸਿੰਘ ਸੰਧੂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਮਾਲ ਰੋਡ, ਐਸਐਸਡੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਸੰਤ ਕਬੀਰ ਕੋਨਵੈਂਟ ਸਕੂਲ ਭੁੱਚੋ ਖੁਰਦ ਅਤੇ ਪੁਲਿਸ ਪਬਲਿਕ ਸਕੂਲ ਨੇੜੇ ਪੁਲਿਸ ਲਾਈਨ ਆਦਿ ਪ੍ਰੀਖਿਆ ਕੇਂਦਰ ਸ਼ਾਮਿਲ ਹਨ।

ਜਾਰੀ ਕੀਤੇ ਹੁਕਮ ਅਨੁਸਾਰ ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਪ੍ਰੀਖਿਆ ਕੇਂਦਰਾਂ ਦੇ ਆਲੇ-ਦੁਆਲੇ ਵਿਘਨ ਪਾਉਣ ਵਾਲੇ ਅਨਸਰ ਇਕੱਠੇ ਹੋ ਜਾਂਦੇ ਹਨ।

ਇਸ ਲਈ ਪ੍ਰੀਖਿਆ ਵਿੱਚ ਵਿਘਨ ਪਾਉਣ ਵਾਲੇ ਅਨਸਰਾ ਦੇ ਵਿਰੁੱਧ ਕਾਨੂੰਨੀ ਕਾਰਵਾਈ ਕਰਨ, ਟਰੈਫਿਕ ਦੀ ਵਿਵਸਥਾ ਨੂੰ ਸੁਚਾਰੂ ਬਣਾਈ ਰੱਖਣ ਅਤੇ ਸਮਾਜਿਕ ਦੂਰੀ ਬਣਾਈ ਰੱਖਣ ਦੇ ਲਈ ਉਕਤ ਪ੍ਰੀਖਿਆ ਕੇਂਦਰਾਂ ਦੇ 100 ਮੀਟਰ ਦੇ ਘੇਰੇ ਅੰਦਰ ਸੁਰੱਖਿਆ ਦੇ ਪੁਖਤਾ ਪ੍ਰਬੰਧ ਕਰਨ ਲਈ ਅਤੇ ਸਾਰੇ ਪ੍ਰੀਖਿਆ ਕੇਂਦਰਾਂ ਦੇ ਆਲੇ-ਦੁਆਲੇ ਦੇ 100 ਮੀਟਰ ਦੇ ਘੇਰੇ ਅੰਦਰ ਆਮ ਪਬਲਿਕ ਦੇ ਇਕੱਠੇ ਹੋਣ ਦੀ ਮਨਾਹੀ ਦੇ ਹੁਕਮ ਜਾਰੀ ਕੀਤੇ ਹਨ ਤਾਂ ਜੋ ਅਜਿਹੀ ਕੋਈ ਅਣਸੁਖਾਵੀ ਘਟਨਾ ਨਾ ਵਾਪਰ ਸਕੇ।

# 33ਵੇਂ ਅਦੁੱਤੀ ਗੁਰਮਤਿ ਸੰਗੀਤ ਸੰਮੇਲਨ 'ਚ ਸੰਗਤਾਂ ਵਲੋਂ ਕੀਰਤਨ ਸਰਵਣ ਕਰਨ ਦੇ ਨਾਲ-ਨਾਲ ਤੰਤੀ ਸਾਜ਼ਾਂ ਸਬੰਧੀ ਜਾਣਕਾਰੀ ਲੈਣ ਲਈ ਵੀ ਉਤਸ਼ਾਹ ਵੇਖਣ 'ਚ ਆਇਆ

ਲੁਧਿਆਣਾ, 3 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-




ਅਲੋਪ ਹੁੰਦੇ ਜਾ ਰਹੇ ਕੀਰਤਨ ਵਿਰਸੇ ਨੂੰ ਸੰਭਾਲਣ ਅਤੇ ਪੁਰਾਤਨ ਗੁਰਮਤਿ ਸੰਗੀਤ ਕੀਰਤਨ ਸ਼ੈਲੀ ਨੂੰ ਮੁੜ ਸੁਰਜੀਤ ਕਰਨ ਲਈ ਸੰਤ ਬਾਬਾ ਸੁੱਚਾ ਸਿੰਘ ਜੀ ਵਲੋਂ ਜਵੱਦੀ ਟਕਸਾਲ ਦੀ ਸਿਰਜਨਾ ਕਰਕੇ ਅਦੁੱਤੀ ਗੁਰਮਤਿ ਸੰਗੀਤ ਸੰਮੇਲਨ ਆਰੰਭ ਕਰਨਾ ਬਹੁਤ ਹੀ ਸ਼ਲਾਘਾਯੋਗ ਉੱਦਮ ਸੀ। ਅਜੋਕੇ ਸਮੇਂ ਵਿਚ ਮਹਾਂਪੁਰਸ਼ਾਂ ਦੇ ਜਾਨਸ਼ੀਨ ਜਵੱਦੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਬਾਬਾ ਅਮੀਰ ਸਿੰਘ ਜੀ ਸਬਤਕਦਮੀ ਨਾਲ ਮਹਾਂਪੁਰਸ਼ਾਂ ਵਲੋਂ ਅਰੰਭੇ ਕਾਰਜਾਂ ਲਈ ਨਿਰੰਤਰ ਕਾਰਜਸ਼ੀਲ ਹਨ। ਬੀਤੀ ਸ਼ਾਮ ਤੋਂ ਆਰੰਭ ਹੋਏ ਅਦੁੱਤੀ ਗੁਰਮਤਿ ਸੰਗੀਤ ਸੰਮੇਲਨ ਵਿਚ ਵੱਡੀ ਗਿਣਤੀ ਵਿਚ ਸੰਗਤਾਂ ਦੀ ਆਮਦ ਵੇਖਣ 'ਚ ਆਈ, ਉਥੇ ਸੰਗਤਾਂ ਦੀ ਤੰਤੀ ਸਾਜ਼ਾਂ ਸਬੰਧੀ ਜਾਣਕਾਰੀ ਲੈਣ ਲਈ ਵੀ ਉਤਸ਼ਾਹ ਵੇਖਣ 'ਚ ਆਇਆ।

ਦੱਸਣਾ ਬਣਦਾ ਹੈ ਕਿ ਮਹਾਂਪੁਰਸ਼ਾਂ ਨੇ ਅਦੁੱਤੀ ਗੁਰਮਤਿ ਸੰਗੀਤ ਸੰਮੇਲਨ ਵਾਲੇ ਸਮਾਗਮ ਦੇ ਸਨਮੁੱਖ ਰਬਾਬ, ਦਿਲਰੁਬਾ ਆਦਿ ਤੰਤੀ ਸਾਜ਼ਾਂ ਨੂੰ ਸਨਮਾਨ ਨਾਲ ਪ੍ਰਦਰਸ਼ਨ ਕਰਕੇ ਸੰਗਤਾਂ ਨੂੰ ਉਨ੍ਹਾਂ ਦੀ ਜਾਣਕਾਰੀ ਦੇਣ ਦਾ ਵੀ ਵਿਸ਼ੇਸ਼ ਉਪਰਾਲਾ ਕੀਤਾ ਹੋਇਆ ਹੈ। ਕੱਲ ਆਰੰਭ ਹੋਏ ਅਦੁੱਤੀ ਗੁਰਮਤਿ ਸੰਗੀਤ ਸੰਮੇਲਨ ਵਿਚ ਤੰਤੀ ਸਾਜ਼ਾਂ ਦੀ ਟੁਣਕਾਰ ਨਾਲ ਅਜਿਹਾ ਅਲੌਕਿਕ ਸਮਾਂ ਬੱਝਿਆ ਕਿ ਸਰੋਤੇ ਵਿਸਮਾਦ ਵਿਚ ਆ ਕੇ ਪਰਮਾਤਮਾ ਦੇ ਧਿਆਨ ਵਿੱਚ ਲੀਨ ਹੋਏ। ਜੁੜੀਆਂ ਸੰਗਤਾਂ ਵਿਚ ਗਿਆਨੀ ਗੁਰਵਿੰਦਰ ਸਿੰਘ ਨੇ ਗੱਲਬਾਤ ਕਰਦਿਆ ਦਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸ਼ੁੱਧ ਰਾਗਾਂ ਪੁਰਾਤਨ ਗੀਤਾਂ ਬੰਦਿਸ਼ਾਂ ਤਾਲਾ ਛੰਤਾਂ ਵਾਰਾਂ ਅਲਾਹੁਣੀਆਂ ਭਾਵ ਹਰੇਕ ਸੰਗੀਤਕ ਵੰਨਗੀ ਦਾ ਬੇਜੋੜ ਖਜਾਨਾ ਹੈ। ਜਦੋਂ ਦਾ ਅਦੁੱਤੀ ਗੁਰਮਤਿ ਸੰਗੀਤ ਸੰਮੇਲਨ ਆਰੰਭ ਹੋਇਆ ਉਸ ਵੇਲੇ ਤੋਂ ਗੁਰਮਤਿ ਸੰਗੀਤ ਦੇ ਪ੍ਰੇਮੀਆਂ ਨੂੰ ਪੁਰਾਤਨ ਰਾਗੀ, ਫਰੋਦਸਤ, ਦੀਪਚੰਦੀ, ਆੜਾ ਚੌਤਾਲ, ਇਕ ਤਾਲ, ਪੜਤਾਲ, ਧਰੁਪਦ, ਧਮਾਰ ਆਦਿ ਬਿਖੜੇ ਤਾਲਾਂ ਦੀ ਵਰਤੋਂ ਨਾਲ ਸਮਾਂ ਸਫਲ ਹੁੰਦਾ ਆਇਆ ਹੈ। ਕੀਰਤਨ ਦੇ ਚਾਰੇ ਅੰਗਾਂ ਸ਼ਾਨ, ਵਿਲੰਬਤ ਵਿਚ ਮੰਗਲਾਚਰਨ, ਸਮੇਂ ਦੇ ਰਾਗ ਤੇ ਪੁਰਾਤਨ ਬੰਦਸ਼ਾਂ ਦੇ ਗਾਇਨ ਹੁੰਦੇ ਨੇ, ਕੀਰਤਨ ਨੂੰ ਸਰਵਣ ਕਰਨ ਦਾ ਸੁਭਾਗ ਅਵਸਰ ਨਸੀਬ ਹੁੰਦਾ ਹੈ। ਸੰਗਤਾਂ ਵਿੱਚ ਗੁਰਮਤਿ ਸੰਗੀਤ ਪ੍ਰਤੀ ਜਾਗ੍ਰਤੀ ਪੈਦਾ ਹੋਈ ਹੈ। ਸੰਤ ਬਾਬਾ ਅਮੀਰ ਸਿੰਘ ਜੀ ਨੇ ਬੀਤੇ ਕੱਲ ਗੁਰਮਤਿ ਸੰਗੀਤ ਦੇ ਧਨੀ ਭਾਈ ਗੁਰਮੀਤ ਸਿੰਘ ਸ਼ਾਂਤ ਨੂੰ ਵਿਸ਼ੇਸ਼ ਸਨਮਾਨਿਤ ਕੀਤਾ। ਉਨ੍ਹਾਂ ਜਵੱਦੀ ਟਕਸਾਲ ਵਲੋਂ ਧਰਮ ਖੇਤਰ ਖਾਸ ਕਰਕੇ ਗੁਰਮਤਿ ਸੰਗੀਤ ਲਈ ਨਿਭਾਈਆਂ ਜਾਂਦੀਆਂ ਸੇਵਾਵਾਂ ਦਾ ਜਿਕਰ ਕਰਦਿਆਂ ਕਿਹਾ ਕਿ ਅਦੁੱਤੀ ਗੁਰਮਤਿ ਸੰਗੀਤ ਸੰਮੇਲਨ ਵਿਚ ਸ਼ੁੱਧ ਰਾਗਾਂ ਵਿਚ ਕੀਤੇ ਜਾਂਦੇ ਕੀਰਤਨ ਨੂੰ ਸੰਗਤ ਭੁੱਲ ਨਹੀਂ ਸਕਦੀਆਂ।

# ਭਾਈ ਗੁਰਜੀਤ ਸਿੰਘ ਖਾਲਸਾ ਦੀ ਹਮਾਇਤ 'ਚ ਤੀਜੇ ਦਿਨ ਵੀ ਭੁੱਖ ਹੜਤਾਲ ਜਾਰੀ



ਸਮਾਣਾ, 3 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਮੂਹ ਧਰਮਾਂ ਦੇ ਧਾਰਮਿਕ ਗ੍ਰੰਥਾਂ ਦੇ ਸਤਿਕਾਰ ਲਈ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਵਾਰ-ਵਾਰ ਹੋ ਰਹੀਆਂ ਘਟਨਾਵਾਂ ਨੂੰ ਰੋਕਣ ਲਈ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਸਮਾਣਾ ਤਹਿਸੀਲ ਪਾਰਕ ਵਿਖੇ ਭਾਰਤੀ ਸੰਚਾਰ ਨਿਗਮ ਦੇ 400 ਫੁੱਟ ਉੱਚੇ ਟਾਵਰ 'ਤੇ ਮੋਰਚਾ ਲਾਈ ਬੈਠੇ ਭਾਈ ਗੁਰਜੀਤ ਸਿੰਘ ਦੀ ਸਪੋਟ 'ਚ ਸਮਾਜ ਸੇਵੀ ਨੀਟਾ ਚੀਮਾ ਵੀ ਦੋ ਦਿਨਾਂ ਲਈ ਭੁੱਖ ਹੜਤਾਲ ਤੇ ਬੈਠੇ ਸਨ, ਅੱਜ ਭੁੱਖ ਹੜਤਾਲ ਦੇ ਦੂਸਰੇ ਦਿਨ ਉਨ੍ਹਾਂ ਨਾਲ ਕਰਮਜੀਤ ਸਿੰਘ ਕਤਰ ਵੀ ਭੁੱਖ ਹੜਤਾਲ ਤੇ ਬੈਠੇ। ਇਸ ਮੌਕੇ ਨੀਟਾ ਚੀਮਾ ਤੇ ਕਰਮਜੀਤ ਕਤਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨੀਟਾ ਚੀਮਾ ਨੇ ਕਿਹਾ ਕਿ ਸਮੂਹ ਧਾਰਮਿਕ ਗ੍ਰੰਥਾਂ ਦੇ ਸਤਿਕਾਰ ਲਈ ਭਾਈ ਗੁਰਜੀਤ ਸਿੰਘ ਖਾਲਸਾ ਪਿਛਲੇ ਮਹੀਨੇ 12 ਅਕਤੂਬਰ ਤੋਂ ਬੀ ਐਸ ਐਨ ਐਲ ਦੇ 400 ਫੁੱਟ ਉੱਚੇ ਟਾਵਰ 'ਤੇ ਪੱਕਾ ਮੋਰਚਾ ਲਾਈ ਬੈਠੇ ਹਨ ਅਤੇ ਭਾਈ ਸਾਹਿਬ ਵਲੋਂ ਐਲਾਨ ਕੀਤਾ ਹੋਇਆ ਹੈ ਕਿ ਮੰਗ ਮੰਨੇ ਜਾਣ ਤੱਕ ਉਹ ਟਾਵਰ 'ਤੇ ਹੀ ਰਹਿਣਗੇ। ਪਰ ਬਹੁਤ ਦੁੱਖ ਵਾਲੀ ਗੱਲ ਹੈ ਕਿ ਮੌਕੇ ਦੀਆਂ ਸਰਕਾਰਾਂ ਵਲੋਂ ਇਸ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਹੈ ਅਤੇ ਇਸ ਮੋਰਚੇ ਨੂੰ ਅਣਗੌਲਿਆਂ ਕੀਤਾ ਜਾ ਰਿਹਾ ਹੈ ਉਨ੍ਹਾਂ ਅਫ਼ਸੋਸ ਜ਼ਾਹਿਰ ਕਰਦਿਆਂ ਕਿਹਾ ਕਿ ਸੱਤਾ ਵਿਚ ਬੈਠੇ ਲੋਕ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਭੜਕਾ ਕੇ ਵੋਟਾਂ ਲੈਣੀਆਂ ਤਾਂ ਜਾਣਦੇ ਹਨ। ਪਰ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦੀ ਸੁਰੱਖਿਆ ਕਰਨ ਤੋਂ ਇਨਕਾਰੀ ਹਨ। ਇਸ ਮੌਕੇ ਹਾਜ਼ਰ ਭਾਈ ਕੁਲਦੀਪ ਸਿੰਘ ਢੀਂਠਲ ਨੇ ਕਿਹਾ ਕਿ ਸੂਬਾ ਅਤੇ ਕੇਂਦਰ ਸਰਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਰੋਕਣ ਲਈ ਗੰਭੀਰ ਨਹੀਂ ਹਨ।

ਉਨ੍ਹਾਂ ਅਫ਼ਸੋਸ ਪ੍ਰਗਟ ਕੀਤਾ ਕਿ ਭਾਈ ਗੁਰਜੀਤ ਸਿੰਘ ਨੂੰ ਟਾਵਰ 'ਤੇ ਚੜ੍ਹੇ ਹੋਏ ਨੂੰ 50 ਦਿਨ ਬੀਤ ਚੁੱਕੇ ਹਨ ਪਰ ਸਰਕਾਰ ਵਲੋਂ ਕੋਈ ਹੁੰਗਾਰਾ ਨਹੀਂ ਮਿਲਿਆ, ਪਹਿਲੇ ਦਿਨ ਪਹੁੰਚੇ ਡਾ ਹਰਮੇਸ਼ ਸਿੰਘ ਹਿਆਣਾ, ਪੰਜਾਬ ਪ੍ਰਧਾਨ ਦਲਿਤ ਸਮਾਜ ਸੇਵਾ ਸੰਗਠਨ ਰਜਿ ਪੰਜਾਬ,ਭਾਈ ਬਗੀਚਾ ਸਿੰਘ ਵੜੈਚ, ਹਰਬੰਸ ਸਿੰਘ ਖਾਲਸਾ ਜ਼ਿਲ੍ਹਾ ਜਥੇਦਾਰ ਪਟਿਆਲਾ, ਸੋਨੀ ਲਚਕਾਣੀ ਜ਼ਿਲ੍ਹਾ ਕੈਸ਼ੀਅਰ ਪਟਿਆਲਾ, ਪ੍ਰੀਕਸ਼ਤ ਪਾਠਕ, ਕਰਮਜੀਤ ਸਿੰਘ ਕਤਰ, ਦਵਿੰਦਰ ਸਿੰਘ ਚੀਮਾ, ਲਵ ਸਮਾਣਾ ਅਤੇ ਤਰਨਜੀਤ ਸਿੰਘ,ਪਿੰਡ ਕਾਹਨਗੜ ਭੂਤਨਾ ਤੋਂ ਸਰਪੰਚ ਦਵਿੰਦਰ ਸਿੰਘ ਚੀਮਾ, ਸਾਬਕਾ ਬਲਾਕ ਸੰਮਤੀ ਮੈਂਬਰ ਤਰਨਜੀਤ ਸਿੰਘ ਸਾਬਕਾ ਮੈਂਬਰ ਹਰਭਜਨ ਸਿੰਘ ਜਸਪਾਲ ਸਿੰਘ ਦਰਜੀ, ਸਨਦੀਪ ਸਿੰਘ ਸੋਨੀ,, ਜਗਤਾਰ ਸਿੰਘ ਘੁੰਡਰਾਂਵਾਲੇ, ਭੀਮ ਸਿੰਘ, ਮੈਂਬਰ ਹਰਵੰਸ਼ ਸਿੰਘ ਗਬਦੂ, ਸੁਨੀਲ ਸਿੰਘ ਸ਼ੈਟੀ, ਫਤਿਹ ਮਾਜਰੀ ਤੋਂ ਬਾਬਾ ਲਖਬੀਰ ਸਿੰਘ, ਅਵਤਾਰ ਸਿੰਘ,ਸਰਾਂ ਪੱਤੀ ਤੋਂ ਅਕਾਲੀ ਆਗੂ ਸੋਨੀ ਕਿੰਗ, ਬਾਬਾ ਹਰਜਿੰਦਰ ਸਿੰਘ ਨਿੱਕੀ ਤੋਂ ਇਲਾਵਾ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

## ਸੰਪਾਦਕੀ

# ਲੋਕਾਂ ਦੁਆਰਾ ਚੁਣੀਆਂ ਪੰਚਾਇਤ ਦੇ ਹੱਕ

ਦੇਸ਼ ਵਿੱਚ ਚੁਣੇ ਹੋਏ ਲੋਕ ਨੁਮਾਇੰਦਿਆਂ ਅਤੇ ਅਫਸਰਸ਼ਾਹੀ ਵਿਚਕਾਰ ਸਬੰਧਾਂ ਨੂੰ ਲੈ ਕੇ ਬਹਿਸ ਲੰਮੇ ਅਰਸੇ ਤੋਂ ਚੱਲ ਰਹੀ ਹੈ। ਸ਼ਾਸਨ ਦੇ ਉਤਲੇ ਪੱਧਰਾਂ ’ਤੇ ਇਸ ਦੀ ਕਲਪਨਾ ਕੁਝ ਵੱਖਰੇ ਕਿਸਮ ਦੀ ਹੈ; ਹੇਠਲੇ ਪੱਧਰਾਂ ਖ਼ਾਸਕਰ ਪੰਚਾਇਤੀ ਰਾਜ ਪ੍ਰਣਾਲੀ ਵਿੱਚ ਲੋਕਾਂ ਦੇ ਚੁਣੇ ਹੋਏ ਨੁਮਾਇੰਦਿਆਂ ਦੀ ਹੈਸੀਅਤ ਨੂੰ ਅਫਸਰਸ਼ਾਹੀ ਵੱਲੋਂ ਅਕਸਰ ਨਕਾਰ ਦਿੱਤਾ ਜਾਂਦਾ ਹੈ। ਇਸੇ ਪ੍ਰਸੰਗ ਵਿੱਚ ਛੱਤੀਸਗੜ੍ਹ ਦੀ ਬਰਖ਼ਾਸਤ ਸਰਪੰਚ ਦੀ ਪਟੀਸ਼ਨ ’ਤੇ ਸੁਪਰੀਮ ਕੋਰਟ ਦੇ ਹਾਲੀਆ ਫ਼ੈਸਲੇ ਨੇ ਦੇਸ਼ ਭਰ ਵਿੱਚ ਚੁਣੇ ਹੋਏ ਲੋਕ ਨੁਮਾਇੰਦਿਆਂ ਅਤੇ ਅਫ਼ਸਰਸ਼ਾਹੀ ਦੇ ਸਬੰਧਾਂ ਦੇ ਵਡੇਰੇ ਸਵਾਲ ਵੱਲ ਧਿਆਨ ਖਿੱਚਿਆ ਹੈ।

ਜਸਟਿਸ ਸੂਰਿਆ ਕਾਂਤ ਅਤੇ ਉੱਜਲ ਭੂਈਆਂ ਦੇ ਬੈਂਚ ਨੇ ਛੱਤੀਸਗੜ੍ਹ ਦੇ ਜਸ਼ਪੁਰ ਜ਼ਿਲ੍ਹੇ ਦੇ ਇੱਕ ਪਿੰਡ ਦੀ ਬਰਖ਼ਾਸਤ ਸਰਪੰਚ ਸੋਨਮ ਲਾਕੜਾ ਨੂੰ ਬਹਾਲ ਕਰਨ ਦਾ ਹੁਕਮ ਦਿੰਦਿਆਂ ਅਫਸਰਸ਼ਾਹੀ ਦੇ ਰਵੱਈਏ ਬਾਰੇ ਜੋ ਟਿੱਪਣੀਆਂ ਕੀਤੀਆਂ ਹਨ, ਉਹ ਵਾਚਣ ਅਤੇ ਵਿਚਾਰਨ ਯੋਗ ਹਨ। ਇਸ 27 ਸਾਲਾ ਸਰਪੰਚ ਨੂੰ ਛੱਤੀਸਗੜ੍ਹ ਵਿੱਚ ਭੂਪੇਸ਼ ਬਘੇਲ ਦੀ ਪਿਛਲੀ ਕਾਂਗਰਸ ਸਰਕਾਰ ਵੇਲੇ ਬਰਤਰਫ਼ ਕੀਤਾ ਗਿਆ ਸੀ ਅਤੇ ਇਸ ਵੇਲੇ ਵਿਸ਼ਣੂ ਦਿਓ ਸਾਈ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਨੇ ਇਸ ਦੀ ਜਚ ਕੇ ਪੈਰਵੀ ਕੀਤੀ। ਕੇਸ ਦੇ ਵੇਰਵਿਆਂ ਮੁਤਾਬਿਕ, ਜਨਪਦ ਪੰਚਾਇਤ ਦੇ ਮੁੱਖ ਕਾਰਜਕਾਰੀ ਅਫਸਰ ਨੇ 16 ਦਸੰਬਰ 2022 ਨੂੰ ਕੁਝ ਵਿਕਾਸ ਕਾਰਜਾਂ ਲਈ ਕੰਮ ਦਾ ਆਰਡਰ ਜਾਰੀ ਕੀਤਾ ਜੋ ਤਿੰਨ ਮਹੀਨੇ ਵਿੱਚ ਪੂਰੇ ਕੀਤੇ ਜਾਣੇ ਸਨ। ਤਿੰਨ ਮਹੀਨਿਆਂ ਦੀ ਮਿਆਦ ਪੂਰੀ ਹੋਣ ਤੋਂ ਇੱਕ ਦਿਨ ਪਹਿਲਾਂ ਮਹਿਲਾ ਸਰਪੰਚ ਨੂੰ ਇਹ ਆਰਡਰ ਸੌਂਪਿਆ ਗਿਆ। ਉਸ ਤੋਂ ਬਾਅਦ ਕੰਮ ਪੂਰਾ ਕਰਨ ਵਿੱਚ ਦੇਰੀ ਬਦਲੇ ਸਰਪੰਚ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰ ਦਿੱਤਾ। ਲਾਕੜਾ ਦੇ ਸਪੱਸ਼ਟੀਕਰਨ ਦੇ ਬਾਵਜੂਦ ਉਸ ਨੂੰ 18 ਜਨਵਰੀ ਨੂੰ ਬਰਖ਼ਾਸਤ ਕਰ ਦਿੱਤਾ; ਹਾਈ ਕੋਰਟ ਨੇ ਵੀ ਉਸ ਦੀ ਅਪੀਲ ਰੱਦ ਕਰ ਦਿੱਤੀ।

ਸੁਪਰੀਮ ਕੋਰਟ ਨੇ ਲਾਕੜਾ ਖ਼ਿਲਾਫ਼ ਦੋਸ਼ਾਂ ਨੂੰ ਸਿਰੇ ਤੋਂ ਖਾਰਜ ਕਰਦਿਆਂ ਆਖਿਆ- ਪ੍ਰਸ਼ਾਸਨਿਕ ਅਧਿਕਾਰੀ ਆਪਣੀ ਬਸਤੀਵਾਦੀ ਮਨੋਦਸ਼ਾ ਕਰ ਕੇ ਚੁਣੇ ਹੋਏ ਲੋਕ ਨੁਮਾਇੰਦਿਆਂ ਅਤੇ ਜਨ ਸੇਵਕਾਂ (ਸਰਕਾਰੀ ਅਫਸਰਾਂ) ਵਿਚਲਾ ਫ਼ਰਕ ਪਛਾਣਨ ਤੋਂ ਨਾਕਾਮ ਰਹੇ ਹਨ। ਬੈਂਚ ਨੇ ਆਖਿਆ ਕਿ ਕਈ ਵਾਰ ਲਾਕੜਾ ਜਿਹੇ ਚੁਣੇ ਹੋਏ ਲੋਕ ਨੁਮਾਇੰਦਿਆਂ ਨੂੰ ਅਫਸਰਸ਼ਾਹੀ ਵੱਲੋਂ ਆਪਣੇ ਮਾਤਹਿਤ ਗਿਣਿਆ ਜਾਂਦਾ ਹੈ ਅਤੇ ਉਨ੍ਹਾਂ ਮੁਤੱਲਕ ਅਜਿਹੇ ਫ਼ਰਮਾਨ ਜਾਰੀ ਕਰ ਦਿੱਤੇ ਜਾਂਦੇ ਹਨ ਜਿਨ੍ਹਾਂ ਕਰ ਕੇ ਉਨ੍ਹਾਂ ਦੀ ਖ਼ੁਦਮੁਖ਼ਤਾਰੀ ਅਤੇ ਜਵਾਬਦੇਹੀ ਉੱਪਰ ਡੂੰਘਾ ਅਸਰ ਪੈਂਦਾ ਹੈ। ਪੰਚਾਇਤਾਂ ਨੂੰ ਲੋਕਰਾਜ ਦੀ ਨੀਂਹ ਮੰਨਿਆ ਜਾਂਦਾ ਹੈ ਅਤੇ ਪਿੰਡਾਂ ਵਿੱਚ ਵਿਕਾਸ ਦੀ ਪ੍ਰਕਿਰਿਆ ਨੂੰ ਕਾਰਗਰ ਬਣਾਉਣ ਦੇ ਮੰਤਵ ਨਾਲ 1994 ਵਿੱਚ ਪੰਚਾਇਤੀ ਰਾਜ ਐਕਟ ਲਾਗੂ ਕੀਤਾ ਗਿਆ ਸੀ ਜਿਸ ਨੂੰ ਸੰਵਿਧਾਨ ਦੀ 73ਵੀਂ ਸੋਧ ਦੇ ਨਾਂ ਨਾਲ ਵੀ ਜਾਣਿਆ ਜਾਂਦਾ ਹੈ। ਇਸੇ ਤਹਿਤ ਪੰਚਾਇਤਾਂ ਵਿੱਚ ਔਰਤਾਂ ਦੇ ਰਾਖਵੇਂਕਰਨ ਦੀ ਵਿਵਸਥਾ ਕੀਤੀ ਗਈ ਸੀ। ਸੁਪਰੀਮ ਕੋਰਟ ਨੇ ਕਿਹਾ ਹੈ ਕਿ ਅਫਸਰਸ਼ਾਹੀ ਨੂੰ ਅਜਿਹਾ ਪਿਛਾਂਹਖਿੱਚੂ ਰਵੱਈਆ ਅਪਣਾਉਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਜਿਸ ਨਾਲ ਔਰਤਾਂ ਦੇ ਚੁਣੇ ਹੋਏ ਲੋਕ ਨੁਮਾਇੰਦਿਆਂ ਵਜੋਂ ਕੰਮ ਕਰਨ ਵਿੱਚ ਉਨ੍ਹਾਂ ਦੇ ਮਨੋਬਲ ਨੂੰ ਢਾਹ ਲੱਗਦੀ ਹੋਵੇ। ਅਕਸਰ ਦੇਖਣ ਵਿੱਚ ਆਉਂਦਾ ਹੈ ਕਿ ਅਫ਼ਸਰਸ਼ਾਹੀ ਤੋਂ ਇਲਾਵਾ ਪੰਚਾਇਤਾਂ ਦੇ ਕੰਮ-ਕਾਜ ਵਿੱਚ ਸਿਆਸੀ ਪਾਰਟੀਆਂ ਦੀ ਦਖ਼ਲਅੰਦਾਜ਼ੀ ਜਿੱਥੇ ਪੰਚਾਇਤੀ ਰਾਜ ਐਕਟ ਦੀ ਰੂਹ ਨੂੰ ਮਧੋਲਦੀ ਹੈ, ਉੱਥੇ ਪਿੰਡਾਂ ਦੇ ਵਿਕਾਸ ਨੂੰ ਵੀ ਲੀਹੋਂ ਲਾਹੁੰਦੀ ਹੈ। ਰਾਜਾਂ ਵਿੱਚ ਸੱਤਾਧਾਰੀ ਪਾਰਟੀਆਂ ਦੇ ਆਗੂ ਪੰਚਾਇਤਾਂ ’ਤੇ ਕੰਟਰੋਲ ਦਾ ਹੱਕ ਸਮਝ ਲੈਂਦੇ ਹਨ ਅਤੇ ਇਸ ਅਲਾਮਤ ਦੀ ਨਿਸ਼ਾਨਦੇਹੀ ਕਰ ਕੇ ਇਸ ਖ਼ਿਲਾਫ਼ ਪੁਖਤਾ ਇੰਤਜ਼ਾਮ ਕੀਤੇ ਜਾਣੇ ਚਾਹੀਦੇ ਹਨ।

## ਸ਼ਹੀਦ ਬਾਬਾ ਦੀਪ ਸਿੰਘ ਸੋਸਾਇਟੀ ਵੱਲੋਂ ਮਾਊਂਟ ਐਵਰੈਸਟ ਤੇ ਨਿਸ਼ਾਨ ਸਾਹਿਬ ਲਹਿਰਾਉਣ ਵਾਲੇ ਮਲਕੀਤ ਸਿੰਘ ਦਾ ਕੀਤਾ ਗਿਆ ਸਨਮਾਨ



**ਨਾਭਾ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਲਕੀਤ ਸਿੰਘ ਨਿਊਜ਼ੀਲੈਂਡ ਵਰਗੇ ਅੰਮ੍ਰਿਤਧਾਰੀ ਜੁਝਾਰੂ ਸਿੰਘਾਂ ਵੱਲੋਂ ਕੀਤੇ ਜਾ ਰਹੇ ਵੱਡੇ ਕਾਰਜ ਜੋ ਦੁਨੀਆਂ ਦੇ ਅੰਦਰ ਮਿਸਾਲ ਬਣ ਜਾਂਦੇ ਹਨ ਅਜਿਹੇ ਵੱਡੇ ਕਾਰਜਾਂ ਦੇ ਹੋਣ ਉਪਰੰਤ ਵੀ ਗੁਰਸਿੱਖ ਵੱਲੋਂ ਇਹ ਗੱਲ ਕਹਿਣੀ ਕਿ ਮੇਰੇ ਤੋਂ ਇਹ ਕੰਮ ਕਰਵਾਇਆ ਗਿਆ ਹੈ ਮੈਂ ਆਪ ਨਹੀਂ ਕੀਤਾ ਗੁਰੂ ਸਾਹਿਬ ਨੇ ਆਪ ਕਰਵਾ ਲਿਆ ਵੱਡੀ ਅਤੇ ਵਿਲੱਖਣ ਹੈ ਮਲਕੀਤ ਸਿੰਘ ਨਿਊਜ਼ੀਲੈਂਡ ਜੋ ਅੱਜ ਕੱਲ ਪੰਜਾਬ ਆਏ ਹੋਏ ਨੇ ਉਹਨਾਂ ਵੱਲੋਂ ਮਈ 2024 ਵਿੱਚ ਮਾਊਂਟ ਐਵਰੈਸਟ ਤੇ ਜਾ ਕੇ ਨਿਸ਼ਾਨ ਸਾਹਿਬ ਲਹਿਰਾਇਆ ਗਿਆ ਅਤੇ ਕਿਹਾ ਕਿ ਇਹ ਕੰਮ ਗੁਰੂ ਸਾਹਿਬ ਦੀ ਕਿਰਪਾ ਨਾਲ ਹੋਇਆ ਹੈ ਮੇਰੇ ਤੋਂ ਇਹ ਕੰਮ ਸਰ ਨਹੀਂ ਸੀ ਹੋਣਾ ਪੰਜਾਬ ਪਬਲਿਕ ਸਕੂਲ ਨਾਭਾ ਵਿੱਚ ਪੜੇ ਮਲਕੀਤ ਸਿੰਘ ਦਾ ਸ਼ਹੀਦ ਬਾਬਾ ਦੀਪ ਸਿੰਘ ਵੈਲਫੇਅਰ ਸੇਵਾ ਸੋਸਾਇਟੀ ਰਜਿ ਨਾਭਾ ਵੱਲੋਂ ਮੁੱਖ ਸੇਵਾਦਾਰ ਅਮਨਦੀਪ ਸਿੰਘ ਲਵਲੀ ਦੀ ਅਗਵਾਈ ਵਿੱਚ ਗੁਰਦੁਆਰਾ ਡੇਰਾ ਬਾਬਾ ਅਜਾਪਾਲ ਸਿੰਘ ਜੀ ਘੋੜਿਆਂ ਵਾਲਾ ਵਿਖੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਮਲਕੀਤ ਸਿੰਘ ਵੱਲੋਂ ਦਿੱਤੀ ਜਾਣਕਾਰੀ ਮੁਤਾਬਿਕ ਮੋਟੀ ਰਕਮ ਦੇ ਕੇ ਪਹਿਲਾਂ ਮਾਊਂਟ ਐਵਰੈਸਟ ਤੇ ਜਾਣ ਲਈ ਪਰਮਟ ਲੈਣਾ ਪੈਂਦਾ ਹੈ। ਉਹਨਾਂ ਵੱਲੋਂ ਪਰਮਟ ਮਿਲਣ ਉਪਰੰਤ ਆਪਣੇ ਪਰਿਵਾਰ ਨੂੰ ਜਾਣਕਾਰੀ ਦਿੱਤੀ ਗਈ ਕਿ ਉਹ ਮਾਊਂਟ ਐਵਰੈਸਟ ਤੇ ਜਾ ਰਹੇ ਹਨ ਉਹਨਾਂ ਵੱਲੋਂ ਦਿੱਤੀ ਜਾਣਕਾਰੀ ਮੁਤਾਬਿਕ ਉੱਥੇ 70 ਦੇ ਕਰੀਬ ਲਾਸ਼ਾਂ ਪਈਆਂ ਸਨ ਹੈਲੀਕਾਪਟਰ ਦੇ ਉੱਪਰ ਧੁਰ ਤੱਕਰ ਨਾ ਜਾਣ ਕਾਰਨ ਲਾਸ਼ਾਂ ਨੂੰ ਚੁੱਕ ਕੇ ਨੀਚੇ ਨਹੀਂ ਲਿਆਂਦਾ ਜਾ ਸਕਦਾ

ਜੇਕਰ ਜਾਣ ਵਾਲੇ ਵਿਅਕਤੀ ਵਿੱਚ ਜਨੂਨ ਨਾ ਹੋਵੇ ਤਾਂ ਇਹ ਮੋਰਚਾ ਫਤਿਹ ਨਹੀਂ ਹੁੰਦਾ ਮਲਕੀਤ ਸਿੰਘ ਵੱਲੋਂ ਦਿੱਤੀ ਜਾਣਕਾਰੀ ਲੂਹ ਕੰਡੇ ਖੜੇ ਹੋਣ ਵਾਲੀ ਸੀ ਕਿਸ ਤਰ੍ਹਾਂ ਪੈਸੇ ਦੇ ਕੇ ਮੌਤ ਵੱਲ ਨੂੰ ਵਿਅਕਤੀ ਵੱਧਦਾ ਹੈ

ਸਨਮਾਨ ਮੌਕੇ ਡਾਕਟਰ ਮਨਿੰਦਰ ਸਿੰਘ ਕਥਾਵਾਚਕ, ਹੈਡ ਗ੍ਰੰਥੀ ਹਰਜਿੰਦਰ ਸਿੰਘ ਮੱਲੇਵਾਲ ,ਬਹਾਦਰ ਸਿੰਘ, ਜਸਪਾਲ ਸਿੰਘ , ਰਾਜਕੁਮਾਰ ਰਾਜੂ ,ਹਰਪ੍ਰੀਤ ਸਿੰਘ ਸ੍ਰੀ ਗੁਰੂ ਰਾਮਦਾਸ ਸੇਵਾ ਸੋਸਾਇਟੀ, ਮਨਦੀਪ ਕੌਰ ,ਜਸਵਿੰਦਰ ਸਿੰਘ ,ਜਥੇਦਾਰ ਹਾਕਮ ਸਿੰਘ ਗੁਰੂ ਹਰਗੋਬਿੰਦ ਸਾਹਿਬ ਸੇਵਾ ਸੁਸਾਇਟੀ, ਨਿਰਮਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਗੁਰੂ ਘਰ ਪਹੁੰਚੀਆਂ ਹੋਈਆਂ ਸੰਗਤਾਂ ਵੱਖ ਵੱਖ ਸੋਸਾਇਟੀਆਂ ਦੇ ਮੈਂਬਰ ਹਾਜ਼ਰ ਸਨ

# ਐਮਪੀ ਸੰਜੀਵ ਅਰੋੜਾ ਨੇ ਰੱਖਿਆ ਮੰਤਰੀ ਰਾਜਨਾਥ ਸਿੰਘ ਨਾਲ ਕੀਤੀ ਮੁਲਾਕਾਤ



**ਲੁਧਿਆਣਾ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਸਦ ਮੈਂਬਰ (ਰਾਜ ਸਭਾ) ਸੰਜੀਵ ਅਰੋੜਾ ਨੇ ਵੀਰਵਾਰ ਨੂੰ ਨਵੀਂ ਦਿੱਲੀ ਵਿੱਚ ਰੱਖਿਆ ਮੰਤਰੀ ਰਾਜਨਾਥ ਸਿੰਘ ਨਾਲ ਮੁਲਾਕਾਤ ਕੀਤੀ ਅਤੇ ਭਾਰਤੀ ਹਵਾਈ ਸੈਨਾ (ਆਈਏਐਫ) ਵੱਲੋਂ ਹਲਵਾਰਾ ਹਵਾਈ ਅੱਡੇ ਦੇ ਕੰਮ ਵਿੱਚ ਤੇਜ਼ੀ ਲਿਆਉਣ ਦੀ ਬੇਨਤੀ ਕੀਤੀ।

ਸ਼ੁੱਕਰਵਾਰ ਨੂੰ ਇੱਥੇ ਇਹ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਆਪਣੀ ਮੀਟਿੰਗ ਦੌਰਾਨ ਰੱਖਿਆ ਮੰਤਰੀ ਨੂੰ ਹਲਵਾਰਾ ਹਵਾਈ ਅੱਡੇ, ਜਿਸ ਨੂੰ ਭਾਰਤੀ ਹਵਾਈ ਸੈਨਾ (ਆਈ.ਏ.ਐਫ.) ਵੱਲੋਂ ਸੰਚਾਲਿਤ ਕੀਤਾ ਜਾਂਦਾ ਹੈ, ਦੀ ਹਵਾਈ ਪੱਟੀ ਦੇ ਚੱਲ ਰਹੇ ਕੰਮ ਬਾਰੇ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਇਹ ਪ੍ਰਾਜੈਕਟ ਹਵਾਈ ਅੱਡੇ ਦੀ ਸੰਚਾਲਨ ਸਮਰੱਥਾ ਨੂੰ ਵਧਾਉਣ ਅਤੇ ਸ਼ਹਿਰੀ ਹਵਾਬਾਜ਼ੀ ਦੀਆਂ ਗਤੀਵਿਧੀਆਂ ਨੂੰ ਸੁਚਾਰੂ ਬਣਾਉਣ ਲਈ ਮਹੱਤਵਪੂਰਨ ਹੈ।ਉਨ੍ਹਾਂ ਨੇ ਰੱਖਿਆ ਮੰਤਰੀ ਨੂੰ ਅੱਗੇ ਦੱਸਿਆ ਕਿ ਉਹ ਇਸ ਪ੍ਰੋਜੈਕਟ ਦੀ ਪ੍ਰਗਤੀ ’ਤੇ ਨੇੜਿਓਂ ਨਜ਼ਰ ਰੱਖ ਰਹੇ ਹਨ ਅਤੇ ਲੁਧਿਆਣਾ ਦੇ ਡਿਪਟੀ ਕਮਿਸ਼ਨਰ, ਲੁਧਿਆਣਾ ਦੇ ਏਅਰਪੋਰਟ ਡਾਇਰੈਕਟਰ, ਭਾਰਤ ਇਲੈਕਟ੍ਰੋਨਿਕਸ ਲਿਮਟਿਡ (ਬੀ.ਈ.ਐਲ.) ਦੇ ਨੁਮਾਇੰਦਿਆਂ, ਭਾਰਤੀ ਹਵਾਈ ਸੈਨਾ ਦੇ ਅਧਿਕਾਰੀਆਂ, ਪੰਜਾਬ ਪਬਲਿਕ ਵਰਕਸ ਡਿਪਾਰਟਮੈਂਟ (ਪੀ.ਡਬਲਿਊ.ਡੀ) ਅਤੇ ਹੋਰ ਸਬੰਧਿਤ ਏਜੰਸੀਆਂ ਨਾਲ ਨਿਯਮਤ ਤੌਰ ’ਤੇ ਸਾਈਟ ਦਾ ਦੌਰਾ ਅਤੇ ਮੀਟਿੰਗਾਂ ਕਰ ਰਹੇ ਹਨ। ਉਨ੍ਹਾਂ ਕਿਹਾ, ਸਾਡੇ ਸਮੂਹਿਕ ਯਤਨਾਂ ਦੇ ਬਾਵਜੂਦ, ਭਾਰਤੀ ਹਵਾਈ ਸੈਨਾ ਦੀ ਤਰਫੋਂ ਕੁਝ ਕੰਮ, ਪ੍ਰਵਾਨਗੀਆਂ ਅਤੇ ਰਸਮੀ ਕਾਰਵਾਈਆਂ ਲੰਬਿਤ ਹਨ, ਜਿਸ ਕਾਰਨ ਪ੍ਰੋਜੈਕਟ ਨੂੰ ਪੂਰਾ ਕਰਨ ਵਿੱਚ ਦੇਰੀ ਹੋ ਰਹੀ ਹੈ। ਹਵਾਈ ਅੱਡੇ ਦੇ ਸਿਵਲ ਹਿੱਸੇ ਦਾ 100 ਫੀਸਦੀ ਕੰਮ ਮੁਕੰਮਲ ਹੋ ਚੁੱਕਾ ਹੈ। ਹਲਵਾਰਾ ਹਵਾਈ ਅੱਡਾ ਭਾਰਤੀ ਹਵਾਈ ਸੈਨਾ ਵੱਲੋਂ ਲੰਬਿਤ ਕੰਮ ਪੂਰਾ ਹੋਣ ਤੋਂ ਬਾਅਦ ਕੰਮ ਕਰਨਾ ਸ਼ੁਰੂ ਕਰ ਦੇਵੇਗਾ।ਅਰੋੜਾ ਨੇ ਰੱਖਿਆ ਮੰਤਰੀ ਨੂੰ ਬੇਨਤੀ ਕੀਤੀ ਕਿ ਉਹ ਭਾਰਤੀ ਹਵਾਈ ਸੈਨਾ ਦੇ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੀਆਂ ਪ੍ਰਵਾਨਗੀਆਂ ਅਤੇ ਰਸਮਾਂ ਨੂੰ ਜਲਦੀ ਪੂਰਾ ਕਰਨ ਲਈ ਨਿਰਦੇਸ਼ ਦੇਣ। ਇਹ ਯਕੀਨੀ ਬਣਾਏਗਾ ਕਿ ਹਲਵਾਰਾ ਹਵਾਈ ਅੱਡੇ ’ਤੇ ਸਿਵਲ ਓਪਰੇਸ਼ਨ ਜਲਦੀ ਤੋਂ ਜਲਦੀ ਸ਼ੁਰੂ ਹੋ ਸਕਣ, ਜਿਸ ਨਾਲ ਖੇਤਰ ਦੇ ਸੰਪਰਕ ਅਤੇ ਆਰਥਿਕ ਵਿਕਾਸ ਨੂੰ ਲਾਭ ਹੋਵੇਗਾ।

ਰੱਖਿਆ ਮੰਤਰੀ ਨੇ ਤੁਰੰਤ ਕਾਰਵਾਈ ਦਾ ਭਰੋਸਾ ਦਿੱਤਾ ਹੈ ਅਤੇ ਸਬੰਧਤ ਅਧਿਕਾਰੀਆਂ ਨੂੰ ਕੰਮ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਹਨ।

ਜ਼ਿਕਰਯੋਗ ਹੈ ਕਿ ਅਰੋੜਾ ਨੇ ਇਸ ਸਾਲ ਅਗਸਤ ਵਿੱਚ ਟਾਟਾ ਸੰਨਜ਼ (ਟਾਟਾ ਸਮੂਹ ਦੀਆਂ ਸਾਰੀਆਂ ਕੰਪਨੀਆਂ ਦੀ ਹੋਲਡਿੰਗ ਕੰਪਨੀ ਅਤੇ ਪ੍ਰਮੋਟਰ) ਦੇ ਚੇਅਰਮੈਨ ਐਨ ਚੰਦਰਸ਼ੇਖਰਨ ਵੱਲੋਂ ਭੇਜੀ ਇੱਕ ਉੱਚ ਪੱਧਰੀ ਟੀਮ ਨਾਲ ਮੀਟਿੰਗ ਕੀਤੀ ਸੀ, ਜਿਸ ਵਿੱਚ ਨੇੜ ਭਵਿੱਖ ਵਿੱਚ ਹਵਾਈ ਅੱਡੇ ਦਾ ਕੰਮ ਮੁਕੰਮਲ ਹੋਣ ਤੋਂ ਬਾਅਦ, ਹਲਵਾਰਾ ਵਿਖੇ ਨਿਰਮਾਣ ਅਧੀਨ ਹਵਾਈ ਅੱਡੇ ਤੋਂ ਉਡਾਣਾਂ ਸ਼ੁਰੂ ਕਰਨ ਦੀਆਂ ਸੰਭਾਵਨਾਵਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਸੀ। ਇਸ ਦੌਰਾਨ ਅਰੋੜਾ ਨੇ ਦੁਹਰਾਇਆ ਕਿ ਹਲਵਾਰਾ ਹਵਾਈ ਅੱਡੇ ਦੀ ਇੱਕ ਸਮੇਂ ਵਿੱਚ 300 ਯਾਤਰੀਆਂ ਨੂੰ ਅਡਜਸਟ ਕਰਨ ਦੀ ਸਮਰੱਥਾ ਹੈ। ਭਵਿੱਖ ਵਿੱਚ ਹਵਾਈ ਅੱਡੇ ਦੇ ਵਿਸਤਾਰ ਦੀ ਵਿਵਸਥਾ ਹੈ।

ਇੱਕ ਸਮੇਂ ਵਿੱਚ ਦੋ ਵੱਡੇ ਆਕਾਰ ਦੇ ਜਹਾਜ਼ ਪਾਰਕ ਕੀਤੇ ਜਾ ਸਕਦੇ ਹਨ। ਅਰੋੜਾ ਨੇ ਇਹ ਵੀ ਦੁਹਰਾਇਆ ਕਿ ਹਵਾਈ ਅੱਡਾ ਪ੍ਰੋਜੈਕਟ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਸੁਪਨਾ ਪ੍ਰੋਜੈਕਟ ਹੈ, ਜਿਨ੍ਹਾਂ ਨੇ ਇਸ ਲਈ ਫੰਡ ਮਨਜ਼ੂਰ ਕੀਤੇ ਹਨ।ਹਵਾਈ ਅੱਡਾ 161.28 ਏਕੜ ਦੇ ਖੇਤਰ ਵਿੱਚ ਸਥਾਪਿਤ ਕੀਤਾ ਜਾ ਰਿਹਾ ਹੈ। ਇਸ ਖੇਤਰ ਵਿੱਚ ਬਿਲਟ ਅੱਪ ਟਰਮੀਨਲ ਖੇਤਰ 2,000 ਵਰਗ ਮੀਟਰ ਹੈ। ਜ਼ਮੀਨ ਨੂੰ ਛੱਡ ਕੇ ਸਿਵਲ ਟਰਮੀਨਲ ਦੀ ਕੁੱਲ ਲਾਗਤ ਲਗਭਗ 70 ਕਰੋੜ ਰੁਪਏ ਹੈ।

# ਚੌਥੇ ਥੰਮ ਨੂੰ ਡੇਗਣ ਦੀਆਂ ਕੋਸ਼ਿਸ਼ਾਂ ਬਰਦਾਸ਼ਤ ਨਹੀਂ ਹੋਣਗੀਆਂ



**ਫਿਰੋਜ਼ਪੁਰ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਫ਼ਿਰੋਜ਼ਪੁਰ ਅੰਦਰ ਲਗਾਤਾਰ ਵੱਧ ਰਹੀਆਂ ਵਾਰਦਾਤਾਂ, ਲੁੱਟਾਂ-ਖੋਹਾਂ, ਚੋਰੀਆਂ, ਨਸ਼ੇ ਅਤੇ ਜ਼ਿਲ੍ਹਾ ਪੁਲਸ ਕੋਲ ਪੈਂਡਿੰਗ ਪਈਆਂ ਦਰਖ਼ਾਸਤਾਂ ਦਾ ਨਿਪਟਾਰਾ ਨਾ ਹੋਣ ਖ਼ਿਲਾਫ਼ ਆਵਾਜ਼ ਚੁੱਕਣ ਤੋਂ ਬਾਅਦ ਪੁਲਸ ਵੱਲੋਂ ਪੱਤਰਕਾਰਾਂ ਖ਼ਿਲਾਫ਼ ਕਰਵਾਈਆਂ ਕਰਨ ਲਈ ਹਿਲਜੁੱਲ ਕਰਨ ਖ਼ਿਲਾਫ਼ ਅੱਜ ਇਥੇ ਸਤਲੁਜ ਪ੍ਰੈੱਸ ਕਲੱਬ ਫ਼ਿਰੋਜ਼ਪੁਰ ਵਿਚ ਪੱਤਰਕਾਰਾਂ ਦੀ ਹੰਗਾਮੀ ਮੀਟਿੰਗ ਹੋਈ ਜਿਸ ਵਿੱਚ ਉਕਤ ਕਾਰਵਾਈ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਗਈ।

ਗੱਲਬਾਤ ਕਰਦੇ ਹੋਏ ਪ੍ਰਧਾਨ ਗੁਰਨਾਮ ਸਿੱਧੂ, ਚੇਅਰਮੈਨ ਵਿਜੇ ਸ਼ਰਮਾ, ਜਨਰਲ ਸਕੱਤਰ ਜਤਿੰਦਰ ਪਿੰਕਲ ਨੇ ਸਾਂਝੇ ਰੂਪ ’ਚ ਕਿਹਾ ਕਿ ਇੱਕ ਨਿੱਜੀ ਚੈਨਲ ਉਪਰ ਪੁਲਸ ਖ਼ਿਲਾਫ਼ ਅਵਾਜ਼ ਬੁਲੰਦ ਕਰਨ ਤੋਂ ਬਾਅਦ ਜ਼ਿਲ੍ਹਾ ਪੁਲਸ ਬੁਖਲਾਹਟ ਵਿੱਚ ਆ ਗਈ ਹੈ। ਚੈਨਲ ਉਪਰ ਬੋਲੇ ਗਏ ਸੱਚ ਦੇ ਉਲਟ ਪ੍ਰਧਾਨ ਗੁਰਨਾਮ ਸਿੱਧੂ ਅਤੇ ਸੁਖਵਿੰਦਰ ਸੁੱਖ ਨੂੰ ਟਾਰਗਿਟ ਕੀਤਾ ਜਾ ਰਿਹਾ ਹੈ। ਓਹਨਾ ਕਿਹਾ ਕਿ ਤਿੰਨ ਦਿਨ ਤੋਂ ਪੁਲਸ ਦਾ ਖੁਫੀਆ ਵਿਭਾਗ ਇਸ ਤਰ੍ਹਾਂ ਤਹਿਕੀਕਾਤ ਕਰ ਰਿਹਾ ਹੈ ਜਿਵੇਂ ਕਿਸੇ ਨਾਮੀ ਗੈਂਗਸਟਰ ਦੀ ਕੀਤੀ ਜਾਂਦੀ ਹੈ। ਪੱਤਰਕਾਰਾਂ ਨੇ ਕਿਹਾ ਕਿ ਕਾਸ਼ ! ਖੁਫੀਆ ਵਿਭਾਗ ਅਜਿਹੀ ਕਾਰਵਾਈ ਫ਼ਿਰੋਜ਼ਪੁਰ ਅੰਦਰ ਸ਼ਾਂਤੀ ਲਿਆਉਣ ਲਈ ਕਰੇ ਤਾਂ ਕਿਸੇ ਨੂੰ ਬੋਲਣਾ ਹੀ ਨਾ ਪਵੇ।

ਸਤਲੁਜ ਪ੍ਰੈੱਸ ਕਲੱਬ ਦੇ ਨੁਮਾਇੰਦਿਆਂ ਨੇ ਕਿਹਾ ਕਿ ਪੁਲਸ ਦੀਆਂ ਅਜਿਹੀਆਂ ਹਰਕਤਾਂ ਬਰਦਾਰਸ਼ਤ ਨਹੀਂ ਕੀਤੀਆਂ ਜਾਣਗੀਆਂ।

ਓਹਨਾ ਕਿਹਾ ਕਿ ਅਗਰ ਕਿਸੇ ਸਾਥੀ ਉੱਤੇ ਝੂਠੇ ਪਰਚੇ ਜਾਂ ਕਿਸੇ ਮਾਮਲੇ ’ਚ ਫਸਾਉਣ ਦੀ ਕੋਸ਼ਿਸ਼ ਕੀਤੀ ਗਈ ਤਾਂ ਸਮੂਹ ਜਥੇਬੰਦੀਆਂ ਨੂੰ ਨਾਲ ਲੈਕੇ ਸੜਕਾਂ ਜਾਮ ਕਰ ਦਿੱਤੀਆਂ ਜਾਣਗੀਆਂ। ਓਹਨਾ ਕਿਹਾ ਕਿ ਚੌਥੇ ਥੰਮ ਉੱਤੇ ਅਜਿਹੇ ਵਾਰ ਕਦੇ ਵੀ ਸਹਿਣ ਨਹੀ ਕੀਤੇ ਜਾਣਗੇ। ਪੁਲਸ ਆਪਣੀਆਂ ਕਮਜ਼ੋਰੀਆਂ ਲੁਕਾਉਣ ਲਈ ਪੱਤਰਕਾਰਾਂ ਉੱਤੇ ਹੀ ਹਮਲੇ ਕਰਨ ਲਈ ਕਾਹਲੇ ਪਈ ਹੋਈ ਹੈ।

ਪ੍ਰਧਾਨ ਨੇ ਕਿਹਾ ਕਿ ਸਾਡੇ ਪੱਤਰਕਾਰ ਸਾਥੀਆਂ ਦੇ ਕਿੰਨੇ ਹੀ ਮਾਮਲੇ ਪੁਲਸ ਕੋਲ ਪਿਛਲੇ ਕਈ ਮਹੀਨਿਆਂ ਦੇ ਪੈਂਡਿੰਗ ਪਏ ਹਨ ਪਰ ਪੁਲਸ ਕੋਈ ਵੀ ਕਾਰਵਾਈ ਅਮਲ ਵਿੱਚ ਨਹੀਂ ਲਿਆਉਣਾ ਚਾਹੁੰਦੀ।

ਪੱਤਰਕਾਰਾਂ ਨੇ ਇਹ ਵੀ ਕਿਹਾ ਕਿ ਪੁਲਸ ਵਿਭਾਗ ਵਿਚ ਨਸ਼ਾ ਕਰਨ ਵਾਲੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਦੇ ਡੋਪ ਟੈਸਟ ਕਰਵਾਏ ਜਾਣ, ਜਿੰਨ੍ਹਾ ਦੀ ਜਾਂਚ ਮਾਣਯੋਗ ਹਾਈ ਕੋਰਟ ਦੇ ਕਿਸੇ ਰਿਟਾਇਰਡ ਜੱਜ ਸਾਹਿਬਾਨ ਤੋਂ ਕਰਵਾਏ ਜਾਣ।

ਸਾਥੀਆਂ ਨੇ ਕਿਹਾ ਕਿ 4 ਦਸੰਬਰ ਨੂੰ ਜ਼ਿਲ੍ਹੇ ਦੀਆਂ ਪ੍ਰੈੱਸ ਕਲੱਬਾਂ ਦੀ ਮੀਟਿੰਗ ਸੱਦੀ ਜਾ ਰਹੀ ਹੈ ਜਿਸ ਵਿਚ ਸਲਾਹ ਮਸ਼ਵਰਾ ਕਰਨ ਉਪਰੰਤ ਵੱਡਾ ਸੰਘਰਸ਼ ਉਲੀਕਿਆ ਜਾਵੇਗਾ। ਇਸ ਮੌਕੇ ਤੇ ਵੱਖ ਵੱਖ ਅਦਾਰਿਆਂ ਨਾਲ ਸਬੰਧਤ ਪੱਤਰਕਾਰ ਸਾਥੀਆਂ ਨੇ ਭਾਗ ਲਿਆ।

# ਪੁਲਿਸ ਨੇ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਟ੍ਰੈਫਿਕ ਕੱਟੇ ਚਲਾਨ

**ਸਮਾਣਾ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਣਾ ਟ੍ਰੈਫਿਕ ਪੁਲਸ ਨੇ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਦੇ ਚਲਾਨ ਕੱਟੇ। ਇਸ ਮੌਕੇ ਟ੍ਰੈਫਿਕ ਇੰਚਾਰਜ ਏ. ਐੱਸ. ਆਈ. ਸੇਵਕ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਨੇ ਵੱਖ-ਵੱਖ ਵਾਹਨ ਚਾਲਕ ਜਿਨ੍ਹਾਂ ਪਾਸ ਕਾਗਜ ਪੱਤਰ ਅਧੂਰੇ ਸਨ ਤੋ ਇਲਾਵਾ ਪਟਾਕੇ ਵਜਾਉਣ ਵਾਲੇ ਬੁਲਟ ਮੋਟਰ ਸਾਈਕਲ ਰੋਕ ਕੇ ਉਨ੍ਹਾਂ ਦੀ ਚੈਕਿੰਗ ਕੀਤੀ ਅਤੇ ਕਾਗਜ਼ ਪੂਰੇ ਨਾ ਹੋਣ ਵਾਲੇ ਵਾਹਨ ਚਾਲਕਾਂ ਦੇ ਚਲਾਨ ਕੱਟੇ।




# ਡੀਪੀਆਈ ਦਫਤਰ ਅੱਗੇ ਧਰਨਾ ਪੰਜਵੇਂ ਦਿਨ ਵੀ ਜਾਰੀ

**ਮੋਹਾਲੀ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜੁਆਇਨਿੰਗ ਦੀ ਮੰਗ ਨੂੰ ਲੈ ਕੇ 25 ਨਵੰਬਰ ਤੋਂ ਡੀਪੀਆਈ ਦਫਤਰ ਦੇ ਬਾਹਰ ਈਟੀਟੀ ਕਾਡਰ ਦੀ 5994 ਯੂਨੀਅਨ ਅਤੇ 2364 ਯੂਨੀਅਨ ਵੱਲੋਂ ਸ਼ੁਰੂ ਕੀਤਾ ਰੋਸ ਧਰਨਾ ਸ਼ੁੱਕਰਵਾਰ ਨੂੰ ਪੰਜਵੇਂ ਦਿਨ ਵੀ ਜਾਰੀ ਰਿਹਾ।



ਇਸ ਸਬੰਧੀ ਆਗੂਆਂ ਨੇ ਦੱਸਿਆ ਕਿ ਮੰਗਲਵਾਰ ਨੂੰ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਯੂਨੀਅਨ ਆਗੂਆਂ ਨਾਲ ਮੀਟਿੰਗ ਮੌਕੇ ਉਕਤ 2364ਅਤੇ 5994 ਭਰਤੀ ਦੇ ਚੁਣੇ ਗਏ ਉਮੀਦਵਾਰਾਂ ਨੂੰ ਜੁਆਇਨ ਕਰਵਾਉਣ ਸਬੰਧੀ ਦੋ ਦਿਨ ਦਾ ਸਮਾਂ ਮੰਗਿਆ ਸੀ। ਜਿਸ ਤਹਿਤ ਯੂਨੀਅਨ ਨੇ ਡੀਪੀਆਈ ਦਫਤਰ ਮੂਹਰੇ ਸ਼ਾਂਤਮਈ ਧਰਨਾ ਦੇਣ ਦਾ ਫੈਸਲਾ ਲਿਆ। ਜਿਸ ਦੇ ਚਲਦਿਆਂ ਬੁੱਧਵਾਰ ਨੂੰ ਈਟੀਟੀ ਬੇਰੁਜ਼ਗਾਰ ਅਧਿਆਪਕ ਸ਼ਾਂਤਮਈ ਧਰਨਾ ਦਿੰਦੇ ਰਹੇ। ਕਿਉਂਕਿ ਯੂਨੀਅਨ ਆਗੂਆਂ ਨੂੰ ਭਰੋਸਾ ਦੁਆਇਆ ਗਿਆ ਸੀ ਕੀ ਤੁਹਾਡੀਆਂ ਸਾਰੀਆਂ ਮੰਗਾਂ ਦੋ ਦਿਨਾਂ ਵਿੱਚ ਪੂਰੀਆਂ ਕੀਤੀਆਂ ਜਾਣਗੀਆ। ਪਰ ਦੋ ਦਿਨ ਬੀਤ ਜਾਣ ਤੋਂ ਬਾਅਦ ਵੀ ਮੀਟਿੰਗ ਨਹੀਂ ਹੋਈ ਜਿਸ ਤੋਂ ਦੁੱਖੀ ਹੋ ਕੇ ਸੱਤ ਫ਼ੇਸ ਵਾਲਾ ਚੌਂਕ ਲੰਮਾ ਸਮਾਂ ਜਾਮ ਕੀਤਾ ਗਿਆ। ਜੇਕਰ ਪੰਜਾਬ ਸਰਕਾਰ ਨੇ ਦੋ ਦਿਨਾਂ ਵਿੱਚ ਸਾਨੂੰ ਸਕੂਲਾਂ ਵਿੱਚ ਜੁਆਇਨ ਕਰਵਾਉਣ ਲਈ ਕੋਈ ਸਕਾਰਾਤਮਕ ਫੈਸਲਾ ਨਹੀਂ ਲੈਂਦੀ ਤਾਂ ਈਟੀਟੀ ਬੇਰੁਜ਼ਗਾਰ ਅਧਿਆਪਕ ਹੋਰ ਤਿੱਖੇ ਅਤੇ ਗੁਪਤ ਐਕਸ਼ਨ ਕਰਨ ਤੋਂ ਵੀ ਗੁਰੇਜ ਨਹੀਂ ਕਰਨਗੇ।

ਆਗੂਆਂ ਮੁਤਾਬਿਕ ਉਕਤ ਈਟੀਟੀ 5994+2364 ਭਰਤੀ ਉਪਰ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ ਕਿਸੇ ਵੀ ਪ੍ਰਕਾਰ ਦੀ ਕੋਈ ਰੋਕ ਨਹੀ ਲਗਾਈ ਗਈ ਪਰ ਸਿੱਖਿਆ ਵਿਭਾਗ ਦੇ ਉਚ ਅਧਿਕਾਰੀ ਮਾਨਯੋਗ ਹਾਈਕੋਰਟ ਵੱਲੋਂ ਰੋਕ ਲੱਗੀ ਹੋਣ ਦਾ ਬਹਾਨਾ ਲਗਾ ਕੇ ਜੁਆਇਨ ਕਰਵਾਉਣ ਸਬੰਧੀ ਸਾਰੀ ਪ੍ਰਕਿਰਿਆ ਰੋਕੀ ਬੈਠੇ ਹਨ।ਈਟੀਟੀ ਕਾਡਰ ਦੀਆਂ ਦੋਨੋ ਯੂਨੀਅਨਾਂ ਦੇ ਆਗੂ ਬਲਿਹਾਰ ਸਿੰਘ, ਹਰਜੀਤ ਬੁਢਲਾਡਾ, ਬੰਟੀ ਕੰਬੋਜ, ਗੁਰਸੰਗਤ ਬੁਢਲਾਡਾ, ਬੱਗਾ ਖੁਡਾਲ, ਪਰਮਪਾਲ ਫਾਜਿਲਕਾ, ਮਨਪ੍ਰੀਤ ਮਾਨਸਾ, ਰਮੇਸ਼ ਅਬੋਹਰ, ਆਦਰਸ਼ ਅਬੋਹਰ ਅਤੇ ਹਰੀਸ਼ ਕੰਬੋਜ ਗੁਰਸੇਵ ਸੰਗਰੂਰ ਨੇ ਦੱਸਿਆ ਕਿ ਈਟੀਟੀ 2364 ਭਰਤੀ ਸਬੰਧੀ ਪ੍ਰੋਵੀਜਨਲ ਸਿਲੈਕਸ਼ਨ ਲਿਸਟਾਂ ਸਿੱਖਿਆ ਵਿਭਾਗ ਵੱਲੋਂ 25 ਜੁਲਾਈ 2024 ਨੂੰ ਅਤੇ 5994 ਭਰਤੀਆਂ ਦੀ ਪ੍ਰੋਵੀਜ਼ਨਲ ਸਿਲੈਕਸ਼ਨ ਲਿਸਟਾਂ 1 ਸਤੰਬਰ 2024 ਨੂੰ ਜਾਰੀ ਕੀਤੀਆਂ ਜਾ ਚੁੱਕੀਆਂ ਹਨ, ਪਰ ਅਜੇ ਤੱਕ ਸਿੱਖਿਆ ਵਿਭਾਗ ਵੱਲੋਂ ਸਾਨੂੰ ਜੁਆਇਨ ਨਹੀ ਕਰਵਾਇਆ ਗਿਆ।

ਉਨ੍ਹਾਂ ਅੱਗੇ ਦੱਸਿਆ ਕਿ ਸੂਬੇ ਦੇ ਚਾਰ ਹਲਕਿਆਂ ਅੰਦਰ ਜਿਮਨੀ ਚੋਣਾਂ ਹੋਣ ਕਾਰਨ ਸਿੱਖਿਆ ਵਿਭਾਗ ਨੇ ਚੋਣ ਜਾਬਤਾ ਲੱਗਾ ਹੋਣ ਦਾ ਬਹਾਨਾ ਬਣਾ ਕੇ ਭਰਤੀ ਪ੍ਰਕਿਰਿਆ ਰੋਕ ਦਿੱਤੀ ਸੀ। ਜਿਸ ਤੋਂ ਬਾਅਦ ਭਾਰਤੀ ਚੋਣ ਕਮਿਸ਼ਨ ਨੇ ਉਕਤ ਭਰਤੀ ਲਈ ਵੋਟਿੰਗ ਵਾਲੇ ਦਿਨ ਤੋਂ ਪਹਿਲਾਂ-ਪਹਿਲਾਂ ਸਟੇਸ਼ਨ ਚੋਣ ਸਬੰਧੀ ਪੋਰਟਲ ਓਪਨ ਕਰਵਾ ਕੇ ਸਟੇਸ਼ਨ ਚੋਣ ਕਰਵਾਉਣ ਲਈ ਅਤੇ ਵੋਟਾਂ ਵਾਲੇ ਦਿਨ ਤੋਂ ਤੁਰੰਤ ਬਾਅਦ ਜੁਆਇਨ ਕਰਵਾਉਣ ਸਬੰਧੀ ਮਨਜ਼ੂਰੀ ਦੇ ਦਿੱਤੀ ਸੀ।

ਇਸ ਦਰਮਿਆਨ 14 ਅਕਤੂਬਰ 2024 ਨੂੰ ਈਡਬਲਯੂਐਸ ਕੈਟਾਗਰੀ ਨੂੰ ਲੈ ਕੇ ਇੱਕ ਰਿਜ਼ਰਵ ਫੈਸਲਾ ਮਾਨਯੋਗ ਹਾਈਕੋਰਟ ਵੱਲੋਂ ਸੁਣਾਇਆ ਗਿਆ। ਇਸ ਤੋਂ ਬਾਅਦ ਜਿਵੇਂ ਹੀ ਮਾਨਯੋਗ ਹਾਈਕੋਰਟ ਦੇ ਆਰਡਰ ਲੈ ਕੇ ਯੂਨੀਅਨ ਆਗੂਆਂ ਵੱਲੋਂ ਵਿਭਾਗ ਦੇ ਉਚ ਅਧਿਕਾਰੀਆਂ ਨੂੰ ਮਿਲਿਆ ਗਿਆ ਤਾਂ ਉਨ੍ਹਾਂ ਕਿਹਾ ਕਿ ਇਸ ਭਰਤੀ ਪ੍ਰਕਿਰਿਆ ਉਪਰ ਰੋਕ ਲੱਗੀ ਹੈ ਜਦਕਿ ਇਸ ਤਰਾਂ ਦਾ ਕੁਝ ਵੀ ਨਹੀ ਹੈ।ਯੂਨੀਅਨ ਆਗੂਆਂ ਨੇ ਕਿਹਾ ਕਿ ਸਾਡੇ ਵੱਲੋਂ ਯੂਨੀਅਨ ਦੇ ਵਕੀਲ ਸਾਹਿਬਾਨਾਂ ਨਾਲ ਇਸ ਆਰਡਰ ਬਾਰੇ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਸਪੱਸ਼ਟ ਕੀਤਾ ਕਿ ਆਰਡਰ ਵਿੱਚ ਕਿਤੇ ਵੀ ਰੋਕ ਨਹੀ ਲੱਗੀ, ਸਿੱਖਿਆ ਵਿਭਾਗ ਚਾਹੇ ਤਾਂ ਸਟੇਸ਼ਨ ਅਲਾਟ ਕਰਕੇ ਸਕੂਲਾਂ ਵਿੱਚ ਜੁਆਇਨ ਕਰਵਾ ਸਕਦਾ ਹੈ, ਪਰ ਸਿੱਖਿਆ ਵਿਭਾਗ ਅਜਿਹਾ ਨਹੀਂ ਕਰ ਰਿਹਾ। ਇਸ ਤੋਂ ਬਾਅਦ ਯੂਨੀਅਨ ਆਗੂਆਂ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਜਲਦੀ ਸਾਡੀ ਭਰਤੀਆਂ ਦਾ ਹੱਲ ਕਰਕੇ ਸਾਨੂੰ ਸਕੂਲਾਂ ’ਚ ਨਾ ਭੇਜਿਆ ਤਾਂ ਆਉਣ ਵਾਲੇ ਦਿਨਾਂ ’ਚ ਸੰਘਰਸ਼ ਹੋਰ ਵੀ ਤੇਜ਼ ਕੀਤਾ ਜਾਵੇਗਾ ਤੇ ਥਾਂ ਥਾਂ ਗੁੱਪਤ ਐਕਸ਼ਨ ਕੀਤੇ ਜਾਣਗੇ।

# ਸੀ.ਐਮ. ਦੀ ਯੋਗਸ਼ਾਲਾ ਨੂੰ ਜਿਲ੍ਹੇ ਵਿੱਚ ਮਿਲ ਰਿਹਾ ਭਰਪੂਰ ਹੁਲਾਰਾ: ਡਿਪਟੀ ਕਮਿਸ਼ਨਰ



**ਮਲੇਰਕੋਟਲਾ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਸੀ.ਐਮ. ਦੀ ਯੋਗਸ਼ਾਲਾ ਨੂੰ ਜ਼ਿਲ੍ਹੇ ਵਿੱਚ ਵੱਡਾ ਹੁਲਾਰਾ ਮਿਲ ਰਿਹਾ ਹੈ।

ਇਹ ਜਾਣਕਾਰੀ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਦਿੱਤੀ। ਉਨ੍ਹਾਂ ਕਿਹਾ ਸੀ.ਐਮ.ਦੀ ਯੋਗਸ਼ਾਲਾ ਦਾ ਮੁੱਖ ਮਨੋਰਥ ਨਾਗਰਿਕਾਂ ਦੀ ਸ਼ਰੀਰਕ ਅਤੇ ਮਾਨਸਿਕ ਸਿਹਤ ਨੂੰ ਬਿਹਤਰ ਬਣਾਉਣ ਵਿੱਚ ਧਿਆਨ ਅਤੇ ਯੋਗ ਦੇ ਮਹੱਤਵ ਨੂੰ ਉਜਾਗਰ ਕਰਨਾ ਹੈ। ਇਕ ਪ੍ਰਾਚੀਨ ਅਭਿਆਸ ਦੇ ਰੂਪ ਵਿੱਚ, ਯੋਗ ਕਿਸੇ ਦੇ ਜੀਵਨ ਦੀ ਗੁਣਵੱਤਾ ਵਿੱਚ ਸੁਧਾਰ ਕਰਨ ਦਾ ਇੱਕ ਪ੍ਰਭਾਵੀ ਸਾਧਨ ਸਾਬਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੀ.ਐਮ.ਦੀ ਯੋਗਸ਼ਾਲਾ ਪੰਜਾਬ ਸਰਕਾਰ ਦੁਆਰਾ ਸੂਬੇ ਦੇ ਨਾਗਰਿਕਾਂ ਨੂੰ ਮੁਫ਼ਤ ਯੋਗ ਸਿੱਖਿਆ ਦੇਣ ਦੀ ਇੱਕ ਪਹਿਲ ਹੈ।

ਇਸ ਯੋਜਨਾ ਤਹਿਤ ਪੰਜਾਬ ਵਿੱਚ ਪ੍ਰਮਾਣਿਤ ਯੋਗ ਟੀਚਰਾਂ ਦੀ ਇੱਕ ਟੀਮ ਸਥਾਪਤ ਕੀਤੀ ਗਈ ਹੈ ਤਾਂ ਜੋ ਯੋਗ ਨੂੰ ਘਰ ਘਰ ਤੱਕ ਪਹੁੰਚਾਇਆ ਜਾ ਸਕੇ ।

ਉਨ੍ਹਾਂ ਦੱਸਿਆ ਕਿ ਸੀ ਐਮ ਦੀ ਯੋਗਸ਼ਾਲਾ ਤਹਿਤ ਜਿ ?ਲ੍ਹੇ ਵਿੱਚ ਵੱਖ ਵੱਖ ਥਾਵਾਂ ਤੇ ਯੋਗ ਕਲਾਸਾਂ ਲਗਾਈਆਂ ਜਾ ਰਹੀਆਂ ਹਨ, ਜਿਸ ਦਾ ਲੋਕ ਭਰਪੂਰ ਲਾਭ ਉਠਾ ਰਹੇ ਹਨ। ਉਨ੍ਹਾਂ ਸਮੂਹ ਜਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸੀ.ਐਮ. ਦੀ ਯੋਗਸ਼ਾਲਾ ਤਹਿਤ ਜਿਲ੍ਹੇ ਵਿੱਚ ਜਾਰੀ ਯੋਗ ਕੈਂਪਾਂ ਦਾ ਵੱਧ ਤੋਂ ਵੱਧ ਲਾਹਾ ਪ੍ਰਾਪਤ ਕਰਨ।

ਐਮ ਦੀ ਯੋਗਸ਼ਾਲਾ ਦੇ ਜ਼ਿਲ੍ਹਾ ਕੋਆਰਡੀਨੇਟਰ ਸ੍ਰੀ ਨਿਰਮਲ ਸਿੰਘ ਨੇ ਦੱਸਿਆ ਕਿ ਜੇਕਰ ਕਿਸੇ ਵਿਅਕਤੀਦੇ ਕੋਲ ਯੋਗ ਕਲਾਸ ਕਰਨ ਦਾ ਸਥਾਨ ਉਪਲਬੱਧ ਹੈ ਅਤੇ ਘੱਟ ਤੋਂ ਘੱਟ 25 ਲੋਕਾਂ ਦਾ ਸਮੂਹ ਹੈ, ਤਾਂ ਪੰਜਾਬ ਸਰਕਾਰ ਯੋਗ ਟਰੇਡ ਟੀਚਰਾਂ ਘਰ ਭੇਜੇਗੀ। ਜ

ੇਕਰ ਲੋਕ ਚਾਹੁੰਣ ਤਾਂ ਉਹ ਖੁਦ ਜਾਂ ਇਕ ਵਿਅਕਤੀ ਦੇ ਲਈ ਵੀ ਪੰਜੀਕਰਨ ਕਰ ਸਕਦੇ ਹਨ। ਜੋ ਲੋਕ ਇਨ੍ਹਾਂ ਕਲਾਸਾਂ ਦਾ ਲਾਭ ਲੈਣਾ ਚਾਹੁੰਦੇ ਹਨ ਤਾਂ ਉਹ ਟੋਲ ਫਰੀ ਨੰਬਰ 76694-00500’ਤੇ ਮਿਸਡ ਕਾਲ ਦੇ ਸਕਦੇ ਹਨ ਜਾਂ ਫਿਰ ਸੀ.ਐਮ. ਦੀ ਯੋਗਸਾਲਾ ਪੋਰਟਲ cmdiyogshala.punjab.gov.in ’ਤੇ ਲਾਗਇਨ ਕਰ ਸਕਦੇ ਹਨ।

# ਚੰਗਰ ਇਲਾਕੇ ਦੀ ਤਸਵੀਰ ਤੇ ਲੋਕਾਂ ਦੀ ਤਕਦੀਰ ਬਦਲੇਗੀ ਲਿਫਟ ਸਿੰਚਾਈ ਯੋਜਨਾ:ਹਰਜੋਤ ਬੈਂਸ

**ਸ੍ਰੀ ਆਨੰਦਪੁਰ ਸਾਹਿਬ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ.ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ 2023 ਦੇ ਬਜਟ ਦੌਰਾਨ ਵਿੱਤ ਮੰਤਰੀ ਨੇ ਸ੍ਰੀ ਅਨੰਦਪੁਰ ਸਾਹਿਬ ਦੇ ਨਾਲ ਲੱਗਦੇ ਨੀਮ ਪਹਾੜੀ ਇਲਾਕੇ ਚੰਗਰ ਦੇ ਵਿੱਚ ਸਿੰਚਾਈ ਲਈ ਪਾਣੀ ਪਹੁੰਚਾਉਣ ਦੀ ਲਿਫਟ ਸਿੰਚਾਈ ਯੋਜਨਾ ਵਾਸਤੇ 80 ਕਰੋੜ ਰੁਪਏ ਪ੍ਰਵਾਨ ਕੀਤੇ ਅਤੇ 23 ਵਿਭਾਗਾ ਦੀ ਪ੍ਰਵਾਨਗੀ ਉਪਰੰਤ ਇਸ ਯੋਜਨਾ ਤੇ ਅੱਜ ਕੰਮ ਸੁਰੂ ਹੋ ਗਿਆ ਹੈ।

10 ਪੰਪ ਸੈਟ ਸਥਾਪਿਤ ਕਰਕੇ 3300 ਏਕੜ ਰਕਬੇ ਨੂੰ ਸਿੰਚਾਈ ਵਾਸਤੇ ਪਾਣੀ ਦੇਣ ਲਈ 90 ਕਰੋੜ ਰੁਪਏ ਦੀ ਇਸ ਯੋਜਨਾ ਨੂੰ ਛੇ ਮਹੀਨੇ ਵਿੱਚ ਮੁਕੰਮਲ ਕੀਤਾ ਜਾਵੇਗਾ।

ਇਹ ਪ੍ਰਗਟਾਵਾ ਸ.ਹਰਜੋਤ ਸਿੰਘ ਬੈਸ ਕੈਬਨਿਟ ਮੰਤਰੀ ਸੂਚਨਾ ਤੇ ਲੋਕ ਸੰਪਰਕ ਵਿਭਾਗ, ਸਕੂਲ ਸਿੱਖਿਆ, ਉਚੇਰੀ ਸਿੱਖਿਆ ਅਤੇ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਤੇ ਭਾਸ਼ਾ ਵਿਭਾਗ ਪੰਜਾਬ ਨੇ ਅੱਜ ਸਮਲਾਹ ਵਿਖੇ ਲਗਭਗ 90 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀ ਲਿਫਟ ਸਿੰਚਾਈ ਯੋਜਨਾ ਦਾ ਨੀਂਹ ਪੱਥਰ ਰੱਖਣ ਮੌਕੇ ਇਲਾਕੇ ਦੇ ਇੱਕ ਦਰਜਨ ਤੋ ਵੱਧ ਚੰਗਰ ਦੇ ਪਿੰਡਾਂ ਦੇ ਭਰਵੇ ਤੇ ਪ੍ਰਭਾਵਸ਼ਾਲੀ ਇਕੱਠ ਨੂੰ ਸੰਬੋਧਨ ਕਰਦੇ ਹੋਏ ਕੀਤਾ। ਉਨ੍ਹਾਂ ਨੇ ਕਿਹਾ ਕਿ ਲਗਭਗ 7 ਦਹਾਕਿਆਂ ਤੋਂ ਇਸ ਇਲਾਕੇ ਦੇ ਲੋਕ ਸਿੰਚਾਈ ਲਈ ਪਾਣੀ ਵਰਗੀ ਬੁਨਿਆਦੀ ਸਹੂਲਤ ਨਾ ਮਿਲਣ ਕਾਰਨ ਸੰਤਾਪ ਹੰਡਾਂ ਰਹੇ ਹਨ। ਚੰਗਰ ਦੇ ਪਿੰਡਾਂ ਵਿਚ ਪਾਣੀ ਨਹੀ ਹੈ ਤੇ ਪਸ਼ੂਆਂ ਨੂੰ ਸਤਲੁਜ ਨੇੜੇ ਹੇਠਲੇ ਖੇਤਰਾਂ ਵਿਚ ਲੈ ਕੇ ਜਾਣਾ ਪੈਂਦਾਂ ਹੈ, ਜੇ ਕੁਦਰਤ ਦੀ ਕ੍ਰਿਪਾ ਨਾਲ ਸਮੇਂ ਸਿਰ ਬਰਸਾਤ ਹੋ ਜਾਵੇ ਤਾਂ ਫਸਲਾਂ ਨੂੰ ਬੇਸਹਾਰਾ ਪਸ਼ੂ ਖਰਾਬ ਕਰ ਦਿੰਦੇ ਹਨ, ਕਿਉਕਿ ਫਸਲਾ ਦੇ ਆਲੇ ਦੁਆਲੇ ਤਾਰ ਦੀ ਵਿਵਸਥਾ ਨਹੀ ਹੈ।

ਉਨ੍ਹਾਂ ਨੇ ਕਿਹਾ ਕਿ ਮੇਰਾ ਚੰਗਰ ਦੇ ਖੇਤਾਂ ਤੱਕ ਪਾਣੀ ਪਹੁੰਚਾਉਣ ਦਾ ਸੁਪਨਾ ਸਾਕਾਰ ਹੋਇਆ ਹੈ ਤੇ ਚੰਗਰ ਇਲਾਕੇ ਨੂੰ ਚੰਗਾ ਇਲਾਕਾ ਬਣਾਉਣ ਲਈ ਇਸ ਦੀ ਤਸਵੀਰ ਤੇ ਇੱਥੇ ਰਹਿ ਰਹੇ ਲੋਕਾਂ ਦੀ ਤਕਦੀਰ ਬਦਲਣ ਲਈ ਵਰਲਡ ਬੈਂਕ ਦੇ ਸਹਿਯੋਗ ਨਾਲ 300 ਕਰੋੜ ਰੁਪਏ ਦੀ ਹੋਰ ਯੋਜਨਾ ਤਿਆਰ ਕੀਤੀ ਜਾ ਰਹੀ ਹੈ, ਜਿਸ ਨਾਲ ਹਰ ਘਰ ਤੱਕ ਪੀਣ ਵਾਲਾ ਸਾਫ ਪਾਣੀ ਅਤੇ ਇਲਾਕੇ ਦੇ ਖੇਤਾਂ ਵਿੱਚ ਤਾਰ ਲਗਾਉਣ ਦੀ ਵਿਵਸਥਾ ਕੀਤੀ ਜਾਵੇਗੀ। ਉਨ੍ਹਾਂ ਨੇ ਦੱਸਿਆ ਕਿ ਦੋ ਦਹਾਕਿਆਂ ਤੋ ਵੱਧ ਪੁਰਾਣੇ ਬੰਦ ਪਏ ਚਾਰ ਡੂੰਘੇ ਟਿਊਬਵੈਲ ਚਾਲੂ ਕੀਤੇ ਗਏ ਹਨ, ਤੇ ਦੂਜੇ ਦੋ ਹੋਰ ਨਵੇ ਟਿਊਬਵੈਲ ਸੁਰੂ ਕੀਤੇ ਗਏ ਹਨ।

ਇਸ ਇਲਾਕੇ ਦੀ ਖੁਸ਼ਹਾਲੀ ਅਤੇ ਤਰੱਕੀ ਲਈ ਕੀਤੇ ਜਾ ਰਹੇ ਉਪਰਾਲਿਆਂ ਤੇ ਆਪਣੇ ਮੰਤਰਾਲੇ ਨਾਲ ਸਬੰਧਿਤ ਵਿਭਾਗਾਂ ਦੀ ਕਾਰਗੁਜਾਰੀ ਦੀ ਚਰਚਾ ਕਰਦੇ ਹੋਏ ਸ.ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਦੋ ਸਕੂਲ ਆਂਫ ਐਮੀਨੈਂਸ ਨੰਗਲ ਅਤੇ ਕੀਰਤਪੁਰ ਸਾਹਿਬ ਵਿੱਚ ਬਣਾਏ ਜਾ ਰਹੇ ਹਨ। 12 ਕਰੋੜ ਨਾਲ ਕੀਰਤਪੁਰ ਸਾਹਿਬ ਵਿਚ ਤਿਆਰ ਹੋ ਰਿਹਾ ਸਕੂਲ ਆਂਫ ਐਮੀਨੈਂਸ ਮਾਡਲ



ਅਤੇ ਕਾਨਵੈਂਟ ਸਕੂਲਾਂ ਨੂੰ ਮਾਤ ਪਾਵੇਗਾ। ਉਨ੍ਹਾਂ ਨੇ ਕਿਹਾ ਕਿ ਨੰਗਲ ਦੇ ਸਕੂਲ ਆਂਫ ਐਮੀਨੈਂਸ ਵਿੱਚ ਸਵੀਮਿੰਗ ਪੂਲ ਬਣਾਇਆ ਜਾ ਰਿਹਾ ਹੈ ਜਿੱਥੇ 365 ਦਿਨ ਸਵੀਮਿੰਗ ਦੇ ਪ੍ਰਬੰਧ ਹੋਣਗੇ। ਸ੍ਰੀ ਅਨੰਦਪੁਰ ਸਾਹਿਬ ਦੇ ਸਰਕਾਰੀ ਸਕੂਲ ਵਿੱਚ ਸੂਟਿੰਗ ਰੇਂਜ਼ ਅਗਲੇ ਦੋ ਮਹੀਨੇ ਵਿਚ ਸੁਰੂ ਹੋ ਜਾਵੇਗੀ। ਹਾਕੀ ਅਤੇ ਫੁੱਟਬਾਲ ਦੇ ਐਸਟ੍ਰੋਟਰਫ ਗਰਾਉਡ ਬਣਾਏ ਜਾ ਰਹੇ ਹਨ, ਥਲੂਹ ਵਿਚ 20 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਆਧੁਨਿਕ ਖੇਡ ਸਟੇਡੀਅਮ ਬਣਾਇਆ ਜਾ ਰਿਹਾ ਹੈ, ਜਿੱਥੇ ਹਰ ਤਰਾਂ ਦੀਆਂ ਖੇਡਾਂ ਦੀ ਸਹੂਲਤ ਮੋਜੂਦ ਹੋਵੇਗੀ। ਉਨ੍ਹਾਂ ਨੇ ਕਿਹਾ ਕਿ ਲਖੇੜ ਵਿਚ ਦੇਸ਼ ਦਾ ਸਭ ਤੋ ਬਿਹਤਰੀਨ ਸਕੂਲ ਆਫ ਹੈਪੀਨੈਂਸ ਬਣਾਇਆ ਜਾ ਰਿਹਾ ਹੈ, ਜਿੱਥੇ ਪ੍ਰਾਇਮਰੀ ਪੱਧਰ ਤੱਕ ਦੀ ਵਿੱਦਿਆਂ ਮਿਲੇਗੀ। ਉਨ੍ਹਾਂ ਨੇ ਕਿਹਾ ਕਿ ਸੂਬੇ ਦੇ ਹਜ਼ਾਰਾ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਰਹੀ ਹੈ, ਸਕੂਲਾਂ ਵਿੱਚ ਟ੍ਰਾਂਸਪੋਰਟ ਦੀ ਸਹੂਲਤ, ਕੈਂਪਸ ਮੈਨੇਜਰ, ਸੁਰੱਖਿਆ ਗਾਰਡ, ਸਫਾਈ ਸੇਵਕ, ਅਤਿ ਆਧੁਨਿਕ ਪ੍ਰਯੋਗਸ਼ਾਲਾ, ਚਾਰਦੀਵਾਰੀ ਤਿਆਰ ਕੀਤੀ ਗਈ ਹੈ। 3600 ਕਰੋੜ ਰੁਪਏ ਵਰਲਡ ਬੈਂਕ ਤੋ ਲਿਆ ਕੇ ਪੰਜਾਬ ਦੇ ਸਿੱਖਿਆ ਢਾਂਚੇ ਵਿਚ ਕ੍ਰਾਂਤੀਕਾਰੀ ਬਦਲਾਅ ਲਿਆਦੇ ਗਏ ਹਨ।

ਸ.ਹਰਜੋਤ ਬੈਂਸ ਨੇ ਕਿਹਾ ਕਿ ਕੀਰਤਪੁਰ ਸਾਹਿਬ ਵਿੱਚ 2.50 ਕਰੋੜ ਰੁਪਏ ਦੀ ਲਾਗਤ ਨਾਲ ਪ੍ਰਾਇਮਰੀ ਹੈਲਥ ਸੈਂਟਰ ਨੂੰ ਬਣਾਇਆ ਜਾ ਰਿਹਾ ਹੈ, ਹਲਕੇ ਦੇ ਸਾਰੇ ਆਮ ਆਦਮੀ ਕਲੀਨਿਕ ਸਫਲਤਾਪੂਰਵਕ ਸੇਵਾਵਾ ਦੇ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਹਿਮਾਚਲ ਪ੍ਰਦੇਸ਼ ਪੰਜਾਬ ਸਰਹੱਦ ਨਾਲ ਲੱਗਦਾ ਨੀਮ ਪਹਾੜੀ ਇਲਾਕਾ ਕੁਦਰਤੀ ਸੁਹੱਪਣ ਦੀ ਮੂੰਹ ਬੋਲਦੀ ਤਸਵੀਰ ਹੈ। ਅੱਜ ਤੋ ਪਹਿਲਾ ਕਿਸੇ ਵੀ ਨੁਮਾਇੰਦੇ ਨੇ ਇਸ ਇਲਾਕੇ ਦੀ ਪ੍ਰਗਤੀ ਤੇ ਖੁਸ਼ਹਾਲੀ ਬਾਰੇ ਉਪਰਾਲੇ ਨਹੀ ਕੀਤੇ, ਸਗੋ ਇਨ੍ਹਾਂ ਲੋਕਾਂ ਨੂੰ ਪਿਛੜੇ ਹੀ ਰਹਿਣ ਦਿੱਤਾ, ਜਦੋਂ ਕਿ ਕੁਦਰਤੀ ਸ੍ਰੋਤਾਂ ਨਾਲ ਭਰਪੂਰ ਸੂਬੇ ਦਾ ਸਭ ਤੋ ਸੁੰਦਰ ਇਲਾਕਾ ਸੈਰ ਸਪਾਟਾ ਹੱਬ ਵਜੋਂ ਵਿਕਸਤ ਹੋ ਸਕਦਾ ਸੀ, ਅਸੀ ਇਸ ਲਈ ਕੰਮ ਸੁਰੂ ਕਰ ਦਿੱਤਾ ਹੈ। ਖਾਲਸੇ ਦੀ ਜਨਮ ਸਥਲੀ ਤੇ ਗੁਰੂ ਸਹਿਬਾਨ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਧਰਤੀ ਸ੍ਰੀ ਅਨੰਦਪੁਰ ਸਾਹਿਬ ਤੇ ਕੀਰਤਪੁਰ ਸਾਹਿਬ ਤੋ ਇਲਾਵਾ ਮਾਤਾ ਸ੍ਰੀ ਨੈਣਾ ਦੇਵੀ ਦੀਆਂ ਪਹਾੜੀਆਂ ਦੇ ਨੇੜੇ ਇਸ ਇਲਾਕੇ ਨੂੰ ਸੈਰ ਸਪਾਟੇ ਵਜੋਂ ਵਿਕਸਤ ਕਰਨ ਲਈ ਯੋਜਨਾ ਤਿਆਰ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਅਗਲੇ ਦੋ ਸਾਲਾ ਦੌਰਾਨ ਇਹ ਇਲਾਕਾ ਪੰਜਾਬ ਦਾ ਸਭ ਤੋ ਸੁੰਦਰ ਤੇ ਖੁਸ਼ਹਾਲ ਇਲਾਕਾ ਬਣ ਜਾਵੇਗਾ, ਜਿੱਥੇ ਸਾਰੀਆ ਸੜਕਾਂ ਘੱਟੋ ਘੱਟ 18 ਫੁੱਟ ਚੋੜੀਆਂ ਹੋਣਗੀਆ। ਉਨ੍ਹਾਂ ਨੇ ਕਿਹਾ ਕਿ ਅਸੀ ਮੋਜੂਦਾ ਸਮੇ ਕਈ ਸੜਕਾਂ ਨੂੰ ਚੋੜਾ ਕਰ ਰਹੇ ਹਾਂ, ਪੁੱਲਾਂ ਦਾ ਨਿਰਮਾਣ ਹੋ ਰਿਹਾ ਹੈ ਤੇ ਵਿਕਾਸ ਦੀ ਰਫਤਾਰ ਨੂੰ ਹੋਰ ਗਤੀ ਦਿੱਤੀ ਹੈ।

ਇਸ ਮੌਕੇ ਸਮਲਾਹ ਤੇ ਹੋਰ ਇਲਾਕੇ ਦੀਆਂ ਪੰਚਾਇਤਾ ਵੱਲੋਂ ਕੈਬਨਿਟ ਮੰਤਰੀ ਹਰਜੋਤ ਬੈਂਸ ਦਾ ਲਿਫਟ ਇਰੀਗੇਸ਼ਨ ਪ੍ਰੋਜੈਕਟ ਦੇ ਕੰਮ ਦੀ ਸੁਰੂਆਤ ਕਰਨ ਲਈ ਵਿਸੇਸ਼ ਸਨਮਾਨ ਕੀਤਾ ਗਿਆ। ਕੈਬਨਿਟ ਮੰਤਰੀ ਨੇ ਉਨ੍ਹਾਂ ਪਰਿਵਾਰਾ ਦਾ ਵੀ ਸਨਮਾਨ ਕੀਤਾ ਜ਼ਿਨ੍ਹਾਂ ਨੇ ਲਿਫਟ ਸਿੰਚਾਈ ਯੋਜਨਾ ਲਈ ਆਪਣੀ ਜ਼ਮੀਨ ਮੁਫਤ ਵਿਚ ਦੇ ਕੇ ਇਸ ਸਕੀਮ ਨੂੰ ਮੁਕੰਮਲ ਕਰਨ ਵਿੱਚ ਵਿਸੇਸ਼ ਭੂਮਿਕਾ ਨਿਭਾਈ। ਇਸ ਮੌਕੇ ਚੰਦਰਯੋਤੀ ਆਈ.ਏ.ਐਸ ਵਧੀਕ ਡਿਪਟੀ ਕਮਿਸ਼ਨਰ, ਡਾ.ਸੰਜੀਵ ਗੌਤਮ ਚੇਅਰਮੈਨ ਗੁਰੂ ਰਵਿਦਾਸ ਆਯੁਰਵੈਦਿਕ ਯੂਨੀਵਰਸਿਟੀ, ਕਮਿੱਕਰ ਸਿੰਘ ਡਾਢੀ ਚੇਅਰਮੈਨ, ਸੂਬੇਦਾਰ ਰਾਜਪਾਲ ਮੋਹੀਵਾਲ ਬਲਾਕ ਪ੍ਰਧਾਨ, ਸੋਨੂੰ ਚੋਧਰੀ, ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਜਸਪ੍ਰੀਤ ਜੇ.ਪੀ, ਦਮਨਪ੍ਰੀਤ ਸਿੰਘ ਕਾਰਜਕਾਰੀ ਇੰਜੀਨਿਅਰ, ਇਸ਼ਾਨ ਚੋਧਰੀ ਬੀਡੀਪੀਓ, ਜਸਪ੍ਰੀਤ ਸਿੰਘ ਐਸ.ਡੀ.ਓ, ਸਰਪੰਚ ਮੋਹੀਵਾਲ,ਮੋਹਣ ਲਾਲ ਪੰਚ, ਦੀਪਕ ਆਂਗਰਾ ਪ੍ਰਧਾਨ ਵਪਾਰ ਮੰਡਲ, ਸਮਸੇਰ ਲਖੇੜ ਹਲਕਾ ਕੋਆਰਡੀਨੇਟਰ ਆਪ,ਦਿਲਬਾਗ ਸਿੰਘ ਰਾਏਪੁਰ ਸਾਹਨੀ,ਦਲੇਰ ਸਿੰਘ ਸਰਪੰਚ ਮਹਿੰਦਲੀ ਖੁਰਦ ,ਪਵਨਾਂ ਕੁਮਾਰੀ ਸਮਲਾਹ,ਗੁਰਬਚਨ ਲਾਲ ਸਮਲਾਹ, ਸਾਮ ਲਾਲ, ਕਾਕੂ ਗੁਰਦੇਵ, ਗਿਆਨ ਪੰਚ, ਰਾਮਪਾਲ ਪੰਚ, ਰਤਨ ਲਾਲ, ਸੋਹਣ ਲਾਲ,ਰਾਮ ਪਾਲ ਬਲਾਕ ਪ੍ਰਧਾਨ, ਦੇਵਰਾਜ ਪਹਾੜਪੁਰ, ਭਗਤ ਰਾਮ ਸਰਪੰਚ,ਬਲਵਿੰਦਰ ਸਿੰਘ ਸਰਪੰਚ,ਜਗਤਾਰ ਸਿੰਘ ਸਰਪੰਚ, ਕੇਸਰ ਸੰਧੂ, ਬਲਵਿੰਦਰ ਸਿੰਘ ਫੋਜੀ, ਸੁਖਦੇਵ ਸਿੰਘ, ਸਰਪੰਚ ਦਵਿੰਦਰ ਸਿੰਘ, ਸੰਤੋਖ ਸਿੰਘ, ਦਇਆ ਸਿੰਘ ਸੰਧੂ, ਭੁਪਿੰਦਰ ਸਿੰਘ, ਅਰਵਿੰਦ ਸ਼ਰਮਾ ਨਾਨੋਵਾਲ, ਕਮਲ ਬਲੌਲੀ, ਸੰਮੀ ਬਰਾਰੀ, ਰਵੀ ਹੰਸ, ਸੋਨੂੰ ਮੀਢਵਾਂ, ਰਾਮਪਾਲ ਕਾਹੀਵਾਲ, ਸ਼ਮਸ਼ੇਰ ਸਿੰਘ ਲਖੇੜ ਹਲਕਾ ਕੁਆਰਡੀਨੇਟਰ ਯੂਥ ਵਿੰਗ, ਪਵਨਾ ਕੁਮਾਰੀ ਸਰਪੰਚ ਸਮਲਾਹ, ਗਿਆਨ ਚੰਦ ਪੰਚ, ਸੋਢੀ ਰਾਮ, ਚਰਨ ਦਾਸ, ਕਰਮ ਚੰਦ ਲਖੇੜ, ਬੀਬੀ ਹਰਵਿੰਦਰ ਕੌਰ ਹਾਜ਼ਰ ਸਨ।

*ਨਵੇਂ ਲੇਖਕਾਂ ਨੂੰ ਨਜ਼ਰ ਵਿਚ ਰੱਖਦੇ ਹੋਏ ਅਸੀਂ ਇਹ ਕਾਲਮ 'ਸੋਨ ਸੁਨਹਿਰੀ ਕਲਮਾਂ' ਸ਼ੁਰੂ ਕੀਤਾ ਹੈ। ਇਸ ਵਿਚ ਲੇਖਕ ਦੇ ਜੀਵਨ ਦੀ ਸੰਖੇਪ ਜਾਣਕਾਰੀ ਦੇ ਨਾਲ ਉਸ ਦੀਆਂ ਰਚਨਾਵਾਂ ਵੀ ਪਾਠਕਾਂ ਦੇ ਰੂਬਰੂ ਕੀਤੀਆਂ ਜਾਂਦੀਆਂ ਹਨ।*

## ਸੋਨ ਸੁਨਹਿਰੀ ਕਲਮਾਂ

# ਕਵਿਤਾ ਦੇ ਖੇਤਰ 'ਚ ਨਵੀਂ ਦਸਤਕ



ਪ੍ਰਵੀਨ ਚੌਧਰੀ

ਸਾਹਿਤ ਖੇਤਰ ਵਿਚ ਵੱਡੀਆਂ ਸੰਭਾਵਨਾਵਾਂ ਲੈ ਕੇ ਦਸਤਕ ਦੇਣ ਵਾਲੀ ਕਵਿੱਤਰੀ ਅਤੇ ਕਹਾਣੀਕਾਰ ਪ੍ਰਵੀਨ ਚੌਧਰੀ ਦਾ ਪਿੰਡ ਥੋਪੀਆ ਤੇ ਤਹਿਸੀਲ ਬਲਾਚੌਰ ਹੈ। ਉਹ ਆਪਣੇ ਪਿਤਾ ਪਵਨ ਚੌਹਾਨ ਅਤੇ ਮਾਂ ਸੰਤੋਸ਼ ਚੌਹਾਨ ਦੀ ਲਾਡਲੀ ਧੀ ਹੈ। ਪ੍ਰਾਇਮਰੀ ਤੋਂ ਲੈ ਕੇ ਮਾਸਟਰ ਡਿਗਰੀ ਦੀ ਸਿੱਖਿਆ ਹਾਸਲ ਕਰਨਾ ਉਸ ਦੇ ਬੌਧਿਕ ਗਿਆਨ ਵਿਚ ਨਿਪੁੰਨ ਹੋਣ ਦਾ ਪ੍ਰਮਾਣ ਹੈ। ਕਾਲਜ ਦੀ ਪੜ੍ਹਾਈ ਦੌਰਾਨ ਉਸ ਨੇ ਸੱਭਿਆਚਾਰਕ ਸਰਗਰਮੀਆਂ ਵਿਚ ਵੀ ਵਧ ਚੜ੍ਹ ਕੇ ਹਿੱਸਾ ਲੈਂਦੇ ਹੋਏ ਗਿੱਧੇ ਵਿਚ ਨਾਮਣਾ ਖੱਟਿਆ। ਉਹ ਸਰਵਗੁਣ ਸੰਪਨ ਹੈ ਕਿਉਂਕਿ ਉਸ ਨੇ ਖੇਡ ਦੇ ਮੈਦਾਨ ਵਿਚ ਵੀ ਹਾਕੀ ਫੜ ਕੇ ਆਪਣੀ ਯੋਗਤਾ ਦਾ ਦਿਖਾਈ। ਚੰਗੀ ਸੂਰਤ ਅਤੇ ਸੋਹਣੀ ਸੀਰਤ ਦੀ ਮਾਲਕ ਹੋਣ ਦੇ ਨਾਲ-ਨਾਲ ਉਸ ਨੇ ਆਪਣੀ ਕਲਮ ਦਾ ਇਸਤੇਮਾਲ ਕਰਦੇ ਹੋਏ ਸਮਾਜਿਕ ਪੀੜਾ ਨੂੰ ਬਿਆਨ ਕਰਦੀਆਂ ਮਿੰਨੀ ਕਹਾਣੀਆਂ ਅਤੇ ਕਵਿਤਾਵਾਂ ਦੀ ਰਚਨਾ ਕੀਤੀ। ਉਸ ਦੀਆਂ ਦਰਜਨਾਂ ਰਚਨਾਵਾਂ ਅਖ਼ਬਾਰਾਂ ਅਤੇ ਮੈਗਜ਼ੀਨਾਂ ਵਿਚ ਛਪ ਚੁੱਕੀਆਂ ਹਨ। ਅੱਜ ਉਹ ਆਪਣੇ ਪਤੀ ਬਾਲੀ ਖੇਪਰ ਦੇ ਸਹਿਯੋਗ ਨਾਲ ਸਹੁਰਾ ਪਿੰਡ ਬੇਗੋਵਾਲ ਤਹਿਸੀਲ ਬਲਾਚੌਰ ਤੋਂ ਸਾਹਿਤ ਦੇ ਨਵੇਂ ਪੰਨੇ ਸਿਰਜ ਰਹੀ ਹੈ। ਆਓ ਮਾਣਦੇ ਹਾਂ ਉਸ ਦੀਆਂ ਕਵਿਤਾਵਾਂ ਦਾ ਅਨੰਦ।

• ਰਾਮਦਾਸ ਬੰਗੜ
99153-53800

## ਕਵਿਤਾਵਾਂ

### ਰਿਸ਼ਤੇ

ਇਨਸਾਨੀਅਤ ਮਰ ਜਾਂਦੀ ਹੈ ਉਦੋਂ,
ਜਦੋਂ ਬੰਦੇ ਨਾਲ ਬੰਦਾ ਧੋਖਾ ਕਮਾਉਂਦਾ ਹੈ।
ਇਨਸਾਨੀਅਤ ਮਰ ਜਾਂਦੀ ਹੈ ਉਦੋਂ,
ਜਦੋਂ ਬੰਦਾ ਛੁਪਿਆ ਰੂਪ ਦਿਖਾਉਂਦਾ ਹੈ,
ਵਿਸ਼ਵਾਸ ਉਦੋਂ ਉੱਠਦਾ।
ਜਦੋਂ ਆਪਣਾ ਕੋਈ ਦਿਲ ਦਿਖਾਉਂਦਾ ਹੈ,
ਮਾਣ ਬੰਦੇ ਦਾ ਉਦੋਂ ਟੁੱਟਦਾ ਹੈ।
ਯਾਰ ਜਦੋਂ ਪਿੱਠ ਪਿੱਛੇ ਹਥਿਆਰ ਚਲਾਉਂਦਾ ਹੈ,
ਮਨ ਰਿਸ਼ਤਿਆਂ ਤੋਂ ਉਦੋਂ ਭਰ ਜਾਵੇ।
ਜਦੋਂ ਵੀਰ ਵੀਰ ਨਾਲ ਦਗਾ ਕਮਾਉਂਦਾ ਹੈ।



### ਮਾਂ

ਮੇਰਾ ਤੂੰ ਹੀ ਇਕ ਸਹਾਰਾ ਮਾਂ,
ਤੇਰਾ ਪਿਆਰ ਹੀ ਸਭ ਤੋਂ ਨਿਆਰਾ ਮਾਂ।
ਜਦ ਝਿੜਕਾਂ ਦੇ ਨਾਲ ਪਿਆਰ ਕਰੇ,
ਮੇਰੀਆਂ ਖ਼ੁਸ਼ੀਆਂ ਲਈ ਸਭ ਨਾਲ ਲੜੇ।
ਤੂੰ ਦਿਖੇ ਨਾ ਮੈਨੂੰ ਇਕ ਪਲ ਵੀ,
ਮਨ ਡਰ-ਡਰ ਇੱਕੋ ਗੱਲ ਕਹੇ।
ਤੇਰੇ ਬਿਨਾਂ ਨਾ ਕੋਈ ਕਿਨਾਰਾ ਮਾਂ,
ਮੇਰਾ ਤੂੰ ਹੀ ਇੱਕ ਸਹਾਰਾ।

ਸਾਡਾ ਪਤਾ ਹੈ–
ਸੰਪਾਦਕ, ਪੰਜਾਬੀ ਜਾਗਰਣ, ਸੀ–120, ਫੋਕਲ ਪੁਆਇੰਟ ਐਕਸਟੈਂਸ਼ਨ, ਇੰਡਸਟਰੀਅਲ ਏਰੀਆ, ਜਲੰਧਰ।
editormail@punjabi.jagran.com




# ਤੇਰੀ ਮੇਰੀ ਇਕ ਜ਼ਿੰਦੜੀ

ਪਰਮਜੀਤ ਕੌਰ ਸਰਹਿੰਦ

ਪਤੀ-ਪਤਨੀ ਦਾ ਰਿਸ਼ਤਾ ਬਹੁਤ ਅਪਣੱਤ ਭਰਿਆ ਤੇ ਮਜ਼ਬੂਤ ਹੁੰਦਾ ਹੋਇਆ ਵੀ ਬੜਾ ਨਾਜ਼ੁਕ ਹੁੰਦਾ ਹੈ। ਸਾਰੀ ਸ੍ਰਿਸ਼ਟੀ ਇਸੇ ਨਾਲ ਚੱਲਦੀ ਹੈ। ਇਸ ਨਾਜ਼ੁਕ ਰਿਸ਼ਤੇ ਨੂੰ ਤਿੜਕਣ ਤੋਂ ਬਚਾਉਣ ਲਈ ਸਾਨੂੰ ਕੁਝ ਨਿਯਮ ਅਪਣਾਉਣੇ ਜ਼ਰੂਰੀ ਹੁੰਦੇ ਨੇ ਪਰ ਆਮ ਤੌਰ 'ਤੇ ਉਹ ਅਪਣਾਉਣੇ ਨਹੀਂ ਜਾਂਦੇ, ਜਿਸ ਕਾਰਨ ਦੰਪਤੀ ਵਿਚ ਕਲਹ-ਕਲੇਸ਼ ਹੋਇਆ ਰਹਿੰਦਾ ਹੈ ਅਤੇ ਜੀਵਨ ਇਕ ਬੋਝ ਬਣ ਕੇ ਰਹਿ ਜਾਂਦਾ ਹੈ। ਸਭ ਤੋਂ ਜ਼ਰੂਰੀ ਤਾਂ ਪਤੀ ਪਤਨੀ ਦਾ ਇਕ-ਦੂਜੇ ਦੀ ਇੱਜ਼ਤ ਕਰਨਾ ਬਹੁਤ ਜ਼ਰੂਰੀ ਹੈ। ਪ੍ਰੇਮ ਦੇ ਨਾਲ ਰਲੀ ਹੋਈ ਇੱਜ਼ਤ ਇਸ ਰਿਸ਼ਤੇ ਨੂੰ ਬਹੁਤ ਹੀ ਸੁਖਾਵਾਂ ਬਣਾ ਦਿੰਦੀ ਹੈ ਬਰਾਬਰ ਦੇ ਹੱਕਾਂ ਵਾਲਾ ਰੌਲਾ ਕਦੇ-ਕਦੇ ਔਰਤ ਨੂੰ ਬੇਲੋੜੀ ਸ਼ਹਿ ਵੀ ਦੇ ਜਾਂਦਾ ਹੈ ਅਤੇ ਉਹ ਸ਼੍ਰਿਸ਼ਟਾਚਾਰ ਦੀਆਂ ਹੱਦਾਂ ਟੱਪਣ ਲੱਗਦੀ ਹੈ, ਜਿਸ ਨਾਲ ਪਤੀ ਦੇ ਮਨ ਨੂੰ ਠੇਸ ਲੱਗਦੀ ਹੈ ਅਤੇ ਗੁੱਸਾ ਵੀ। ਹੱਸਦੇ ਵਸਦੇ ਘਰ ਉੱਜੜ ਜਾਂਦੇ ਹਨ। ਪਤੀ ਪਤਨੀ ਦੋਵੇਂ ਆਪਣੇ ਵਤੀਰੇ ਅਤੇ ਫ਼ਰਜ਼ਾਂ ਪ੍ਰਤੀ ਸੁਚੇਤ ਰਹਿਣ। ਪਤਨੀ ਨੂੰ ਚਾਹੀਦਾ ਹੈ ਕਿ ਉਹ ਪਤੀ ਦੇ ਨਾਲ ਉਸ ਦੀ ਮਾਂ ਭੈਣ ਤੇ ਬਾਕੀ ਰਿਸ਼ਤੇਦਾਰਾਂ ਦੀ ਵੀ ਇੱਜ਼ਤ ਕਰੇ, ਖਿੜੇ ਮੱਥੇ ਮਿਲੇ, ਜਿਵੇਂ ਪਤੀ ਤੋਂ ਉਹ ਆਪਣਿਆਂ ਲਈ ਚਾਹੁੰਦੀ ਹੈ। ਇਸ ਨਾਲ ਅੱਗੋਂ ਬੱਚਿਆਂ ਦੇ ਮਨਾਂ 'ਚ ਵੀ ਮੋਹ ਦੇ ਬੀਜ ਪੁੰਗਰਦੇ ਨੇ ਅਤੇ ਉਹ ਚੰਗੇ ਸੰਸਕਾਰ ਗ੍ਰਹਿਣ ਕਰ ਕੇ ਸਭ ਤੋਂ ਆਦਰ ਕਰਨ ਦੀ ਜਾਚ ਸਿੱਖਦੇ ਨੇ।

### ਪਤਨੀ ਨਾਲ ਸੁਖਾਵਾਂ ਵਰਤਾਓ

ਇਹ ਵੀ ਦੇਖਣ ਨੂੰ ਆਉਂਦਾ ਹੈ ਕਿ ਆਮ ਤੌਰ 'ਤੇ ਪਤੀ ਆਪਣੀ ਪਤਨੀ ਨਾਲ ਸੁਖਾਵਾਂ ਵਰਤਾਓ ਰੱਖਦਾ ਹੈ ਪਰ ਦੂਜਿਆਂ ਦੇ ਸਾਹਮਣੇ ਉਹ ਪਤਨੀ 'ਤੇ ਬੇਲੋੜਾ ਰੋਹਬ ਪਾਉਂਦਾ ਹੈ ਅਤੇ ਕਾਗ਼ਜ਼ੀ ਸ਼ੇਰ ਬਣ ਜਾਂਦਾ ਹੈ। ਸਿਆਣੀ ਸਾਊ ਪਤਨੀ ਮੌਕਾ ਸਾਂਭ ਕੇ ਆਪਣੀ ਹੋਈ ਨਿਰਾਦਰੀ ਨੂੰ ਜਰ ਕੇ ਸਬਰ ਦਾ ਘੁੱਟ ਭਰ ਲੈਂਦੀ ਹੈ ਪਰ ਕਈ ਵਾਰ ਉਹ ਘਰ ਆ ਕੇ ਆਪ ਵੀ ਸ਼ੇਰਨੀ ਬਣ ਜਾਂਦੀ ਹੈ ਅਤੇ ਪਤੀ ਨਾਲ ਥੋੜ੍ਹੇ ਤਰਕ ਤਕਰਾਰ ਕਰਦੀ ਹੈ। ਕਿਸੇ ਵੇਲੇ ਗੱਲ ਵਧ ਵੀ ਜਾਂਦੀ ਹੈ। ਕਈ ਵਾਰ ਇਹ ਉਲਟ ਵੀ ਹੁੰਦਾ ਹੈ। ਚੰਗੀ ਭਲੀ ਸਿਆਣੀ-ਸੁਚੱਜੀ ਪਤਨੀ ਬਾਹਰ ਜਾ ਕੇ ਆਪਹੁਦਰੀ ਜਿਹੀ ਹੋ ਜਾਂਦੀ ਹੈ ਅਤੇ ਦੂਜਿਆ ਸਾਹਮਣੇ ਪਤੀ 'ਤੇ ਰੋਹਬ ਪਾਉਂਦੀ ਹੈ ਸਮਝਦਾਰ ਪਤੀ ਪਾਸਾ ਵੱਟ ਜਾਂਦਾ ਹੈ ਪਰ ਆ ਕੇ ਉਸ ਨੂੰ ਸਮਝਾਉਣ ਦੀ ਕੋਸ਼ਿਸ਼ ਕਰਦਾ ਹੈ। ਕਈ ਵਾਰ ਅਜਿਹੀ ਪਤਨੀ ਨੂੰ ਪਤੀ ਕਿਸੇ ਸਮਾਗਮ 'ਚ ਨਾਲ ਲੈ ਜਾਣ ਤੋਂ ਗੁਰੇਜ਼ ਕਰਦਾ ਹੈ ਕਈ ਪਤੀ ਪਤਨੀਆਂ ਸਾਹਮਣੇ ਭਰੀ ਮਹਿਫ਼ਲ ਵਿਚ ਮਾਊਂ ਬਣੇ ਰਹਿੰਦੇ ਨੇ। ਪਤਨੀਆਂ ਲੁਤਰ-ਲੁਤਰ ਬੋਲਦੀਆਂ ਉਨ੍ਹਾਂ ਨੂੰ ਉੱਕਾ ਹੀ ਨਹੀਂ ਗੌਲਦੀਆਂ। ਅਜਿਹੇ ਹਾਲਾਤ ਵਿਚ ਪਤੀ ਪਤਨੀ ਤਮਾਸ਼ਾ ਬਣ ਕੇ ਰਹਿ ਜਾਂਦੇ ਨੇ ਅਤੇ ਲੋਕ ਪਿੱਠ ਪਿੱਛੇ ਉਨ੍ਹਾਂ ਦਾ ਮੌਜੂ ਬਣਾਉਂਦੇ ਖਿੱਲੀ ਉਡਾਉਂਦੇ ਨੇ। ਅਜਿਹੀਆਂ ਗੱਲਾਂ ਦਾ ਦੋਵਾਂ ਜੀਆਂ ਨੂੰ ਬਹੁਤ ਧਿਆਨ ਰੱਖਣਾ ਚਾਹੀਦਾ ਹੈ ਅਤੇ ਸਮਾਜ 'ਚ ਆਪਣੀ ਚੰਗੇ ਪਤੀ-ਪਤਨੀ ਦੀ ਪਛਾਣ ਬਣਾਉਣੀ ਚਾਹੀਦੀ ਹੈ।

### ਔਰਤ ਨੂੰ ਦਾਸੀ ਸਮਝਣਾ

ਕਈ ਪਤੀ ਅੱਜ ਦੇ ਜ਼ਮਾਨੇ 'ਚ ਵੀ ਔਰਤ ਨੂੰ ਦਾਸੀ ਸਮਝਦੇ ਨੇ, ਇਹ ਕੌੜਾ ਸੱਚ ਹੈ। ਉਸ ਤੋਂ ਸਿਰ ਜਾਂ ਪੈਰ ਦਬਾਉਂਦੇ ਨੇ, ਘੁਟਾਉਂਦੇ ਨੇ ਪਰ ਆਪ ਜੇ ਪਤਨੀ ਨੂੰ ਤੇਜ਼ ਬੁਖ਼ਾਰ ਜਾਂ ਕੋਈ ਹੋਰ ਤਕਲੀਫ਼ ਹੋਵੇ, ਇੱਥੋਂ ਤਕ ਕਿ ਉਹ ਮੰਜੇ ਤੋਂ ਉੱਠਣ ਜੋਗੀ ਨਾ ਹੋਵੇ, ਉਸ ਨੂੰ ਚਾਹ ਦਾ ਕੱਪ ਬਣਾ ਕੇ ਦੇਣਾ ਵੀ ਔਖਾ ਸਮਝਦੇ ਨੇ। ਕਈ ਭਲੇ ਪਤੀ, ਪਤਨੀ ਦਾ ਪੂਰਾ ਖ਼ਿਆਲ ਰੱਖਦੇ ਨੇ। ਆਪ ਅੰਤਾਂ ਦੀ ਤਕਲੀਫ਼ 'ਚ ਵੀ ਪਤਨੀ 'ਤੇ ਬੋਝ ਨਹੀਂ ਬਣਦੇ, ਸਗੋਂ ਕਹਿੰਦੇ ਨੇ 'ਤੂੰ ਸਾਰਾ ਦਿਨ ਕੰਮ ਕਰਦੀ ਏਂ। ਘਰ ਵੀ ਤੇ ਬਾਹਰ ਵੀ। ਮੈਨੂੰ ਦੁਆਈ ਦੇ ਕੇ ਤੂੰ ਵੀ ਆਰਾਮ ਕਰ।' ਇਕ ਦੂਜੇ ਦੇ ਦੁੱਖ ਸੁੱਖ ਦਾ ਪੂਰਾ ਧਿਆਨ ਰੱਖਦੇ ਨੇ। ਅਜਿਹੇ ਜੋੜਿਆਂ ਦੇ ਘਰਾਂ ਵਿਚ ਰੱਬ ਦੀ ਰਹਿਮਤ ਵਰਸਦੀ ਹੈ। ਇੱਥੇ 'ਤੇਰੀ ਆਈ ਮੈਂ ਮਰ ਜਾ ਤੇਰਾ ਵਾਲ ਵਿੰਗਾ ਨਾ ਹੋਵੇ' ਵਾਲੀ ਗੱਲ ਪਤੀ-ਪਤਨੀ 'ਤੇ ਲਾਗੂ ਹੁੰਦੀ ਹੈ।



### ਗ਼ਲਤੀਆਂ ਦਾ ਪੁਤਲਾ

ਇਨਸਾਨ ਗ਼ਲਤੀਆਂ ਦਾ ਪੁਤਲਾ ਹੈ। ਇਹ ਗੱਲ ਜਗ ਜ਼ਾਹਿਰ ਹੈ। ਗ਼ਲਤੀ ਪਤੀ ਜਾਂ ਪਤਨੀ ਕਿਸੇ ਤੋਂ ਵੀ ਹੋ ਸਕਦੀ ਹੈ। ਮੈਂ ਸੋਚਦੀ ਹਾਂ ਜੇ ਗ੍ਰਹਿਸਥ ਵਿਚ ਵੀ 'ਟ੍ਰੈਫਿਕ ਨਿਯਮ' ਵਾਂਗ ਨਿਯਮ ਪਾਲੇ ਜਾਣ ਤਾਂ ਜੀਵਨ ਦੀ ਵਾਟ ਬੜੀ ਹੀ ਸਾਵੀਂ ਪੱਧਰੀ ਹੋ ਜਾਵੇ। ਜੇ ਇਕ ਨੂੰ ਕਿਸੇ ਗੱਲੋਂ ਦੂਜੇ 'ਤੇ ਗੁੱਸਾ ਆਵੇ ਤਾਂ ਦੂਜਾ ਰਤਾ ਠਰ੍ਹੰਮਾ ਰੱਖੇ ਤੇ ਪਾਸਾ ਵੱਟੇ। ਰਾਤ ਨੂੰ ਆਹਮੋ-ਸਾਹਮਣੇ ਤੋਂ ਆਉਂਦੀਆਂ ਗੱਡੀਆਂ ਦੀ ਤੇਜ਼ ਰੌਸ਼ਨੀ ਹਾਦਸੇ ਦਾ ਕਾਰਨ ਬਣ ਜਾਂਦੀ ਹੈ।

### ਗ੍ਰਹਿਸਥ ਦੀ ਗੱਡੀ

ਸਿੱਧੀ ਰੌਸ਼ਨੀ ਇਕ ਦੂਜੇ ਦੀਆਂ ਅੱਖਾਂ ਵਿਚ ਪੈਂਦੀ ਅਤੇ ਆਲੇ-ਦੁਆਲੇ ਜਾਂ ਸਾਹਮਣੇ ਕੁਝ ਦਿਖਾਈ ਨਹੀਂ ਦਿੰਦਾ ਤੇ ਹਾਦਸੇ ਹੋ ਜਾਂਦੇ ਨੇ। ਸਿਆਣਾ ਵਾਹਨ ਚਾਲਕ ਰੌਸ਼ਨੀ (ਲਾਈਟ) ਡਿਮ ਕਰਦਾ ਡਿੱਪਰ ਮਾਰਦਾ ਹੈ ਤਾਂ ਜੋ ਸਾਹਮਣੇ ਗੱਡੀ ਨੂੰ ਰਸਤਾ ਸਾਫ਼ ਦਿੱਸੇ। ਆਪ ਜ਼ਰਾ ਹੌਲੀ ਵੀ ਹੋ ਜਾਂਦਾ ਹੈ ਅਤੇ ਹਾਦਸਾ ਟਲ ਜਾਂਦਾ ਹੈ। ਜਿਹੜਾ ਚਾਲਕ ਹਉਮੈ ਜਾਂ ਕਾਹਲੀ ਕਾਰਨ ਤੇਜ਼-ਤਰਾਰ ਬਣਦੇ ਨਿਯਮ ਦੀ ਪਾਲਣਾ ਨਹੀਂ ਕਰਦੇ, ਉਹ ਗੱਡੀਆਂ ਆਮ ਤੌਰ 'ਤੇ ਕਿਸੇ ਮੋੜ 'ਤੇ ਹਾਦਸੇ ਦਾ ਸ਼ਿਕਾਰ ਹੋ ਜਾਂਦੀਆਂ ਹਨ। ਸੋ ਪਤੀ-ਪਤਨੀ ਵੀ ਜਦੋਂ ਅਜਿਹੇ ਨਾਜ਼ੁਕ ਦੌਰ 'ਚ ਖ਼ਤਰਨਾਕ ਮੋੜ 'ਤੇ ਆ ਜਾਣ ਤਾਂ ਉਦੋਂ ਇਕ ਜਣਾ ਗੁੱਸੇ ਦੀ ਗਰਮੀ ਰੌਸ਼ਨੀ ਨੂੰ ਜ਼ਰਾ ਡਿਮ ਕਰ ਲਵੇ, ਡਿੱਪਰ ਮਾਰੇ ਤਾਂ ਜੋ ਗੁੱਸੇ ਦੀ ਰੌਸ਼ਨੀ 'ਚ ਦੋਵਾਂ ਦਾ ਟਕਰਾਅ ਨਾ ਹੋਵੇ, ਹਾਦਸਾ (ਲੜਾਈ ਝਗੜਾ) ਨਹੀਂ ਤਾਂ ਅਜਿਹੇ ਹਾਦਸੇ ਗ੍ਰਹਿਸਥ ਦੀ ਗੱਡੀ ਨੂੰ ਤੋੜ ਭੰਨ ਦਿੰਦੇ ਨੇ। ਕੋਈ ਜ਼ਹਿਰ ਖਾ ਲੈਂਦਾ ਹੈ, ਕੋਈ ਰੇਲ ਗੱਡੀ ਥੱਲੇ ਆ ਜਾਂਦੈ ਅਤੇ ਕੋਈ ਕਿਸੇ ਨਦੀ ਨਹਿਰ 'ਚ ਜਾ ਡਿਗਦੈ। ਕਈ ਮਾਸੂਮ ਬੱਚਿਆਂ ਨੂੰ ਵੀ ਨਾਲ ਹੀ ਖ਼ਤਮ ਕਰ ਦਿੰਦੇ ਜਾਂ ਰੁਲਣ ਲਈ ਛੱਡ ਜਾਂਦੈ। ਸੋ, ਜ਼ਰਾ ਬਚ ਕੇ ਮੋੜ ਤੋਂ, ਜ਼ਰਾ ਸੰਭਲ ਕੇ ਪਾਸਾ ਵੱਟ ਕੇ, ਲਾਈਟ ਡਿਮ ਕਰ ਕੇ ਅਤੇ ਡਿੱਪਰ ਮਾਰ ਕੇ ਜ਼ਿੰਦਗੀ ਦੇ ਸੋਹਣੇ ਪਲ ਖ਼ੁਸ਼ੀ-ਖ਼ੁਸ਼ੀ ਮਾਣੇ ਜਾਣ। ਇਹ ਮਨੁੱਖਾ ਜਨਮ ਜਿਸ ਬਾਰੇ ਕਿਹਾ ਜਾਂਦੈ, 'ਚੁਰਾਸੀ ਲੱਖ ਜੂਨਾਂ ਬਾਅਦ ਮਿਲਦਾ ਹੈ, ਅਜਾਈਂ ਨਾ ਗੁਆਇਆ ਜਾਵੇ।' ਇਕ-ਦੂਜੇ ਦੇ ਸਾਹੀਂ ਜਿਉਂਦਿਆਂ ਲੋਕਗੀਤ ਦੇ ਬੋਲਾਂ ਨੂੰ ਸੱਚ ਕੀਤਾ ਜਾਵੇ। 'ਤੈਨੂੰ ਤਾਪ ਚੜ੍ਹੇ ਮੈਂ ਹੂੰਗਾ, ਤੇਰੀ ਮੇਰੀ ਇੱਕ ਜਿੰਦੜੀ।' •

98599-98728

### ਜ਼ਿੰਮੇਵਾਰੀਆਂ ਦਾ ਬੋਝ

ਪਤਨੀ ਭਾਵੇਂ ਘਰੇਲੂ ਔਰਤ ਹੋਵੇ ਜਾਂ ਨੌਕਰੀ ਪੇਸ਼ਾ ਘਰ, ਪਰਿਵਾਰ ਤੇ ਬੱਚਿਆਂ ਦੀਆਂ ਬਹੁਤੀਆਂ ਜ਼ਿੰਮੇਵਾਰੀਆਂ ਦਾ ਬੋਝ ਉਸ ਦੇ ਸਿਰ ਹੀ ਹੁੰਦਾ ਹੈ। ਉਹ ਸਭ ਦਾ ਧਿਆਨ ਰੱਖਦੀ ਹੈ, ਉਸ ਦਾ ਧਿਆਨ ਕੌਣ ਰੱਖੇ? ਉਹ ਇਸ ਦੀ ਤਵੱਕੋ ਪਤੀ ਤੋਂ ਹੀ ਕਰ ਸਕਦੀ ਹੈ। ਇਕ ਹੋਰ ਗੱਲ ਵੀ ਬੜੀ ਮਹੱਤਵਪੂਰਨ ਹੈ, ਪਤਨੀ ਘਰੇਲੂ ਕੰਮ ਕਰਨ ਵਾਲੀ ਹੋਵੇ ਜਾਂ ਨੌਕਰੀ ਵਾਲੀ, ਮਰਦ ਘਰ ਦੇ ਕੰਮਾਂ 'ਚ ਉਸ ਦਾ ਹੱਥ ਵਟਾਉਣ ਨੂੰ ਆਪਣੀ ਹੇਠੀ ਸਮਝਦਾ ਹੈ। ਉਹ ਚਾਹੁੰਦਾ ਹੈ ਕਿ ਦਫ਼ਤਰੋਂ ਆਉਂਦੇ ਨੂੰ ਚਾਹ ਵੀ ਤਿਆਰ ਹੋਵੇ, ਭਾਵੇਂ ਪਤਨੀ ਵੀ ਉਸੇ ਵੇਲੇ ਕੰਮੋਂ ਪਰਤੀ ਹੋਵੇ ਪਰ ਚਾਹ ਪਤਨੀ ਹੀ ਬਣਾਵੇਗੀ। ਬਹੁਤ ਸਾਰੇ ਘਰਾਂ ਵਿਚ ਇਹੋ ਹਾਲ ਹੈ ਕੁਝ ਇਕ-ਦੁੱਕਾ ਘਰਾਂ 'ਚ ਪਤੀ ਖੁੱਲ੍ਹੀ ਸੋਚ ਵਾਲੇ ਤੇ ਦਰਿਆ ਦਿਲ ਹੁੰਦੇ ਨੇ ਜੋ, ਪਤਨੀ ਦਾ ਹੱਥ ਵਟਾਉਂਦੇ ਨੇ। ਆਮ ਤੌਰ 'ਤੇ ਪਤੀ ਬਾਹਰੋਂ ਆ ਕੇ ਜੁੱਤੇ ਕੱਪੜੇ ਉਤਾਰ ਕੇ ਇੱਧਰ ਉੱਧਰ ਹੀ ਰੱਖ ਦਿੰਦੇ ਨੇ, ਹਾਲਾਂਕਿ ਇਹ ਪੰਜ ਸੱਤ ਮਿੰਟ ਦਾ ਕੰਮ ਹੁੰਦਾ ਹੈ ਜੁੱਤੇ ਕੱਪੜੇ ਥਾਂ ਸਿਰ ਰੱਖ ਕੇ ਥਾਂ ਸਿਰ ਤੋਂ ਚੁੱਕ ਕੇ ਬਦਲ ਲਏ ਜਾਣ ਪਰ ਇਹ ਕੰਮ ਵੀ ਪਤਨੀ ਕਰ ਕੇ ਦੇਵੇਗੀ। ਉਹ ਘਰ ਦੇ ਧੰਦਿਆਂ ਵਿਚ ਉਲਝੀ ਇਹ 'ਸੇਵਾ' ਵੀ ਨਿਭਾਉਂਦੀ ਹੈ। ਪਤੀ ਨੂੰ ਹੱਥੀਂ ਕੰਮ ਕਰਨ ਦੀ ਆਦਤ ਪਾਉਣੀ ਚਾਹੀਦੀ ਹੈ। ਉਸ ਨੂੰ ਐਨੀ ਕੁ ਖੇਚਲ ਕਰ ਲੈਣੀ ਚਾਹੀਦੀ ਹੈ। ਐਨੀ ਦੇਰ ਵਿਚ ਪਤਨੀ ਚਾਹ ਨਾਸ਼ਤਾ ਲਿਆਵੇ ਅਤੇ ਬੱਚਿਆਂ ਨਾਲ ਰਲ ਕੇ ਬੈਠਿਆ ਜਾਵੇ। ਮੁੜ ਤਾਂ ਸਭ ਨੇ ਆਪੋ ਆਪਣੇ ਕਮਰਿਆਂ 'ਚ ਵੜ ਜਾਣਾ ਹੁੰਦਾ ਹੈ, ਟੀਵੀ, ਕੰਪਿਊਟਰ ਨਾਲ ਪਰਚ ਜਾਣਾ ਹੁੰਦਾ ਹੈ ਅਤੇ ਖਾਣੇ ਦੀ ਮੇਜ਼ 'ਤੇ ਵੀ ਮਸਾਂ ਇਕੱਠੇ ਹੁੰਦੇ ਨੇ। ਬੱਚਿਆਂ ਦੇ ਵਿਕਾਸ ਲਈ ਪਰਿਵਾਰ ਦਾ ਰਲ ਬੈਠਣਾ ਬਹੁਤ ਜ਼ਰੂਰੀ ਹੈ।

## ਪੱਤਰ ਹਰੇ ਕਚੂਰ

# ਹਾਲਾਤ 'ਚੋਂ ਉੱਭਰੀ ਕਵਿਤਰੀ



ਨੀਰੂ ਜੱਸਲ
94646-06017

ਪੇਸ਼ੇ ਪੱਖੋਂ ਨੀਰੂ ਜੱਸਲ ਕੰਪਿਊਟਰ ਅਧਿਆਪਕਾ ਹੈ। ਕਵਿ-ਰਚਨਾ ਦਾ ਗੁਣ ਉਸ ਨੂੰ ਮਾਂ ਦੇ ਵਿਹੜੇ ਵਿੱਚੋਂ ਮਿਲਿਆ, ਮਨ ਵਿਚ ਆਏ-ਦਿਨ ਉੱਠਦੇ ਵਲਵਲਿਆਂ ਨੇ ਉਸ ਨੂੰ ਲਿਖਣਾ ਸਿਖਾ ਦਿੱਤੈ ਅਤੇ ਗਾਇਕੀ ਦਾ ਗੁਣ ਨੀਰੂ ਦੇ ਇਕਾਂਤ ਵਿਚਲਾ ਹਮਸਫ਼ਰ ਹੈ। ਨੀਰੂ ਨੂੰ ਦੂਰੋਂ ਤੱਕਣ ਵਾਲਾ ਸ਼ਖ਼ਸ ਉਸ ਵਰਗੀ ਹੀ ਜ਼ਿੰਦਗੀ ਜਿਊਣ ਦੀ ਕਲਪਨਾ ਕਰਨ ਲੱਗਦਾ ਹੈ ਪ੍ਰੰਤੂ ਜਦੋਂ ਸਮਾਂ ਪਾ ਕੇ ਜਦ ਦਿਲ ਦੀਆਂ ਪਰਤਾਂ ਖੁੱਲ੍ਹਦੀਆਂ ਹਨ ਤਾਂ ਉਹ ਵੀ ਘਬਰਾਅ ਜਾਂਦਾ ਹੈ। ਪਰ ਨੀਰੂ ਦਾ ਜ਼ਿੰਦਗੀ ਜਿਊਣ ਦਾ ਆਪਣਾ ਹੀ ਅੰਦਾਜ਼ ਹੈ। ਨੀਰੂ ਨੂੰ ਦੂਜਿਆਂ ਦੇ ਮੋਢੇ 'ਤੇ ਸਿਰ ਧਰ ਕੇ ਆਪਣੀ ਜ਼ਿੰਦਗੀ ਦੇ ਰੋਣੇ ਰੋਣਾ ਜ਼ਰਾ ਜਿੰਨਾ ਵੀ ਸਵੀਕਾਰ ਨਹੀਂ। ਉਹ ਕਾਗ਼ਜ਼ਾਂ ਨੂੰ ਮਾਂ ਦੀ ਗੋਦ ਤੇ ਕਾਵਿਕ ਬੋਲਾਂ ਨੂੰ ਹੰਝੂ ਸਵਿਕਾਰਦਿਆਂ ਸਭ ਕੁਝ ਆਪਣੀਆਂ ਕਵਿਤਾਵਾਂ 'ਚ ਪ੍ਰੇਮ ਛੱਡਦੀ ਹੈ। ਗ਼ੁਲਾਮ ਅਲੀ ਅਤੇ ਜਗਜੀਤ ਸਿੰਘ ਨੂੰ ਸੁਣਨਾ, ਸ਼ਿਵ, ਪਾਤਰ ਅਤੇ ਸੁਖਵਿੰਦਰ ਅਮ੍ਰਿਤ ਨੂੰ ਨੂੰ ਪੜ੍ਹਨਾ ਨੀਰੂ ਲਈ ਨਿੱਤ-ਨੇਮ ਹੈ। ਅਮ੍ਰਿਤ ਵਾਂਗ ਨੀਰੂ ਵੀ ਆਪਣੀ ਡਾਇਰੀ ਲੁਕਾ ਕੇ ਰੱਖਦੀ ਹੈ। ਉਸ ਨੂੰ ਡਰ ਹੈ ਕਿ ਉਸ ਦੀਆਂ ਕਵਿਤਾਵਾਂ ਉਸ ਦੇ ਦਰਦਾਂ ਦੇ ਪਾਜ ਨਾ ਉਧੇੜ ਦੇਣ। ਉਹ ਆਪਣੇ ਚਿਹਰੇ 'ਤੇ ਸਜਾਈ ਮੁਸਕਾਨ ਨੂੰ ਹੀ ਆਪਣੀ ਪਛਾਣ ਬਣਾਈ ਰੱਖਣਾ ਚਹੁੰਦੀ ਹੈ। ਸਾਰਾ ਦਿਨ ਗੁਲਾਬ ਵਾਂਗ ਖਿੜੇ ਰਹਿਣਾ ਉਸ ਦਾ ਸੁਭਾਅ ਹੈ। ਆਓ ਸਾਂਝ ਪਾਉਂਦੇ ਹਾਂ ਉਸ ਦੀ ਇਕ ਰਚਨਾ।

• ਰਾਜ ਹੀਉਂ
9815461875

## ਕਵਿਤਾ

ਮੇਰੇ ਬੁੱਲਾਂ 'ਤੇ ਆਇਆ ਗੀਤ ਵੀ ਅੰਗਾਰ ਬਣ ਜਾਵੇ।
ਉਹ ਕੌੜੇ ਬੋਲ ਵੀ ਬੋਲੇ ਤਾਂ ਉਹ ਫਨਕਾਰ ਬਣ ਜਾਵੇ।

ਮੇਰਾ ਜੇ ਦਿਲ ਵੀ ਰੋਵੇ ਤਾਂ ਜ਼ਮਾਨਾ ਕੋਸਦੈ ਮੈਨੂੰ,
ਉਦ੍ਹੇ ਤਾਂ ਹੰਝੂਆਂ ਤੋਂ ਮੋਤੀਆਂ ਦਾ ਹਾਰ ਬਣ ਜਾਵੇ।

ਜੋ ਮਿੱਠੇ ਬੋਲ ਬੋਲੇ ਪਰ ਕਰੇ ਵਾਅਦੇ ਸਦਾ ਝੂਠੇ,
ਕਿਉਂ ਉਹੀ ਸਦਾ ਜਿੱਤੇ, ਉਦ੍ਹੀ ਸਰਕਾਰ ਬਣ ਜਾਵੇ।

ਉਹ ਮੂਰਤ ਹੈ ਖ਼ੁਦਾ ਦੀ ਜਾਂ ਖ਼ੁਦਾ ਦਾ ਰੂਪ ਹੈ ਦਿਸਦਾ,
ਉਦ੍ਹੀ ਬੁੱਕਲ 'ਚ ਜੋ ਆਵੇ, ਉਹੀ ਅਵਤਾਰ ਬਣ ਜਾਵੇ।

ਉਹ ਕਰਦੈ ਜੇ ਕਤਲ ਵੀ ਤਾਂ, ਇਹ ਉਸ ਦੀ ਅਦਾ ਜਾਪੇ,
ਮੇਰਾ ਮੁੱਖ ਮੋੜਨਾ ਵੀ ਕਿਉਂ ਅਨੋਖਾ ਵਾਰ ਬਣ ਜਾਵੇ।

ਤਲੀ 'ਤੇ ਜਾਨ ਹੈ ਰੱਖਦਾ, ਜੋ ਅਜਨਬੀਆਂ ਦੀ ਖ਼ਾਤਰ,
ਅਹੁ ਬੰਦਾ, ਬੰਦਾ ਨਾ ਹੋ ਕੇ ਪਰਬਤਦਿਗਾਰ ਬਣ ਜਾਵੇ।

ਮੇਰਾ ਦਿਲ ਦੇ ਸਦਾਵਾਂ ਥੱਕਿਆ ਹਰ ਆਪਣੇ ਪਰਾਏ ਨੂੰ,
ਆਖ਼ਰ ਕੋਈ ਤਾਂ ਆ ਕੇ, ਮੇਰਾ ਗ਼ਮਖ਼ਾਰ ਬਣ ਜਾਵੇ।

'ਨੀਰ' ਮੌਕੇ 'ਤੇ ਜੋ ਫੜਿਆ ਉਹ ਲੱਗਦਾ ਚੋਰ ਹੈ ਤੈਨੂੰ,
ਜੋ ਸਾਵ੍ਹੇਂ ਦੇ ਰਿਹਾ ਧੋਖਾ, ਉਹ ਇਜ਼ਤਦਾਰ ਬਣ ਜਾਵੇ।



### ਐਸੀ ਰੀਤ

ਕਿਉਂ ਰੀਤ ਤੂੰ ਜਗ 'ਤੇ ਐਸੀ ਚਲਾਈ ਰੱਬਾ,
ਮੂਰਖ ਨੂੰ ਦੇਵੇ ਕਿਉਂ ਸੁਗੜ ਕਰਕੇ ਕਮਾਈ ਰੱਬਾ।
ਉਹ ਐਸ਼ ਅਰਾਮ ਵਿਚ ਨਿੱਤ ਰਹਿੰਦੇ ਨੇ,
ਜਾਂਦਾ ਗ਼ਰੀਬਾਂ ਨੂੰ ਕਿਉਂ ਤਰਸਾਈ ਰੱਬਾ।
ਜੋ ਪਲ-ਪਲ ਕਰਦੇ ਧੱਕੇਸ਼ਾਹੀਆਂ ਨੇ,
ਕਿਉਂ ਜਾਂਦਾ ਉਨ੍ਹਾਂ ਦਾ ਸਾਥ ਨਿਭਾਈ ਰੱਬਾ।
ਉਨ੍ਹਾਂ ਹੈਵਾਨੀਅਤ ਹਰ ਹੱਦ ਕਰ ਲਈ ਪਾਰ,
ਭੁੱਲ ਕੇ ਗਏ ਅੱਜ ਬੰਦੇ ਤੇਰੇ ਖ਼ੁਦਾਈ ਰੱਬਾ।
ਉਹ ਹਰ-ਪਲ ਹੀ ਸੱਚ ਦਾ ਘਾਣ ਕਰਦੇ,
ਜਾਂਦਾ ਕਾਫ਼ਰਾ ਨੂੰ ਰਾਜ 'ਤੇ ਬਠਾਈ ਰੱਬਾ।
ਉਹ ਲਹੂ ਨਿੱਤ ਉਨ੍ਹਾਂ ਮਜ਼ਦੂਰਾਂ ਦਾ ਪੀਂਦੇ ਨੇ,
ਜੋ ਕਰਦੇ ਲਹੂ ਪਸੀਨੇ ਦੀ ਕਮਾਈ ਰੱਬਾ।
ਉਹ ਨਿੱਤ ਨਵੇਂ ਲਾਰਿਆ ਵਿਚ ਰੱਖਦੇ ਨੇ,
ਮਿੱਠਿਆਂ ਜ਼ਬਾਨਾਂ ਨਾਲ ਜਾਂਦੇ ਭਰਮਾਈ ਰੱਬਾ।
ਜਿਨ੍ਹਾਂ ਉਨ੍ਹਾਂ ਮੋਹਰੇ ਆਣ ਜ਼ਬਾਨ ਖੋਲ੍ਹੀ,
ਜਾਨ ਆਪਣੀ ਹੀ ਖ਼ਤਰੇ ਵਿਚ ਪਾਈ ਰੱਬਾ।
ਹਰ ਇੱਛਾ ਉਨ੍ਹਾਂ ਦੀ ਤੂੰ ਕਰ ਪੂਰੀ,
ਜਾਂਦਾ ਨਿਮਾਣਿਆ ਨੂੰ ਕਿਉਂ ਤਰਸਾਈ ਰੱਬਾ।
ਖ਼ੁਦ ਬਣ ਕੇ ਨਵਾਬ ਉਹ ਬਹਿ ਗਏ ਨੇ,
ਲਹੂ ਪੀਂਦੇ ਨਿੱਤ ਬਣ ਉਹ ਕਸਾਈ ਰੱਬਾ।
ਝੋਲੀ ਅੱਡ ਕੇ ਤੇਰੇ ਦਰਬਾਰ ਅੱਗੇ,
ਭਰਾਂ ਲੋੜਵੰਦਾਂ ਦੀ ਮੈਂ ਗਵਾਈ ਰੱਬਾ।
ਦੱਸ ਬੇਕਦਰਾ ਨੂੰ ਹਰ ਖ਼ੁਸ਼ੀ ਦੇ ਕੇ,
ਜਾਂਦਾ ਜਗ ਨੂੰ ਕਿਝ ਚਲਾਈ ਰੱਬਾ।
ਹੱਥ ਜੋੜ ਕੇ ਤੇਰੇ ਅੱਗੇ ਸੁੱਖ ਆਖੇ,
ਹੋਰ ਨਾ ਉਨ੍ਹਾਂ ਹੱਥੋਂ ਹਲਾਲ ਕਰਾਈ ਰੱਬਾ।

• ਸੁਖਵੰਤ ਕੌਰ, 87278-46145



### ਗ਼ਜ਼ਲ

ਦਿਲ ਦਾ ਦਰਦ ਸੁਣਾਈ ਨਾ।
ਕਿਸੇ ਕੋਲ ਕੁਰਲਾਈ ਨਾ।
ਕੌਣ ਸੁਣਦਾ ਪੀੜ ਪਰਾਈ,
ਫਿਰ ਵੀ ਤੂੰ ਘਬਰਾਈ ਨਾ।
ਅੰਦਰ ਦਾਰੂ ਦਰਦਾਂ ਦੀ ਏ,
ਉਹ ਨੂੰ ਕਦੇ ਗਵਾਈ ਨਾ।
ਲੋਕਾਂ ਦੀਆਂ ਖ਼ੁਸ਼ੀਆਂ ਵੇਖ,
ਕਦੇ ਵੀ ਕੁਮਲਾਈ ਨਾ।
ਦੁੱਖਾਂ ਦੀ ਪੰਡ, ਵੇਖ ਕਿਸੇ ਦੀ,
ਭੁੱਲ ਕੇ ਵੀ ਮੁਸਕਰਾਈ ਨਾ।
ਪਾਕ ਪਵਿੱਤਰ ਰੱਖੀਂ ਨੀਤ,
ਬਦਨੀਤ ਅਖਵਾਈ ਨਾ।
'ਅਟਵਾਲ' ਸੱਚ ਹਮੇਸ਼ਾ ਸੱਚ ਰਹਿਣਾ,
ਝੂਠ ਨੂੰ ਗਲ ਨਾਲ ਲਾਈ ਨਾ।

• ਕਰਨੈਲ ਅਟਵਾਲ, 75082-75052

# ਛੱਲਾ ਮੰਗੇ ਦੁਆਵਾਂ...

**ਛੱਲਾ ਪਰਿਵਾਰਕ ਰਿਸ਼ਤਿਆਂ, ਵਿਛੋੜਿਆਂ ਅਤੇ ਦੁਖਾਂਤ ਦੀ ਦਰਦ ਭਰੀ ਕਹਾਣੀ ਹੈ ਜੋ ਸਾਨੂੰ ਦੁਆਵਾਂ ਮੰਗਣ ਲਈ ਪ੍ਰੇਰਦੀ ਹੈ ਕਿ ਕਦੇ ਕਿਸੇ ਪਿਓ ਤੋਂ ਉਸ ਦਾ ਪੁੱਤ ਨਾ ਵਿਛੜੇ, ਕਦੇ ਬਚਪਨ ਮਾਂ ਤੋਂ ਵਾਂਝਾ ਨਾ ਹੋਵੇ ਤੇ ਕਦੇ ਕੋਈ ਯਤੀਮ ਨਾ ਹੋਵੇ...**

ਸੁਖਵੀਰ ਸਿੰਘ ਕੰਗ

ਪੰਜਾਬੀ ਬੋਲੀ ਵਿਚ ਛੱਲੇ ਦੇ ਦੋ ਰੂਪ ਹਨ। ਪਹਿਲਾ ਹੱਥ ਦੀਆਂ ਉਂਗਲਾਂ ਵਿਚ ਪਹਿਨਿਆ ਜਾਣ ਵਾਲਾ ਬਿਨਾਂ ਨਗ ਤੋਂ ਮੁੰਦਰੀ ਵਰਗਾ ਗਹਿਣਾ ਹੈ ਜੋ ਆਮ ਤੌਰ 'ਤੇ ਚੀਚੀ ਵਿਚ ਪਾਇਆ ਜਾਂਦਾ ਹੈ ਇਹ ਪਿਆਰ ਦੀ ਨਿਸ਼ਾਨੀ ਵਜੋਂ ਵੀ ਜਾਣਿਆ ਜਾਂਦਾ ਹੈ। ਛੱਲੇ ਦਾ ਦੂਸਰਾ ਰੂਪ ਪੰਜਾਬੀ ਗਾਇਕੀ ਦੀ ਇਕ ਸ਼ੈਲੀ ਹੈ ਜਿਸ ਉੱਤੇ ਬਹੁਤ ਸਾਰੇ ਗਾਇਕਾਂ ਨੇ ਗਲਾ ਅਜਮਾਇਆ। ਕੁਝ ਗਾਇਕ ਛੱਲੇ ਨੂੰ ਗਾ ਕੇ ਅਮਰ ਕਰ ਗਏ ਅਤੇ ਕੁਝ ਇਸ ਨੂੰ ਗਾ ਕੇ ਮਕਬੂਲ ਹੋਏ। ਛੱਲਾ ਅਸਲ ਵਿਚ ਪੁੱਤਰ ਵਿਯੋਗ ਅਤੇ ਮਨੁੱਖੀ ਰਿਸ਼ਤਿਆਂ ਦੀ ਬਾਤ ਪਾਉਂਦਾ ਹੈ। ਛੱਲਾ ਪਿਓ ਨਾਲੋਂ ਜਵਾਨ ਪੁੱਤ ਦੇ ਵਿਛੋੜੇ, ਮਾਂ ਦੀ ਅਣਹੋਂਦ, ਧੀਆਂ ਦੇ ਪਰਾਏ ਹੋਣ, ਮਾਪਿਆਂ ਦੇ ਤੁਰ ਜਾਣ ਅਤੇ ਕਿਤੇ ਮੁਹੱਬਤ ਦੇ ਦੂਰ ਹੋਣ ਦੇ ਦਰਦ ਦੀ ਡੂੰਘੀ ਰਮਜ਼ ਹੈ। ਲੋਕ ਕਥਾ ਅਨੁਸਾਰ ਚੜ੍ਹਦੇ ਅਤੇ ਲਹਿੰਦੇ ਪੰਜਾਬ ਦੇ ਗੀਤਾਂ ਦੀ ਇਸ ਗਾਇਨ ਵਿਧਾ ਦਾ ਨਾਇਕ ਛੱਲਾ ਇਕ ਮਲਾਹ ਜਲਾਲਦੀਨ ਉਰਫ਼ ਜੱਲੇ ਦੇ ਘਰ ਪੈਦਾ ਹੋਇਆ ਜਿਸ ਦੀ ਦੋ ਸਾਲਾਂ ਦੀ ਛੋਟੀ ਉਮਰੇ ਹੀ ਮਾਂ ਮਰ ਗਈ ਸੀ। ਜੱਲੇ ਨੇ ਛੱਲੇ ਨੂੰ ਬੜੇ ਲਾਡਾਂ ਨਾਲ ਪਾਲਿਆ ਅਤੇ ਕਿਸ਼ਤੀ ਠੇਲ੍ਹਣ ਵੇਲੇ ਵੀ ਉਸ ਨੂੰ ਨਾਲ ਹੀ ਲੈ ਜਾਂਦਾ। ਪਿਓ ਦੇ ਪਿਆਰ ਅਤੇ ਚੰਗੀ ਖ਼ੁਰਾਕ ਸਦਕਾ ਛੱਲਾ 12 ਸਾਲ ਦੀ ਉਮਰੇ ਹੀ ਸੋਹਣਾ ਅਤੇ ਭਰ ਜੁਆਨ ਹੋ ਗਿਆ। ਇਕ ਦਿਨ ਕੰਮ 'ਤੇ ਹੀ ਜੱਲੇ ਦੀ ਸਿਹਤ ਖ਼ਰਾਬ ਹੋ ਗਈ ਅਤੇ ਉੱਧਰੋਂ ਸਵਾਰੀਆਂ ਆ ਗਈਆਂ। ਜੱਲੇ ਨੇ ਸਵਾਰੀਆਂ ਨੂੰ ਦਰਿਆ ਪਾਰ ਬੇੜੀ ਲਿਜਾ ਸਕਣ ਤੋਂ ਬੇਬਸੀ ਜ਼ਾਹਰ ਕੀਤੀ ਤਾਂ ਸਵਾਰੀਆਂ ਨੇ ਧੀ ਦੇ ਸ਼ਗਨਾਂ ਦੇ ਕਾਰਜ ਦਾ ਵਾਸਤਾ ਪਾਇਆ ਅਤੇ ਉਸ ਦੇ ਜਵਾਨ ਹੋ ਰਹੇ ਪੁੱਤਰ ਛੱਲੇ ਨੂੰ ਬੇੜੀ ਲੈ ਕੇ ਪਾਰ ਛੱਡ ਆਉਣ ਦੀ ਜ਼ਿੱਦ ਕੀਤੀ। ਜੱਲਾ ਮਜਬੂਰੀ ਵੱਸ ਛੱਲੇ ਨੂੰ ਜੋ ਕਿ ਹਾਲੇ ਬੇੜੀ ਦਾ ਮਾਹਰ ਨਹੀਂ ਸੀ, ਬੇੜੀ ਲੈ ਕੇ ਜਾਣ ਦੀ ਇਜਾਜ਼ਤ ਦੇ ਦਿੰਦਾ ਹੈ। ਬੇੜੀ ਲੈ ਕੇ ਗਿਆ ਛੱਲਾ ਵਾਪਸ ਨਾ ਪਰਤਿਆ। ਜੱਲਾ ਦਰਿਆ ਕੰਢੇ ਉਸ ਦੀ ਉਡੀਕ ਕਰਦਾ ਰਿਹਾ, ਦਿਨ ਢਲ ਗਿਆ, ਉਹ ਪਿੰਡ ਵਾਲਿਆਂ ਨੂੰ ਨਾਲ ਲੈ ਕੇ ਵੀ ਭਾਲ ਕਰਦਾ ਰਿਹਾ ਪਰ ਛੱਲਾ ਮੁੜ ਨਾ ਲੱਭਿਆਂ ਤਾਂ ਜੱਲਾ ਪਾਗ਼ਲ ਹੋ ਗਿਆ। ਉਹ ਦਿਨ ਰਾਤ ਦਰਿਆ ਕੰਢੇ ਘੁੰਮਦਾ ਰਹਿੰਦਾ ਅਤੇ ਰੋਂਦਾ ਰਹਿੰਦਾ :

ਛੱਲਾ ਮੁੜਕੇ ਨੀ ਆਇਆ
ਰੋਣਾ ਉਮਰਾਂ ਦਾ ਪਾਇਆ
ਮੱਲਿਆ ਈ ਦੇਸ਼ ਪਰਾਇਆ
ਓ ਗੱਲ ਸੁਣ ਛੱਲਿਆ ਕਾਵਾਂ
ਓ ਮਾਵਾਂ ਠੰਡੀਆਂ ਛਾਵਾਂ...

ਜਿਨ੍ਹਾਂ ਲਫ਼ਜ਼ਾਂ 'ਚ ਪਰੋ ਕੇ ਉਸ ਨੇ ਆਪਣਾ ਦਰਦ ਵਿਅਕਤ ਕੀਤਾ, ਉਹੀ ਅੱਗੇ ਚੱਲ ਕੇ ਪੰਜਾਬੀ ਗੀਤਾਂ ਦੀ ਇਕ ਸ਼ੈਲੀ 'ਛੱਲੇ' ਦੇ ਨਾਂ ਨਾਲ ਪ੍ਰਸਿੱਧ ਹੋਏ :

ਛੱਲਾ ਬੇੜੀ ਪੂਰ ਏ
ਵਤਨ ਮਾਹੀ ਦਾ ਦੂਰ ਏ
ਜਾਣਾ ਪਹਿਲੇ ਪੂਰ ਏ
ਓ ਗੱਲ ਸੁਣ ਛੱਲਿਆ ਕਾਵਾਂ
ਓ ਮਾਵਾਂ ਠੰਡੀਆਂ ਛਾਵਾਂ
ਛੱਲਾ ਨੌ ਨੌ ਖੇਵੇ
ਪੁੱਤਰ ਮਿੱਠੜੇ ਮੇਵੇ
ਅੱਲ੍ਹਾ ਸਭ ਨੂੰ ਦੇਵੇ
ਗੱਲ ਸੁਣ ਛੱਲਿਆ...
ਛੱਲਾ ਚੀਚੀ ਪਾਇਆ
ਧੀਆਂ ਧੰਨ ਵੇ ਪਰਾਇਆ
ਮੁੜ ਕੇ ਫੇਰਾ ਨਾ ਪਾਇਆ
ਓ ਗੱਲ ਸੁਣ...
ਛੱਲਾ ਗਲ ਦੇ ਗਹਿਣੇ
ਸਦਾ ਮਾਪੇ ਨੀ ਰਹਿਣੇ
ਦੁੱਖ ਜਿੰਦੜੀ ਦੇ ਸਹਿਣੇ
ਓ ਗੱਲ ਸੁਣ ਛੱਲਿਆ...

ਛੱਲੇ ਦੀ ਦਾਸਤਾਨ ਦੇ ਵਿਸਥਾਰ ਵਿਚ ਜਾਣ ਤੇ ਪਰਸਪਰ ਦੋ ਕਹਾਣੀਆਂ ਉੱਭਰਦੀਆਂ ਹਨ। ਉਪਰੋਕਤ ਪਹਿਲਾ ਬਿਰਤਾਂਤ ਲੋਕ ਦਾਸਤਾਨ ਗਾਇਕ ਫਜ਼ਲ ਸ਼ਾਹ ਦੇ ਗੋਦ ਲਏ ਪੁੱਤਰ ਆਸ਼ਿਕ ਹੁਸੈਨ ਜੱਟ ਦੁਆਰਾ ਲਿਖਿਆ ਅਤੇ ਗਾਇਆ ਗਿਆ। ਅੱਜ ਇਹ ਉਨ੍ਹਾਂ ਦੀ ਗਾਇਕੀ ਦੇ ਤੀਜੀ ਪੀੜ੍ਹੀ ਦੇ ਵਾਰਿਸ ਫ਼ਜ਼ਲ ਜੱਟ ਦੀ ਜ਼ੁਬਾਨੀ ਸੁਣਿਆ ਜਾ ਸਕਦਾ ਹੈ। ਇਸ ਵਿਚ ਛੋਟੇ ਬੱਚਿਆਂ ਲਈ ਮਾਂ ਦੀ ਛਤਰ-ਛਾਇਆ ਦੀ ਮਹਾਨਤਾ ਦਾ ਵੀ ਜ਼ਿਕਰ ਮਿਲਦਾ ਹੈ। ਜੱਲੇ ਨੇ ਮਨ ਵਿਚ ਇਹ ਦੁੱਖ ਹੈ ਕਿ ਜੇ ਛੱਲੇ ਦੀ ਮਾਂ ਜਿਊਂਦੀ ਹੁੰਦੀ ਤਾਂ ਉਹ ਉਸ ਨੂੰ ਕੰਮ ਤੇ ਨਾਲ ਨਾ ਲਿਆਉਂਦਾ ਅਤੇ ਉਹ ਛੱਲੇ ਨੂੰ ਨਾ ਗੁਆਉਂਦਾ :

ਮਾਂ ਦੀ ਸ਼ਾਨ ਸੁਣਾਵਾਂ
ਚੰਨ ਨੂੰ ਚਿਰਾਗ ਵਿਖਾਵਾਂ
ਹਰ ਵੇਲੇ ਏਹੋ ਗਾਵਾਂ
ਕਿ ਮਾਵਾਂ ਠੰਡੀਆਂ ਛਾਵਾਂ...



ਪਹਿਲਾ ਬਿਰਤਾਂਤ ਇਸ ਘਟਨਾ ਨੂੰ ਸਤਲੁਜ ਦੇ ਹਰੀਕੇ ਪੱਤਣ ਦੀ ਦੱਸਦਾ ਹੈ। ਚੜ੍ਹਦੇ ਪੰਜਾਬ ਦੇ ਨਾਮਵਰ ਗਾਇਕ ਸੁਰਿੰਦਰ ਛਿੰਦੇ ਨੇ ਵੀ ਕਹਾਣੀ ਰੂਪ ਵਿਚ ਇੰਝ ਹੀ ਗਾਇਆ ਹੈ। ਜਦ ਕਿ ਦੂਸਰੇ ਬਿਰਤਾਂਤ ਅਨੁਸਾਰ ਇਹ ਘਟਨਾ ਪਾਕਿਸਤਾਨ ਦੇ ਗੁਜਰਾਤ ਵਿਚ ਵਗਦੇ ਝਨਾਂ ਦਰਿਆ ਕੰਢੇ ਵਾਪਰੀ ਦੱਸੀ ਗਈ ਹੈ ਅਤੇ ਜੱਲੇ ਦਾ ਪਿੰਡ ਮਲਕਵਾਲ ਦੱਸਿਆ ਹੈ ਜੋ ਕਿ ਪੰਜਾਬੀ ਦੇ ਨਾਮਵਰ ਗਾਇਕ ਭਰਾਵਾਂ ਸ਼ੌਕਤ ਅਲੀ ਅਤੇ ਇਨਾਇਤ ਅਲੀ ਦਾ ਵੀ ਪਿੰਡ ਹੈ। ਦੱਸਣਯੋਗ ਹੈ ਕਿ 'ਛੱਲੇ' ਦੀ ਸਭ ਤੋਂ ਪਹਿਲੀ ਰਿਕਾਰਡਿੰਗ ਵੀ ਇਨਾਇਤ ਅਲੀ ਦੀ ਹੀ ਹੈ। ਜੋ 1977 ਵਿਚ ਹੋਈ ਅਤੇ ਅੱਜ ਵੀ ਉਪਲੱਬਧ ਹੈ। ਫਿਰ ਸ਼ੌਕਤ ਅਲੀ ਨੇ ਵੀ ਛੱਲਾ ਗਾਇਆ। ਦੋਵਾਂ ਭਰਾਵਾਂ ਦਾ ਬਹੁਤ ਮਕਬੂਲ ਹੋਇਆ ਛੱਲਾ ਆਪਸ ਵਿਚ ਕਾਫ਼ੀ ਮੇਲ ਖਾਂਦਾ ਹੈ। ਜੋ ਦੂਸਰੇ ਬਿਰਤਾਂਤ ਦੇ ਕਾਫ਼ੀ ਨੇੜੇ ਹੈ। ਇਸ ਦੀ ਬਾਕੀ ਕਹਾਣੀ ਓਹੀ ਹੈ ਪਰ ਇਸ ਅਨੁਸਾਰ ਛੱਲੇ ਦੇ ਇਕੱਲੇ ਬੇੜੀ ਲਿਜਾਣ ਦਾ ਸਬੱਬ ਪਿਓ-ਪੁੱਤਰ ਵਿਚ ਹੋਏ ਝਗੜੇ ਦੀ ਨਰਾਜ਼ਗੀ ਸੀ। ਇਸੇ ਕਰਕੇ ਅਲੀ ਭਰਾਵਾਂ ਦੇ ਛੱਲੇ ਅਰੰਭ ਇੰਝ ਹੁੰਦਾ ਹੈ :

ਜਾਵੇ ਨੀ ਕੋਈ ਮੋੜ ਲਿਆਵੇ
ਮੇਰੇ ਨਾਲ ਗਿਆ ਅੱਜ ਲੜ ਕੇ।
ਅੱਲ੍ਹਾ ਕਰੇ ਆ ਜਾਵੇ ਸੋਹਣਾ
ਦੇਵਾਂ ਜਾਨ ਕਦਮਾਂ ਵਿਚ ਧਰ ਕੇ...

ਇਨਾਇਤ ਅਲੀ ਕਹਿੰਦਾ ਹੈ :

ਅੱਖੀਂ ਵੇਂਹਦਿਆਂ ਕੰਡ ਕਰ ਤੁਰਿਆ
ਹੁਣ ਰੋ-ਰੋ ਦੇਵਾਂ ਦੁਹਾਈ
ਲੋਕਾਂ ਦੀਆਂ ਝੋਕਾਂ ਵਸਦੀਆਂ ਪਈਆਂ
ਕਦੀ ਸਾਡੀ ਵੀ ਵਸਦੀ ਆਹੀ...

ਦੂਸਰੇ ਬਿਰਤਾਂਤ ਅਨੁਸਾਰ ਸਵਾਰੀਆਂ ਦੇ ਵਾਸਤੇ ਤੋਂ ਇਲਾਵਾ ਛੱਲੇ ਦਾ ਆਪਣੇ ਸਨੇਹੀ ਨਾਲ ਕੀਤਾ ਵਾਅਦਾ ਵੀ ਸੀ ਕਿ ਉਹ ਪਿਓ ਦੀ ਗ਼ੈਰ ਮੌਜੂਦਗੀ ਵਿਚ ਬੇੜੀ ਦਰਿਆ ਵਿਚ ਲੈ ਕੇ ਗਿਆ। ਉਸ ਦਾ ਸਨੇਹੀ ਦਰਿਆ ਪਾਰ ਉਸ ਦੀ ਮੁਹੱਬਤ ਨੂੰ ਨਾ ਮਿਲਾਉਣ ਤੇ ਉਸ ਦੇ ਸਿਰ ਚੜ੍ਹ ਮਰਨ ਦੀ ਧਮਕੀ ਦਿੰਦਾ ਹੈ :

ਛੱਲਾ ਕਾਲੀਆਂ ਮਰਚਾਂ
ਮਹੁਰਾ ਪੀ ਕੇ ਮਰਸਾਂ
ਸਿਰੇ ਤੇਰੇ ਚੜ੍ਹ ਸਾਂ
ਗੱਲ ਸੁਣ ਛੱਲਿਆ ਢੋਲਾ
ਸਾੜ ਕੇ ਕੀਤਾ ਈ ਕੋਲਾ...

ਫ਼ਜ਼ਲ ਜੱਟ ਅਤੇ ਅਲੀ ਭਰਾਵਾਂ ਦੇ ਗਾਏ ਕੁਝ ਬੰਦਾਂ ਦੀ ਸ਼ਬਦਾਵਲੀ ਦਾ ਵੀ ਫ਼ਰਕ ਹੈ। ਫਜ਼ਲ ਜੱਟ 'ਛੱਲਾ ਬੇੜੀ ਪੂਰ ਏ' ਕਹਿੰਦਾ ਹੈ ਭਾਵ ਦੁਨਿਆਵੀ ਮੇਲ ਬੇੜੀ ਦੇ ਪੂਰ ਅਤੇ ਤ੍ਰਿੰਝਣ ਦੀਆਂ ਕੁੜੀਆਂ ਵਰਗਾ ਮੇਲ ਹੈ ਅਤੇ ਦੁਬਾਰਾ ਇਕੱਠੇ ਹੋਣ ਦਾ ਸਬੱਬ ਕਦੇ ਨਹੀਂ ਬਣਦਾ। ਇੱਥੇ ਅਲੀ ਭਰਾ 'ਛੱਲਾ ਬੇਰੀ ਬੂਰ ਏ' ਗਾਉਂਦੇ ਹਨ ਭਾਵ ਛੱਲੇ ਦੀ ਉਮਰ ਕੱਚੀ ਸੀ ਉਸ ਨੇ ਹਾਲੇ ਫੁੱਲ ਤੋਂ ਫਲ ਬਣਨਾ ਸੀ। ਇਸੇ ਤਰ੍ਹਾਂ ਫ਼ੈਜ਼ਲ ਜੱਟ 'ਛੱਲਾ ਨੌਂ ਨੌਂ ਖੇਵੇਂ' ਕਹਿੰਦਾ ਹੈ ਜਿਸ ਦਾ ਭਾਵ ਕੀਮਤੀ ਮੇਵਿਆਂ ਦੀ ਲੱਪ ਤੋਂ ਹੈ ਅਤੇ ਅਲੀ ਭਰਾ ਇੱਥੇ 'ਛੱਲਾ ਨੌਂ ਨੌਂ ਥੇਵੇ' ਗਾਉਂਦੇ ਹਨ। ਥੇਵਾ ਮੁੰਦਰੀ ਦਾ ਨਗ ਹੁੰਦਾ ਹੈ ਭਾਵ ਪੁੱਤਰ ਕੀਮਤੀ ਨਗੀਨੇ ਹੁੰਦੇ ਹਨ। ਆਪਸ ਵਿਚ ਕੁਝ ਫ਼ਰਕ ਹੋਣ ਦੇ ਬਾਵਜੂਦ ਆਸ਼ਿਕ ਜੱਟ ਅਤੇ ਅਲੀ ਭਰਾਵਾਂ ਦੇ ਛੱਲੇ ਦੇ ਬਿਰਤਾਂਤ ਘੋਖਣ ਤੋਂ ਬਾਅਦ ਮੰਨਿਆ ਜਾ ਸਕਦਾ ਹੈ ਕਿ ਆਸ਼ਿਕ ਜੱਟ ਨੇ ਇਸ ਦਾਸਤਾਨ ਨੂੰ ਸ਼ਾਬਦਿਕ ਰੂਪ ਦੇ ਕੇ ਅਤੇ ਫਿਰ ਗਾ ਕੇ ਛੱਲੇ ਦਾ ਮੁੱਢ ਬੰਨ੍ਹਿਆ। ਫਿਰ ਇਨਾਇਤ ਅਲੀ ਅਤੇ ਸ਼ੌਕਤ ਅਲੀ ਨੇ ਇਸ ਨੂੰ ਅੱਗੇ ਵਧਾਇਆ। ਹੋ ਸਕਦਾ ਹੈ ਕਿ ਛੱਲੇ ਦੇ ਡੁੱਬ ਜਾਣ ਦੀ ਘਟਨਾ ਸਤਲੁਜ ਦੇ ਹਰੀਕੇ ਪੱਤਣ ਦੀ ਹੋਵੇ ਅਤੇ ਫਿਰ ਝੱਲਾ ਹੋਇਆ ਜੱਲਾ ਦਰਿਆਵਾਂ ਕੰਢੇ ਘੁੰਮਦਾ-ਘੁੰਮਦਾ ਪਾਕਿਸਤਾਨ ਦੇ ਗੁਜਰਾਤ ਵਿਚ ਜਾ ਵੱਸਿਆ ਹੋਵੇ। ਪਰਦੇਸੀ ਸੱਜਣ ਦੀ ਨਿਸ਼ਾਨੀ ਵਜੋਂ 'ਛੱਲਾ ਮੇਰਾ ਜੀ ਢੋਲਾ' ਕਰ ਕੇ ਟੱਪਿਆਂ ਤੇ ਦੋਹਿਆਂ ਵਿਚ ਵੀ ਸੁਣਨ ਨੂੰ ਮਿਲਦਾ ਹੈ ਪ੍ਰੰਤੂ ਅਸਲ ਛੱਲਾ ਪਰਿਵਾਰਕ ਰਿਸ਼ਤਿਆਂ, ਵਿਛੋੜਿਆਂ ਅਤੇ ਦੁਖਾਂਤ ਦੀ ਦਰਦ ਭਰੀ ਕਹਾਣੀ ਹੈ, ਜੋ ਸਾਨੂੰ ਦੁਆਵਾਂ ਮੰਗਣ ਲਈ ਪ੍ਰੇਰਦੀ ਹੈ ਕਿ ਕਦੇ ਕਿਸੇ ਪਿਓ ਤੋਂ ਉਸ ਦਾ ਪੁੱਤ ਨਾ ਵਿਛੜੇ, ਕਦੇ ਬਚਪਨ ਮਾਂ ਤੋਂ ਵਾਂਝਾ ਨਾ ਹੋਵੇ, ਕਦੇ ਕੋਈ ਯਤੀਮ ਨਾ ਹੋਵੇ, ਕਦੇ ਕਿਸੇ ਤੇ ਮਾੜਾ ਵਕਤ ਨਾ ਆਵੇ, ਕਦੇ ਕਿਸੇ ਨੂੰ ਆਪਣੀ ਮੁਹੱਬਤ ਤੋਂ ਦੂਰ ਨਾ ਰਹਿਣਾ ਪਵੇ ਅਤੇ ਰੱਬ ਸਭ ਨੂੰ ਔਲਾਦ ਬਖ਼ਸ਼ੇ। •

85678-72291



# ਜ਼ਿਮਨੀ ਚੋਣਾਂ ਵਾਂਗ ਆਮ ਆਦਮੀ ਪਾਰਟੀ ਨਗਰ ਨਿਗਮ ਚੋਣਾਂ ਵੀ ਵੱਡੇ ਫਰਕ ਨਾਲ ਜਿੱਤੇਗੀ : ਅਮਨ ਅਰੋੜਾ

## ਮੰਤਰੀ ਕੁਲਦੀਪ ਧਾਲੀਵਾਲ ਨੂੰ ਅੰਮ੍ਰਿਤਸਰ, ਈਟੀਓ ਨੂੰ ਜਲੰਧਰ, ਵਰਿੰਦਰ ਗੋਇਲ ਨੂੰ ਪਟਿਆਲਾ, ਸੌਂਧ ਨੂੰ ਲੁਧਿਆਣਾ ਅਤੇ ਐਮਪੀ ਚੱਬੇਵਾਲ ਨੂੰ ਫਗਵਾੜਾ ਦਾ ਅਬਜ਼ਰਵਰ ਬਣਾਇਆ

**ਚੰਡੀਗੜ੍ਹ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਆਗਾਮੀ ਨਗਰ ਨਿਗਮ ਚੋਣਾਂ ਲਈ ਆਮ ਆਦਮੀ ਪਾਰਟੀ (ਆਪ) ਪੂਰੀ ਤਰ੍ਹਾਂ ਤਿਆਰ ਹੈ। ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ ਨੇ ਚੋਣ ਤੋਂ ਸੰਬੰਧਿਤ ਖੇਤਰ ਦੇ ਆਗੂਆਂ, ਵਿਧਾਇਕਾਂ ਅਤੇ ਮੰਤਰੀਆਂ ਨਾਲ ਮੀਟਿੰਗਾਂ ਕੀਤੀਆਂ ਅਤੇ ਨਗਰ ਨਿਗਮਾਂ ਅਤੇ ਕਮੇਟੀਆਂ ਸਬੰਧੀ ਵਿਸਥਾਰਪੂਰਵਕ ਚਰਚਾ ਕੀਤੀ। ਆਉਣ ਵਾਲੇ ਦਿਨਾਂ ਵਿੱਚ ਪੰਜਾਬ ਦੀਆਂ 5 ਨਗਰ ਨਿਗਮਾਂ ਅਤੇ 42 ਨਗਰ ਕੌਂਸਲਾਂ ਲਈ ਚੋਣਾਂ ਹੋਣੀਆਂ ਹਨ।



ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਅਮਨ ਅਰੋੜਾ ਨੇ ਦਾਅਵਾ ਕੀਤਾ ਕਿ ਜ਼ਿਮਨੀ ਚੋਣਾਂ ਵਾਂਗ ਆਮ ਆਦਮੀ ਪਾਰਟੀ ਨਗਰ ਨਿਗਮ ਚੋਣਾਂ ਵੀ ਵੱਡੇ ਫਰਕ ਨਾਲ ਜਿੱਤੇਗੀ। ਉਨ੍ਹਾਂ ਕਿਹਾ ਕਿ ਜ਼ਿਮਨੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਸ਼ਹਿਰੀ ਖੇਤਰਾਂ ਵਿੱਚ ਵੀ ਸਭ ਤੋਂ ਵੱਧ ਵੋਟਾਂ ਮਿਲੀਆਂ ਹਨ। ਸਾਨੂੰ ਭਰੋਸਾ ਹੈ ਕਿ ਅਸੀਂ ਇਨ੍ਹਾਂ ਚੋਣਾਂ ਵਿੱਚ ਵੀ ਵੱਡੀ ਲੀਡ ਹਾਸਿਲ ਕਰਾਂਗੇ। ਉਨ੍ਹਾਂ ਕਿਹਾ ਕਿ ਜ਼ਿਮਨੀ ਚੋਣਾਂ ਵਿੱਚ ਮਿਲੀ ਜਿੱਤ ਨੇ ਪਾਰਟੀ ਵਰਕਰਾਂ ਵਿੱਚ ਉਤਸ਼ਾਹ ਵਧਾਇਆ ਹੈ। ਨਗਰ ਨਿਗਮ ਚੋਣਾਂ 'ਤੇ ਵੀ ਇਸ ਦਾ ਸਕਾਰਾਤਮਕ ਪ੍ਰਭਾਵ ਪਵੇਗਾ।

ਅਰੋੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸੂਬਾ ਸਰਕਾਰ ਪੰਜਾਬ ਦੇ ਸ਼ਹਿਰਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ। ਨਗਰ ਨਿਗਮ ਚੋਣਾਂ ਸ਼ਹਿਰਾਂ ਦੇ ਵਿਕਾਸ ਅਤੇ ਵਿਕਾਸ ਸੰਬੰਧੀ ਯੋਜਨਾਵਾਂ ਬਣਾਉਣ ਲਈ ਬਹੁਤ ਜ਼ਰੂਰੀ ਹਨ। ਉਨ੍ਹਾਂ ਨਿਰਪੱਖ ਅਤੇ ਆਜ਼ਾਦ ਚੋਣਾਂ ਦੀ ਆਸ ਪ੍ਰਗਟ ਕਰਦਿਆਂ ਕਿਹਾ ਕਿ ਚੋਣਾਂ ਤੋਂ ਬਾਅਦ ਸ਼ਹਿਰਾਂ ਦੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਆਵੇਗੀ। ਅਸੀਂ ਸਥਾਨਕ ਸ਼ਾਸਨ ਵਿੱਚ ਵੀ ਪਾਰਦਰਸ਼ੀ ਅਤੇ ਇਮਾਨਦਾਰ ਸ਼ਾਸਨ ਲਈ ਰਾਹ ਪੱਧਰਾ ਕਰਾਂਗੇ। ਉਨ੍ਹਾਂ ਕਿਹਾ ਕਿ ਪਾਰਟੀ ਹਰ ਸ਼ਹਿਰ ਲਈ ਵੱਖਰੀ ਯੋਜਨਾ ਤਿਆਰ ਕਰ ਰਹੀ ਹੈ। ਕੁਝ ਮੁੱਦੇ ਹਰ ਥਾਂ ਆਮ ਹਨ, ਪਰ ਹਰ ਖੇਤਰ ਵਿਚ ਵੱਖੋ-ਵੱਖਰੀਆਂ ਸਮੱਸਿਆਵਾਂ ਹਨ, ਇਨ੍ਹਾਂ ਗੱਲਾਂ 'ਤੇ ਵੀ ਵਿਚਾਰ ਕੀਤਾ ਜਾ ਰਿਹਾ ਹੈ।

ਅਰੋੜਾ ਨੇ ਐਲਾਨ ਕੀਤਾ ਕਿ 1 ਦਸੰਬਰ ਤੋਂ ਆਮ ਆਦਮੀ ਪਾਰਟੀ ਸਾਰੀਆਂ ਨਗਰ ਨਿਗਮਾਂ ਅਤੇ ਕੌਂਸਲਾਂ ਦੇ ਕੌਂਸਲਰ ਉਮੀਦਵਾਰਾਂ ਦੀਆਂ ਅਰਜ਼ੀਆਂ ਸਵੀਕਾਰ ਕਰਨੀਆਂ ਸ਼ੁਰੂ ਕਰ ਦੇਵੇਗੀ। ਚੋਣ ਪ੍ਰਕਿਰਿਆ ਵਿੱਚ ਮੈਰਿਟ, ਪਾਰਟੀ ਪ੍ਰਤੀ ਵਫ਼ਾਦਾਰੀ, ਇਲਾਕੇ ਦੇ ਸਮਾਜਿਕ ਸਮੀਕਰਨ ਅਤੇ ਜਿੱਤਣ ਦੀ ਯੋਗਤਾ ਨੂੰ ਪਹਿਲ ਦਿੱਤੀ ਜਾਵੇਗੀ। ਉਨ੍ਹਾਂ ਅਪੀਲ ਕੀਤੀ ਕਿ ਜਿਹੜੇ ਵੀ ਪਾਰਟੀ ਮੈਂਬਰ ਚੋਣ ਲੜਨ ਦੇ ਇੱਛੁਕ ਹਨ, ਉਹ ਆਪਣੇ ਸਥਾਨਕ ਪਾਰਟੀ ਔਹਦੇਦਾਰਾਂ ਜਾਂ ਵਿਧਾਇਕਾਂ ਨਾਲ ਸੰਪਰਕ ਕਰਕੇ ਅਪਲਾਈ ਕਰ ਸਕਦੇ ਹਨ। ਸਾਰੀਆਂ ਅਰਜ਼ੀਆਂ ਨੂੰ ਚੰਗੀ ਤਰ੍ਹਾਂ ਵਿਚਾਰਿਆ ਜਾਵੇਗਾ।

**ਪੰਜ ਨਗਰ ਨਿਗਮਾਂ ਲਈ ਅਬਜ਼ਰਵਰ ਨਿਯੁਕਤ ਕੀਤੇ**

ਮੀਟਿੰਗ ਦੌਰਾਨ ਸੂਬਾ ਪ੍ਰਧਾਨ ਅਮਨ ਅਰੋੜਾ ਨੇ 'ਆਪ' ਮੰਤਰੀਆਂ ਨੂੰ ਪੰਜ ਨਗਰ ਨਿਗਮਾਂ ਅੰਮ੍ਰਿਤਸਰ, ਪਟਿਆਲਾ, ਜਲੰਧਰ, ਲੁਧਿਆਣਾ ਅਤੇ ਫਗਵਾੜਾ ਲਈ ਅਬਜ਼ਰਵਰ ਨਿਯੁਕਤ ਕੀਤਾ। ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੂੰ ਅੰਮ੍ਰਿਤਸਰ, ਮੰਤਰੀ ਹਰਭਜਨ ਸਿੰਘ ਨੂੰ ਜਲੰਧਰ, ਵਰਿੰਦਰ ਗੋਇਲ ਨੂੰ ਪਟਿਆਲਾ ਅਤੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਧ ਨੂੰ ਲੁਧਿਆਣਾ ਨਗਰ ਨਿਗਮ ਦਾ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਇਸ ਦੌਰਾਨ ਹੁਸ਼ਿਆਰਪੁਰ ਤੋਂ 'ਆਪ' ਦੇ ਸੰਸਦ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਨੂੰ ਫਗਵਾੜਾ ਨਗਰ ਨਿਗਮ ਦਾ ਅਬਜ਼ਰਵਰ ਬਣਾਇਆ ਗਿਆ ਹੈ।

# ਪੰਜਾਬ ਸਰਕਾਰ ਵੱਲੋਂ ਸਿੰਚਾਈ ਸਿਸਟਮ ਵਿੱਚ ਹੋਰ ਸੁਧਾਰ ਲਈ ਨਹਿਰਾਂ, ਰਜਵਾਹਿਆਂ ਅਤੇ ਖਾਲਾਂ ਦਾ ਹੋਵੇਗਾ ਨਵੀਨੀਕਰਨ: ਬਰਿੰਦਰ ਕੁਮਾਰ ਗੋਇਲ

## ➢ ਡੈਮਾਂ ਤੇ ਨਹਿਰਾਂ ਦੇ ਪਾਣੀ ਦੀ ਸਿੰਚਾਈ ਲਈ 100 ਪ੍ਰਤੀਸ਼ਤ ਵਰਤੋਂ ਯਕੀਨੀ ਬਣਾਈ ਜਾਵੇਗੀ ➢ ਰਾਜ ਸਰਕਾਰ ਨੇ ਸਿੰਚਾਈ ਵਿਭਾਗ ਦਾ ਬਜਟ 400 ਕਰੋੜ ਰੁਪਏ ਤੋਂ ਵਧਾ ਕੇ 1500 ਕਰੋੜ ਰੁਪਏ ਕੀਤਾ ➢ ਜਲ ਸਰੋਤ ਮੰਤਰੀ ਨੇ ਸਰਹਿੰਦ ਫੀਡਰ ਤੇ ਰਾਜਸਥਾਨ ਫੀਡਰ ਨਹਿਰ 'ਤੇ 10.24 ਕਰੋੜ ਦੀ ਲਾਗਤ ਨਾਲ ਨਵੇਂ ਬਣੇ ਪੁਲਾਂ ਦਾ ਕੀਤਾ ਉਦਘਾਟਨ

**ਚੰਡੀਗੜ੍ਹ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜਿੱਥੇ ਰਾਜ ਦੀ ਤਰੱਕੀ ਤੇ ਸਰਬਪੱਖੀ ਵਿਕਾਸ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ, ਉੱਥੇ ਹੀ ਡੈਮਾਂ ਅਤੇ ਨਹਿਰੀ ਪਾਣੀ ਦੀ ਸੁਚੱਜੀ ਵਰਤੋਂ ਕਰਕੇ ਟੇਲਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਦੀ ਵਿਆਪਕ ਯੋਜਨਾ ਉਲੀਕੀ ਗਈ ਹੈ ਤਾਂ ਜੋ ਧਰਤੀ ਹੇਠਲੇ ਪਾਣੀ ਅਤੇ ਬਿਜਲੀ ਦੀ ਬੱਚਤ ਕੀਤੀ ਜਾ ਸਕੇ।



ਇਹ ਪ੍ਰਗਟਾਵਾ ਜਲ ਸਰੋਤ, ਖਣਨ ਤੇ ਭੂ-ਵਿਗਿਆਨ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਮਚਾਕੀ ਮੱਲ ਸਿੰਘ ਰੋਡ 'ਤੇ ਸਰਹਿੰਦ ਫੀਡਰ ਅਤੇ ਰਾਜਸਥਾਨ ਫੀਡਰ ਨਹਿਰਾਂ ਉਪਰ 10.24 ਕਰੋੜ ਰੁਪਏ ਦੀ ਲਾਗਤ ਨਾਲ ਨਵੇਂ ਬਣੇ ਸਟੀਲ ਦੇ ਦੋ ਪੁਲਾਂ ਦਾ ਉਦਘਾਟਨ ਕਰਨ ਮੌਕੇ ਕੀਤਾ ਗਿਆ।

ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਇਨ੍ਹਾਂ ਪੁਲਾਂ ਦੇ ਬਣਨ ਨਾਲ ਫ਼ਰੀਦਕੋਟ ਤੋਂ ਇਲਾਵਾ ਹੋਰ ਜ਼ਿਲ੍ਹਿਆਂ ਨੂੰ ਵੀ ਆਵਾਜਾਈ ਦੀ ਵੱਡੀ ਸਹੂਲਤ ਮਿਲੇਗੀ ਕਿਉਂਕਿ ਇਸ ਤੋਂ ਪਹਿਲਾਂ ਇਹ ਪੁਲ ਬਹੁਤ ਤੰਗ ਸਨ ਜਿਸ ਕਰਕੇ ਲੋਕਾਂ ਨੂੰ ਆਵਾਜਾਈ ਸਬੰਧੀ ਕਈ ਤਰ੍ਹਾਂ ਦੀਆਂ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਉਨ੍ਹਾਂ ਕਿਹਾ ਕਿ ਇਹ ਪੁਲ ਮਿੱਥੇ ਸਮੇਂ ਤੋਂ 4 ਮਹੀਨੇ ਪਹਿਲਾਂ ਤਿਆਰ ਕੀਤੇ ਗਏ ਹਨ ਜਿਸ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਅਤੇ ਵਿਭਾਗ ਦੇ ਅਧਿਕਾਰੀ ਵਧਾਈ ਦੇ ਪਾਤਰ ਹਨ।

ਉਨ੍ਹਾਂ ਕਿਹਾ ਕਿ ਇਨ੍ਹਾਂ ਦੋਵਾਂ ਨਹਿਰਾਂ 'ਤੇ ਤਲਵੰਡੀ ਬਾਈਪਾਸ ਉਪਰ ਵੀ ਕਰੀਬ 40 ਕਰੋੜ ਰੁਪਏ ਦੀ ਲਾਗਤ ਨਾਲ 2 ਹੋਰ ਪੁਲਾਂ ਦੀ ਉਸਾਰੀ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਵਿੱਚ 1 ਪੁਲ ਜਨਵਰੀ ਮਹੀਨੇ ਤੱਕ ਆਵਾਜਾਈ ਲਈ ਖੋਲ੍ਹ ਦਿੱਤਾ ਜਾਵੇਗਾ।

ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜਲ ਸਰੋਤਾਂ ਦੀ ਸੁਚੱਜੀ ਵਰਤੋਂ ਸਬੰਧੀ ਤਰਜੀਹੀ ਯੋਜਨਾ ਉਲੀਕੀ ਗਈ ਹੈ ਅਤੇ ਪੰਜਾਬ ਸਰਕਾਰ ਵੱਲੋਂ ਸਿੰਚਾਈ ਵਿਭਾਗ ਦਾ ਬਜਟ 400 ਕਰੋੜ ਰੁਪਏ ਤੋਂ ਵਧਾ ਕੇ 1500 ਕਰੋੜ ਰੁਪਏ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਵਿਭਾਗਾਂ ਵੱਲੋਂ ਨਹਿਰਾਂ ਅਤੇ ਡੈਮਾਂ ਦੇ ਪਾਣੀ ਦੀ ਵਰਤੋਂ ਦੇ ਟੀਚੇ ਨੂੰ 100 ਪ੍ਰਤੀਸ਼ਤ ਕਰਨ ਦਾ ਟੀਚਾ ਮਿੱਥਿਆ ਗਿਆ ਹੈ ਅਤੇ 38 ਪ੍ਰਤੀਸ਼ਤ ਬਰਬਾਦ ਹੋ ਰਹੇ ਪਾਣੀ ਨੂੰ ਵਰਤੋਂ ਵਿੱਚ ਲਿਆਉਣ ਲਈ ਨਹਿਰਾਂ ਦੇ ਨਵੀਨੀਕਰਨ ਸਣੇ ਰਜਵਾਹੇ ਤੇ ਖਾਲਾਂ ਆਦਿ ਨੂੰ ਪੱਕਾ ਕੀਤਾ ਜਾਵੇਗਾ ਅਤੇ ਉਨ੍ਹਾਂ ਵਿੱਚ ਪਾਣੀ ਦੀ ਸਮੱਰਥਾ ਵਧਾਈ ਜਾਵੇਗੀ। ਉਨ੍ਹਾਂ ਕਿਹਾ ਕਿ ਨਹਿਰੀ ਪਾਣੀ ਦੀ 100 ਪ੍ਰਤੀਸ਼ਤ ਵਰਤੋਂ ਨਾਲ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਕਾਫ਼ੀ ਹੱਦ ਤੱਕ ਘੱਟ ਜਾਵੇਗੀ। ਇਸ ਤੋਂ ਇਲਾਵਾ ਟਿਊਬਵੈੱਲਾਂ ਦੀ ਵਰਤੋਂ ਘੱਟ ਹੋਣ ਕਾਰਨ ਬਿਜਲੀ ਦੀ ਵੀ ਵੱਡੀ ਪੱਧਰ 'ਤੇ ਬੱਚਤ ਹੋਵੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਕੁਦਰਤੀ ਸੋਮੇ ਧਰਤੀ ਹੇਠਲੇ ਪਾਣੀ ਨੂੰ ਬਚਾਉਣਾ ਪੰਜਾਬ ਸਰਕਾਰ ਦਾ ਵੱਡਾ ਉਪਰਾਲਾ ਹੈ ਅਤੇ ਪਿਛਲੇ 40 ਸਾਲਾਂ ਵਿੱਚ ਕਿਸੇ ਵੀ ਸਰਕਾਰ ਨੇ ਇਸ ਪਾਸੇ ਧਿਆਨ ਨਹੀਂ ਦਿੱਤਾ।

ਇਸ ਮੌਕੇ ਵਿਧਾਇਕ ਫ਼ਰੀਦਕੋਟ ਸ. ਗੁਰਦਿੱਤ ਸਿੰਘ ਸੇਖੋਂ ਨੇ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਦਾ ਇਸ ਪ੍ਰਾਜੈਕਟ ਲਈ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਜਨਵਰੀ 2024 ਦੌਰਾਨ ਇਨ੍ਹਾਂ ਪੁਲਾਂ ਦੇ ਮੁੜ-ਨਿਰਮਾਣ ਦਾ ਕੰਮ ਸ਼ੁਰੂ ਕੀਤਾ ਗਿਆ ਸੀ, ਜੋ ਇੱਕ ਸਾਲ ਦੇ ਸਮੇਂ ਵਿੱਚ ਪੂਰਾ ਹੋਣਾ ਸੀ ਪਰ ਇਸ ਨੂੰ 4 ਮਹੀਨੇ ਪਹਿਲਾਂ ਹੀ ਪੂਰਾ ਕਰ ਲਿਆ ਗਿਆ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਹੂਲਤ ਨੂੰ ਦੇਖਦਿਆਂ ਇਨ੍ਹਾਂ ਪੁਲਾਂ ਨੂੰ 2 ਮਹੀਨੇ ਪਹਿਲਾਂ ਹੀ ਆਵਾਜਾਈ ਲਈ ਖੋਲ੍ਹ ਦਿੱਤਾ ਗਿਆ ਸੀ ਜਦ ਕਿ ਇਸ ਦਾ ਰਸਮੀ ਉਦਘਾਟਨ ਅੱਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਤਲਵੰਡੀ ਬਾਈਪਾਸ 'ਤੇ ਬਣ ਰਹੇ ਪੁਲ ਵੀ ਜਲਦੀ ਹੀ ਬਣ ਕੇ ਤਿਆਰ ਹੋਣ ਉਪਰੰਤ ਲੋਕਾਂ ਲਈ ਖੋਲ੍ਹ ਦਿੱਤੇ ਜਾਣਗੇ।

ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੂੰ ਬਾਬਾ ਫ਼ਰੀਦ ਯੂਨੀਵਰਸਿਟੀ ਦੇ ਗੈਸਟ ਹਾਊਸ ਵਿਖੇ ਪਹੁੰਚਣ 'ਤੇ ਪੁਲਿਸ ਦੀ ਟੁਕੜੀ ਵੱਲੋਂ ਸਲਾਮੀ ਦਿੱਤੀ ਗਈ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ, ਐਸ.ਡੀ.ਐਮ ਫ਼ਰੀਦਕੋਟ ਮੇਜਰ ਡਾ. ਵਰੁਣ ਕੁਮਾਰ, ਕਾਰਜਕਾਰੀ ਇੰਜੀਨੀਅਰ ਰਾਜਸਥਾਨ ਫੀਡਰ ਨਹਿਰ ਅਤੇ ਗਰਾਊਂਡ ਵਾਟਰ ਮੰਡਲ ਸ. ਰਮਨਪ੍ਰੀਤ ਸਿੰਘ, ਸ੍ਰੀ ਸੰਦੀਪ ਗੋਇਲ ਐਸ.ਈ. ਫਿਰੋਜ਼ਪੁਰ ਕਨਾਲ ਸਰਕਲ, ਚੇਅਰਮੈਨ ਇੰਪਰੂਵਮੈਂਟ ਟਰੱਸਟ ਗੁਰਤੇਜ ਸਿੰਘ ਖੋਸਾ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਨੁਮਾਇੰਦੇ ਅਤੇ ਵਰਕਰ ਹਾਜ਼ਰ ਸਨ।

# ਸੀਟੀ ਯੂਨੀਵਰਸਿਟੀ ਨੇ ਇੱਕ ਜੀਵੰਤ ਸੱਭਿਆਚਾਰਕ ਸ਼ਾਮ ਦੇ ਨਾਲ ਉੱਤਰ ਪੂਰਬ ਦੇ ਫਰੈਸ਼ਰਾਂ ਦਾ ਕੀਤਾ ਸਵਾਗਤ



**ਲੁਧਿਆਣਾ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀ. ਟੀ. ਯੂਨੀਵਰਸਿਟੀ ਨੇ ਉੱਤਰ ਪੂਰਬੀ ਰਾਜਾਂ ਦੇ ਫਰੈਸ਼ਰਾਂ ਦਾ ਸਵਾਗਤ ਕਰਨ ਲਈ ਇੱਕ ਸ਼ਾਨਦਾਰ ਸੱਭਿਆਚਾਰਕ ਸ਼ਾਮ, ਨੌਰਥ ਈਸਟ ਫਰੈਸ਼ਰਜ਼ ਦੀ ਮੇਜ਼ਬਾਨੀ ਕੀਤੀ।ਇਹ ਪ੍ਰੋਗਰਾਮ ਸੰਗੀਤ, ਨਾਚ, ਫੈਸ਼ਨ ਅਤੇ ਮਨੋਰੰਜਨ ਦਾ ਇੱਕ ਸ਼ਾਨਦਾਰ ਜਸ਼ਨ ਸੀ, ਜੋ ਇਸ ਖੇਤਰ ਦੀ ਅਮੀਰ ਸੱਭਿਆਚਾਰਕ ਵਿਭਿੰਨਤਾ ਨੂੰ ਪ੍ਰਦਰਸ਼ਿਤ ਕਰਦਾ ਹੈ।ਸ਼ਾਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਗੀਤਾਂ ਅਤੇ ਨ੍ਰਿਤਾਂ ਦੀ ਲੜ ?ੀ ਨਾਲ ਕੀਤੀ ਗਈ, ਜਿਸ ਨੇ ਦਰਸ਼ਕਾਂ ਨੂੰ ਹੈਰਾਨ ਕਰ ਦਿੱਤਾ।ਵਿਦਿਆਰਥੀਆਂ ਵੱਲੋਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਆਪਣੇ ਰਵਾਇਤੀ ਕੱਪੜੇ ਪਾ ਕੇ ਸਟੇਜ 'ਤੇ ਆਉਣ ਨਾਲ ਉਨ੍ਹਾਂ ਦੀ ਊਰਜਾ ਸਪੱਸ਼ਟ ਹੋ ਗਈ। ਸੱਭਿਆਚਾਰਕ ਪੇਸ਼ਕਾਰੀਆਂ ਤੋਂ ਇਲਾਵਾ, ਇਸ ਪ੍ਰੋਗਰਾਮ ਵਿੱਚ ਮਜ਼ੇਦਾਰ ਖੇਡਾਂ ਅਤੇ ਇੱਕ ਫੈਸ਼ਨ ਸ਼ੋਅ ਵੀ ਪੇਸ਼ ਕੀਤਾ ਗਿਆ, ਜਿਸ ਨੇ ਸ਼ਾਮ ਦੇ ਉਤਸ਼ਾਹ ਅਤੇ ਗਲੈਮਰ ਨੂੰ ਹੋਰ ਵਧਾ ਦਿੱਤਾ।ਇਸ ਸਮਾਗਮ ਦਾ ਮੁੱਖ ਆਕਰਸ਼ਣ ਮਿਸਟਰ ਐਂਡ ਮਿਸ. ਫਰੈਸ਼ਰ ਮੁਕਾਬਲਾ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਨਰਾਮਚੁੰਗ ਅਤੇ ਪ੍ਰਿਯੰਕਾ ਨੂੰ ਸ਼੍ਰੀਮਾਨ ਦਾ ਤਾਜ ਪਹਿਨਾਇਆ ਗਿਆ। ਫਰੈਸ਼ਰ ਅਤੇ ਸ਼੍ਰੀਮਤੀ. ਦਰਸ਼ਕਾਂ ਦੀਆਂ ਜ਼ੋਰਦਾਰ ਤਾੜ ?ੀਆਂ ਅਤੇ ਤਾੜੀਆਂ ਦੇ ਵਿਚਕਾਰ ਕ੍ਰਮਵਾਰ ਫਰੈਸ਼ਰ। ਇਸ ਸਮਾਗਮ ਵਿੱਚ ਮਾਣਯੋਗ ਵਾਈਸ ਚਾਂਸਲਰ ਡਾ. ਅਭਿਸ਼ੇਕ ਤ੍ਰਿਪਾਠੀ ਅਤੇ ਡਾਇਰੈਕਟਰ, ਵਿਦਿਆਰਥੀ ਭਲਾਈ ਵਿਭਾਗ, ਦੇਵਿੰਦਰ ਸਿੰਘ ਦੀ ਹਾਜ਼ਰੀ ਵਿੱਚ ਭਾਗ ਲਿਆ ਗਿਆ। ਵੱਖ-ਵੱਖ ਵਿਭਾਗਾਂ ਦੇ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਇਸ ਸਮਾਗਮ ਵਿੱਚ ਹਿੱਸਾ ਲਿਆ, ਜਿਸ ਨਾਲ ਇਹ ਇੱਕ ਸ਼ਾਨਦਾਰ ਸਫਲਤਾ ਬਣ ਗਈ।

ਇਸ ਮੌਕੇ ਬੋਲਦਿਆਂ, ਡਾ. ਅਭਿਸ਼ੇਕ ਤ੍ਰਿਪਾਠੀ, ਵਾਈਸ ਚਾਂਸਲਰ, ਸੀਟੀ ਯੂਨੀਵਰਸਿਟੀ ਨੇ ਕਿਹਾ, ਸਾਨੂੰ ਉੱਤਰ ਪੂਰਬ ਤੋਂ ਆਪਣੇ ਫਰੈਸ਼ਰਾਂ ਦਾ ਸਵਾਗਤ ਕਰਨ ਅਤੇ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਪ੍ਰਦਰਸ਼ਿਤ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨ ਵਿੱਚ ਖੁਸ਼ੀ ਹੋ ਰਹੀ ਹੈ।

# ਗੁਰੂ ਨਾਨਕ ਫਾਊਂਡੇਸ਼ਨ ਪਟਿਆਲਾ ਨੇ ਆਪਣਾ ਸਾਲਾਨਾ ਖੇਡ ਸਮਾਗਮ ਮਨਾਇਆ



**ਪਟਿਆਲਾ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਫਿਊਜ਼ਨ ਫੈਸਟ, ਸਾਲਾਨਾ ਖੇਡ ਦਿਵਸ, ਪਟਿਆਲਾ ਵਿੱਚ ਵੱਡੇ ਉਤਸ਼ਾਹ, ਖੁਸ਼ੀ ਅਤੇ ਭਾਈਚਾਰੇ ਦੇ ਮਾਹੌਲ ਵਿੱਚ ਮਨਾਇਆ ਗਿਆ। ਮੁੱਖ ਮਹਿਮਾਨ ਸ਼੍ਰੀ ਮਨੋਜ ਗੋਰਸੀ, ਡੀਐਸਪੀ ਸਿਟੀ 2 ਅਤੇ ਸ਼੍ਰੀ ਜਤਿੰਦਰ ਪਾਲ ਹੰਸਪਾਲ, ਸ਼੍ਰੀ ਐਸ.ਪੀ. ਸਿੰਘ, ਸ਼੍ਰੀਮਤੀ ਰਿਤੂ ਸਰਾਓ (ਡਾਇਰੈਕਟਰ ਲਿਟਲ ਪੰਪਕਿਨ ਫਾਰਮ ਪ੍ਰੀ-ਸਕੂਲ, ਪਟਿਆਲਾ), ਪ੍ਰਿੰਸੀਪਲ ਰਮਨਦੀਪ ਸਿੰਘ (ਲਿਟਲ ਡਕਲਿੰਗ ਪ੍ਰੀ-ਸਕੂਲ, ਪਟਿਆਲਾ), ਪ੍ਰਿੰਸੀਪਲ ਇਸ਼ਾਂਤ ਸ਼ਰਮਾ (ਕਿਡਜ਼ੀ ਸਕੂਲ, ਪਟਿਆਲਾ), ਪ੍ਰਿੰਸੀਪਲ ਹਰਮਿੰਦਰ ਸਿੰਘ (ਲਿਟਲ ਹਾਰਟਸ ਪਲੇ ਸਕੂਲ, ਪਟਿਆਲਾ), ਪ੍ਰਿੰਸੀਪਲ ਰੁਪਿੰਦਰ ਕੌਰ (ਫਸਟ ਫਾਊਂਡੇਸ਼ਨ ਪ੍ਰੀ-ਸਕੂਲ, ਪਟਿਆਲਾ), ਪ੍ਰਿੰਸੀਪਲ ਅਮਨਦੀਪ ਸਿੰਘ (ਐਪਲ ਸੀਡਸ ਸਕੂਲ, ਪਟਿਆਲਾ) ਅਤੇ ਪ੍ਰਿੰਸੀਪਲ ਅਨੀਸ਼ ਮਿਹਤਾ (ਬਚਪਨ ਸਕੂਲ, ਪਟਿਆਲਾ) ਨੇ ਸਨਮਾਨਿਤ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ।

ਗੁਰੂ ਨਾਨਕ ਫਾਊਂਡੇਸ਼ਨ ਦੇ ਡਾਇਰੈਕਟਰ ਸ. ਪ੍ਰਤਾਪ ਸਿੰਘ ਜੀ, ਡਿਪਟੀ ਡਾਇਰੈਕਟਰ ਸ਼੍ਰੀਮਤੀ ਰੇਣੂ ਹੰਸਪਾਲ ਅਤੇ ਹੋਰ ਆਮੰਤ੍ਰਿਤ ਮਹਿਮਾਨ ਵੀ ਇਸ ਮੌਕੇ ਤੇ ਮੌਜੂਦ ਸਨ। ਜੀਐਨਐਫਪੀਐਸ ਪਟਿਆਲਾ ਦੀ ਪ੍ਰਿੰਸੀਪਲ ਸ਼੍ਰੀਮਤੀ ਜਸਜੀਤ ਸੋਹੀ ਨੇ ਮੁੱਖ ਮਹਿਮਾਨ ਅਤੇ ਪਹੁੰਚੇ ਹੋਏ ਸਾਥੀਆਂ ਦਾ ਸਵਾਗਤ ਕੀਤਾ।

ਕਾਰਜਕ੍ਰਮ ਦੀ ਸ਼ੁਰੂਆਤ ਸਕੂਲ ਦੇ ਝੰਡੇ ਨੂੰ ਲਹਿਰਾਉਣ ਅਤੇ ਮੁੱਖ ਮਹਿਮਾਨ ਵੱਲੋਂ ਖੇਡ ਸਮਾਰੋਹ ਦੇ ਉਦਘਾਟਨ ਨਾਲ ਹੋਈ। ਇਸ ਤੋਂ ਬਾਅਦ, ਚਾਰ ਹਾਊਸਾਂ ਦੀਆਂ ਟੀਮਾਂ ਵੱਲੋਂ ਪ੍ਰਭਾਵਸ਼ਾਲੀ ਅਤੇ ਸੰਗਠਿਤ ਮਾਰਚ ਪਾਸਟ ਪ੍ਰਸਤੁਤ ਕੀਤਾ ਗਿਆ।

ਇਸ ਸਮਾਗਮ ਦੇ ਸਭ ਤੋਂ ਆਕਰਸ਼ਕ ਪੱਖ ਮੈਦਾਨ ਅਤੇ ਟਰੈਕ ਪ੍ਰਦਰਸ਼ਨ ਸਨ। ਵਿਦਿਆਰਥੀਆਂ ਦੇ ਮਾਪਿਆਂ ਲਈ ਦੌੜਾਂ ਦਾ ਆਯੋਜਨ ਕੀਤਾ ਗਿਆ, ਜਿਸ ਦਾ ਉਨ੍ਹਾਂ ਨੇ ਪੂਰਾ ਆਨੰਦ ਲਿਆ। ਅਧਿਆਪਕਾਂ ਲਈ ਵੀ ਦੌੜ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਉਨ੍ਹਾਂ ਨੇ ਉਤਸ਼ਾਹ ਨਾਲ ਹਿਸਾ ਲਿਆ। ਮੁੱਖ ਮਹਿਮਾਨ ਨੇ ਵਿਦਿਆਰਥੀਆਂ ਦੇ ਜੋਸ਼ ਅਤੇ ਉਤਸ਼ਾਹ ਦੀ ਪ੍ਰਸ਼ੰਸਾ ਕੀਤੀ।

ਸੰਸਕ੍ਰਿਤਿਕ ਕਾਰਜਕ੍ਰਮ ਦੀ ਸ਼ੁਰੂਆਤ ਸ਼ਬਦ ਕੀਰਤਨ ਨਾਲ ਕੀਤੀ ਗਈ, ਜਿਥੇ ਮਾਸ ਪੀਟੀ, ਗਤਕਾ, ਰਾਸ਼ਟਰੀ ਏਕਤਾ, ਭੰਗੜਾ, ਮਾਰਸ਼ਲ ਆਰਟ, ਜ਼ੁੰਬਾ ਅਤੇ ਹੋਰ ਨ੍ਰਿਤ ਪ੍ਰਦਰਸ਼ਨ ਹੋਏ, ਜੋ ਦਰਸ਼ਕਾਂ ਨੂੰ ਮੋਹ ਲੈਣ ਵਾਲੇ ਸਨ।

ਲੜਕਿਆਂ ਅਤੇ ਲੜਕੀਆਂ ਵਿੱਚ ਸਰਵਸ਼੍ਰੇਠ ਐਥਲੀਟ ਦੇ ਖਿਤਾਬ ਮਾਸਟਰ ਤੁਸ਼ਾਰ (ਕਲਾਸ 11ਵੀਂ ਨਾਨ-ਮੈਡੀਕਲ) ਅਤੇ ਕੁਮਾਰੀ ਮੁਸਕਾਨ (ਕਲਾਸ 10ਵੀਂ) ਨੂੰ ਦਿੱਤੇ ਗਏ। ਉਪਕਾਰ ਹਾਊਸ ਨੇ ਸਰਵਸ਼੍ਰੇਠ ਹਾਊਸ ਟਰਾਫੀ ਹਾਸਲ ਕੀਤੀ ਅਤੇ 2,100 ਦੇ ਨਕਦ ਇਨਾਮ ਨਾਲ ਨਵਾਜਿਆ ਗਿਆ।

# ਤਹਿਸੀਲਦਾਰਾਂ ਦੀ ਹੜਤਾਲ ਕਾਰਨ ਆਮ ਜਨਤਾ ਪ੍ਰੇਸ਼ਾਨ



ਸਮਾਣਾ ਵਿੱਚ ਸੁੰਨਸਾਨ ਪਿਆ ਤਹਿਸੀਲ ਕੰਪਲੈਕਸ। ਫ਼ੋਟੋ : ਪ੍ਰੈਸ ਕੀ ਤਾਕਤ

**ਸਮਾਣਾ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰੈਵੇਨਿਊ ਆਫਿਸਰ ਐਸੋਸੀਏਸ਼ਨ ਦੇ ਸੱਦੇ 'ਤੇ ਪੰਜਾਬ ਪ੍ਰਧਾਨ ਨਾਲ ਵਿਜੀਲੈਂਸ ਵੱਲੋਂ ਕੀਤੀ ਗਈ ਧੱਕੇਸ਼ਾਹੀ ਦੇ ਰੋਸ ਵਜੋਂ ਅਣਮਿਥੇ ਸਮੇਂ ਦੀ ਜਾਰੀ ਹੜਤਾਲ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਤਹਿਸੀਲ ਦਫ਼ਤਰ ਸੁੰਨਸਾਨ ਨਜ਼ਰ ਆ ਰਹੇ ਹਨ। ਸਥਾਨਕ ਤਹਿਸੀਲ ਕੰਪਲੈਕਸ ਵਿਚ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਤੋਂ ਆਏ ਲੋਕਾਂ ਨੇ ਪੰਜਾਬ ਸਰਕਾਰ ਦੀ ਅਲੋਚਨਾ ਕਰਦਿਆਂ ਕਿਹਾ ਕਿ ਸਰਕਾਰ ਦਾ ਸਰਕਾਰੀ ਦਫਤਰਾਂ ਦੇ ਮੁਲਾਜ਼ਮਾਂ ਤੇ ਕੋਈ ਕੰਟਰੋਲ ਨਹੀਂ, ਜਦੋਂ ਉਹ ਚਾਹੁਣ ਅਫਸਰ ਤੇ ਮੁਲਾਜ਼ਮ ਅਣਮਿਥੇ ਸਮੇਂ ਦੀ ਹੜਤਾਲ ਕਰ ਬੈਠਦੇ ਹਨ। ਜਿਸ ਨਾਲ ਲੋਕਾਂ ਨੂੰ ਖੱਜਲ-ਖੁਆਰ ਹੋਣਾ ਪੈਂਦਾ ਹੈ। ਰਜਿਸਟਰੀ ਕਰਵਾਉਣ ਲਈ ਆਏ ਲਵਪ੍ਰੀਤ ਸਿੰਘ ਨੇ ਦੱਸਿਆ ਕਿ ਹੜਤਾਲ ਕਾਰਨ ਕੰਮ ਪ੍ਰਭਾਵਿਤ ਹੋ ਰਿਹਾ ਹੈ। ਇਸੇ ਤਰ੍ਹਾਂ ਜ਼ਮਾਨਤ ਕਰਵਾਉਣ ਵਾਲੇ, ਜਾਤੀ, ਰਿਹਾਇਸ਼ੀ, ਆਮਦਨ, ਡੋਮੀਸਾਇਲ ਅਤੇ ਹੋਰ ਸਰਟੀਫਿਕੇਟ ਲੈਣ ਲਈ ਲੋਕ ਹੈਰਾਨ-ਪ੍ਰੇਸ਼ਾਨ ਹੋ ਰਹੇ ਹਨ। ਸੀਪੀਆਈਐੱਮ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਗੁਰਦਰਸ਼ਨ ਸਿੰਘ ਖਾਸਪੁਰ ਨੇ ਸਰਕਾਰ ਦੀ ਅਲੋਚਨਾਂ ਕਰਦਿਆਂ ਕਿਹਾ ਕਿ ਸਰਕਾਰ ਮੁਲਾਜ਼ਮਾਂ ਨੂੰ ਜਲਦੀ ਕੰਮ 'ਤੇ ਲਿਆ ਕੇ ਲੋਕਾਂ ਨੂੰ ਰਾਹਤ ਦੇਵੇ ਤੇ ਭ੍ਰਿਸ਼ਟਾਚਾਰੀ ਵਿਚ ਗ੍ਰਿਫ਼ਤਾਰ ਕੀਤੇ ਮੁਲਾਜ਼ਮ ਦੀ ਸਬੰਧਿਤ ਮਹਿਕਮੇ ਵੱਲੋਂ ਪਾਰਦਰਸ਼ੀ ਢੰਗ ਨਾਲ ਜਾਂਚ ਕਰਵਾਈ ਜਾਵੇ।

# ਐੱਸਡੀਐੱਮ ਵੱਲੋਂ ਦੇਰ ਨਾਲ ਦ.ਫਤਰ ਆਉਣ ਵਾਲੇ ਕਰਮੀਆਂ ਦੀ ਖਿਚਾਈ

## ਵੱਖ ਵੱਖ ਵਿਭਾਗਾਂ ਦਾ ਦੌਰਾ; 22 ਕਰਮਚਾਰੀ .ਗੈਰਹਾਜ਼ਰ; ਉੱਚ ਅਧਿਕਾਰੀਆਂ ਨੂੰ ਕਾਰਵਾਈ ਦੀ ਹਦਾਇਤ



**ਸਮਾਣਾ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵਧੀਆ ਪ੍ਰਸ਼ਾਸਨਿਕ ਸਹੂਲਤਾਂ ਦੇਣ ਲਈ ਨਿਰਧਾਰਿਤ ਸਮੇਂ 'ਤੇ ਸਰਕਾਰੀ ਦਫਤਰਾਂ ਵਿਚ ਪਹੁੰਚਣ ਦੀਆਂ ਜਾਰੀ ਹਦਾਇਤਾਂ ਦੇ ਬਾਵਜੂਦ ਮੁਲਾਜ਼ਮਾਂ ਦੇ ਕੰਨਾਂ 'ਤੇ ਜੂੰ ਨਹੀਂ ਸਰਕਦੀ ਅਤੇ ਸਰਕਾਰ ਦੇ ਹੁਕਮਾਂ ਨੂੰ ਟਿੱਚ ਜਾਣਦਿਆਂ ਉਹ ਮਨਮਰਜ਼ੀ ਨਾਲ ਦਫ਼ਤਰ ਆਉਂਦੇ ਹਨ, ਜਿਸ ਕਾਰਨ ਆਮ ਲੋਕ ਕਾਫੀ ਪ੍ਰੇਸ਼ਾਨ ਹੁੰਦੇ ਹਨ।

ਅੱਜ ਸਵੇਰੇ ਐੱਸਡੀਐੱਮ ਸਮਾਣਾ ਤਰਸੇਮ ਚੰਦ ਨੇ ਸਬ-ਡਵੀਜ਼ਨ ਦੇ ਵੱਖ-ਵੱਖ ਦਫ਼ਤਰਾਂ ਬੀਡੀਪੀਓ, ਸੀਡੀਪੀਓ, ਜੰਗਲਾਤ ਵਿਭਾਗ, ਫੂਡ ਸਪਲਾਈ, ਨਗਰ ਕੌਂਸਲ, ਪਾਵਰਕੌਮ, ਸੁਵਿਧਾ ਕੇਂਦਰਾਂ, ਮਾਰਕਿਟ ਕਮੇਟੀ ਦਾ ਅਚਾਨਕ ਦੌਰਾ ਕਰਕੇ ਚੈਕਿੰਗ ਕੀਤੀ ਤਾਂ ਜਿਆਦਾਤਰ ਦਫ਼ਤਰਾਂ ਵਿਚ ਅਫ਼ਸਰ ਅਤੇ ਕਰਮਚਾਰੀ ਹਾਜ਼ਰ ਨਹੀਂ ਮਿਲੇ।

ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਦਫ਼ਤਰਾਂ ਦਾ ਸਮਾਂ ਨੌਂ ਵਜੇ ਦਾ ਹੈ ਪਰ ਮੁਲਾਜ਼ਮ ਮਰਜ਼ੀ ਨਾਲ ਦੇਰ-ਸਵੇਰ ਆਉਂਦੇ ਹਨ, ਜਿਸ ਕਾਰਨ ਲੋਕਾਂ ਦੇ ਕੰਮ ਸਮੇਂ-ਸਿਰ ਨਹੀਂ ਹੋ ਪਾਉਂਦੇ। ਉਨ੍ਹਾਂ ਕਈ ਦਫ਼ਤਰਾਂ 'ਚ ਹਾਜ਼ਰੀ ਰਜਿਸਟਰ ਨਾ ਹੋਣਾ, ਦਫ਼ਤਰਾਂ ਵਿੱਚ ਕਰਮਚਾਰੀਆਂ ਦੀ ਗਿਣਤੀ ਦਾ ਪਤਾ ਨਾ ਹੋਣਾ ਵੀ ਇਕ ਚਿੰਤਾ ਦਾ ਵਿਸ਼ਾ ਹੈ।

# ਹੈਂਡਬਾਲ 'ਚ ਸਿਮਰਨ ਕੌਰ ਦੀ ਰਾਜ ਪੱਧਰੀ ਖੇਡਾਂ ਲਈ ਚੋਣ




**ਦੇਵੀਗੜ੍ਹ, 30 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰੋਪੜ ਵਿੱਚ ਬੀਤੇ ਦਿਨੀਂ ਹੋਈਆਂ ਰਾਜ ਪੱਧਰੀ ਸਕੂਲੀ ਖੇਡਾਂ ਵਿੱਚ ਟੈਗੋਰ ਇੰਟਰਨੈਸ਼ਨਲ ਸਕੂਲ ਅਕਬਰਪੁਰ ਦੀ ਅੰਡਰ-14 ਲੜਕੀਆਂ ਦੀ ਹੈਂਡਬਾਲ ਟੀਮ ਨੇ ਖੇਡਾਂ ਵਿੱਚ ਭਾਗ ਲਿਆ, ਜਿਨ੍ਹਾਂ ਵਿੱਚੋਂ ਸਕੂਲ ਦੀ ਵਿਦਿਆਰਥਣ ਸਿਮਰਨ ਕੌਰ ਪੁੱਤਰੀ ਜਸਵੀਰ ਕੁਮਾਰ ਪਿੰਡ ਬਹਾਦੁਰਪੁਰ ਫਕੀਰਾਂ ਛੰਨਾ ਨੇ ਟੀਮ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 68ਵੀਆਂ ਰਾਜ ਪੱਧਰੀ ਖੇਡਾਂ, ਜੋ ਕਿ ਛਤੀਸਗੜ੍ਹ ਵਿੱਚ ਹੋ ਰਹੀਆਂ ਹਨ, ਵਿੱਚ ਆਪਣੀ ਥਾਂ ਬਣਾਈ। ਹੈਂਡਬਾਲ ਦੀ ਜ਼ਿਲ੍ਹਾ ਪੱਧਰੀ ਟੀਮ ਵਿੱਚ ਜਸਮਨ ਕੌਰ ਜਮਾਤ ਸੱਤਵੀਂ, ਕੁਲਜੀਤ ਕੌਰ ਅਤੇ ਗੁਰਲੀਨ ਕੌਰ ਜਮਾਤ ਅੱਠਵੀਂ ਨੇ ਭਾਗ ਲੈਂਦਿਆਂ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਆਪਣੇ ਸਕੂਲ, ਕੋਚ ਲਤੀਫ਼ ਮੁਹੰਮਦ, ਕੋਚ ਕ੍ਰਿਸ਼ਨ ਲਾਲ, ਮਾਪਿਆਂ ਅਤੇ ਆਪਣੇ ਇਲਾਕੇ ਦਾ ਨਾਂ ਰੋਸ਼ਨ ਕੀਤਾ। ਇਸ ਦੌਰਾਨ ਸਕੂਲ ਡਾਇਰੈਕਟਰ ਗੌਰਵ ਗੁਲਾਟੀ, ਚੇਅਰਮੈਨ ਸਲੋਨੀ ਗੁਲਾਟੀ ਅਤੇ ਪ੍ਰਿੰਸੀਪਲ ਰੇਖਾ ਸ਼ਰਮਾ ਨੇ ਖਿਡਾਰੀਆਂ ਅਤੇ ਕੋਚ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਅੰਤਰ ਰਾਸ਼ਟਰੀ ਪੱਧਰ 'ਤੇ ਹੋਣ ਵਾਲੀਆਂ ਖੇਡਾਂ ਵਿੱਚ ਆਪਣੀ ਥਾਂ ਬਣਾ ਕੇ ਸ਼ਾਨਦਾਰ ਪ੍ਰਦਰਸ਼ਨ ਲਈ ਉਤਸ਼ਾਹਿਤ ਵੀ ਕੀਤਾ।

## ਬਲਜੀਤ ਸਿੰਘ ਘੱਗਾ ਦੇ ਨਵੇਂ ਐੱਸਐੱਚਓ ਨਿਯੁਕਤ

**ਪਟਿਆਲਾ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਐੱਸਐੱਸਪੀ ਡਾ. ਨਾਨਕ ਸਿੰਘ ਵੱਲੋਂ ਜਾਰੀ ਕੀਤੇ ਗਏ ਆਦੇਸ਼ਾਂ ਤਹਿਤ ਸਬ ਇੰਸਪੈਕਟਰ ਬਲਜੀਤ ਸਿੰਘ ਨੂੰ ਥਾਣਾ ਘੱਗਾ ਦਾ ਐੱਸਐੱਚਓ ਲਾਇਆ ਗਿਆ ਹੈ, ਜਿਨ੍ਹਾਂ ਅੱਜ ਆਪਣੇ ਅਹੁਦੇ ਦਾ ਚਾਰਜ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ ਉਹ ਥਾਣਾ ਡਵੀਜ਼ਨ ਨੰਬਰ ਦੋ ਪਟਿਆਲਾ ਦੇ ਐੱਸਐੱਚਓ ਵੀ ਰਹਿ ਚੁੱਕੇ ਹਨ। ਉਨ੍ਹਾਂ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।



# ਅਧਿਆਪਕ ਯੂਨੀਅਨ ਵੱਲੋਂ ਕੈਬਨਿਟ ਮੰਤਰੀ ਨੂੰ ਪੱਤਰ




**ਪਟਿਆਲਾ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਗੌਰਮਿੰਟ ਕਲਾਸੀਕਲ ਐਂਡ ਵਰਨਾਕੂਲਰ ਸੀਐਂਡਵੀ ਟੀਚਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਸੁਖਜਿੰਦਰ ਸਿੰਘ ਹਰੀਕਾ ਦੀ ਅਗਵਾਈ ਵਿੱਚ ਭੂਮੀ ਰੱਖਿਆ ਵਾਟਰ ਰਿਸੋਟਜ ਅਤੇ ਮਾਈਨਿੰਗ ਵਿਭਾਗ ਦੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਨੂੰ ਆਪਣੀਆਂ ਮੰਗਾਂ ਸਬੰਧੀ ਪੱਤਰ ਸੌਂਪਿਆ। ਕੈਬਨਿਟ ਮੰਤਰੀ ਨੇ ਵਿਸ਼ਵਾਸ ਦਵਾਇਆ ਕਿ ਸਰਕਾਰੀ ਸਕੂਲਾਂ ਵਿੱਚ ਕੰਮ ਕਰਦੇ ਆਰਟ ਐਂਡ ਕਰਾਫਟ ਪੀਟੀਆਈ, ਸੀ ਐਂਡ ਵੀ ਅਧਿਆਪਕਾਂ ਨਾਲ ਡਾਇਰੈਕਟਰ ਸਕੂਲ ਸੀਨੀਅਰ ਸੈਕੰਡਰੀ ਵੱਲੋਂ ਜਾਰੀ ਪੱਤਰ ਕਾਰਨ ਪੈਦਾ ਹੋਈ ਸਥਿਤੀ ਬਾਰੇ ਸਰਕਾਰ ਪੱਧਰ 'ਤੇ ਗੱਲਬਾਤ ਕਰਨਗੇ। ਸੁਖਜਿੰਦਰ ਸਿੰਘ ਹਰੀਕਾ ਨੇ ਸਮੂਹ ਅਧਿਆਪਕਾਂ ਨੂੰ ਕਿਹਾ ਕਿ ਉਹ ਇੱਕ ਦਸੰਬਰ ਦੇ ਸਾਂਝੇ ਅਧਿਆਪਕ ਮੋਰਚੇ ਵੱਲੋਂ ਐਲਾਨੀ ਰੈਲੀ ਦੀ ਤਿਆਰੀ ਕਰਨ। ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਜਥੇਬੰਦੀ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਜਲਦੀ ਹੀ ਤਿੱਖੇ ਐਕਸ਼ਨ ਦਾ ਐਲਾਨ ਕੀਤਾ ਜਾਵੇਗਾ।

# ਡਿਪੂ ਹੋਲਡਰਾਂ ਦੀ ਮਾਰਜਨ ਮਨੀ ਵਧਾ ਕੇ 8 ਸਾਲਾਂ ਬਾਅਦ ਕੀਤੀ ਦੁੱਗਣੀ: ਲਾਲ ਚੰਦ ਕਟਾਰੂਚੱਕ

## ➢ 14000 ਤੋਂ ਵੱਧ ਡਿਪੂ ਹੋਲਡਰਾਂ ਨੂੰ ਮਿਲੇਗਾ ਇਸ ਦਾ ਲਾਭ ➢ ਡਿਪੂ ਹੋਲਡਰਾਂ ਨੂੰ ਹੁਣ 50 ਰੁਪਏ ਪ੍ਰਤੀ ਕੁਇੰਟਲ ਦੀ ਥਾਂ ਮਿਲਣਗੇ 90 ਰੁਪਏ ਪ੍ਰਤੀ ਕੁਇੰਟਲ

**ਚੰਡੀਗੜ੍ਹ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਮਾਜ ਦੇ ਸਾਰੇ ਵਰਗਾਂ ਖਾਸ ਕਰਕੇ ਖੁਰਾਕ ਸੁਰੱਖਿਆ ਨਾਲ ਜੁੜੇ ਵਰਗਾਂ ਦੇ ਹਿੱਤਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਇਸ ਲਈ ਪੰਜਾਬ ਸਰਕਾਰ ਵੱਲੋਂ ਡਿਪੂ ਹੋਲਡਰਾਂ ਦੇ ਹਿੱਤਾਂ ਨੂੰ ਮੁੱਖ ਰੱਖਦਿਆਂ ਕਣਕ ਦੀ ਵੰਡ ਉੱਤੇ ਉਨ੍ਹਾਂ ਦੀ ਮਾਰਜਨ ਮਨੀ ਨੂੰ 8 ਸਾਲਾਂ ਬਾਅਦ ਵਧਾ ਕੇ ਲਗਭਗ ਦੁੱਗਣਾ ਕਰ ਦਿੱਤਾ ਗਿਆ ਹੈ। ਇਹ ਜਾਣਕਾਰੀ ਅੱਜ ਇੱਥੇ ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦਿੱਤੀ।



ਉਨ੍ਹਾਂ ਅੱਗੇ ਦੱਸਿਆ ਕਿ 2016 ਵਿੱਚ ਇਹ ਮਾਰਜਨ ਮਨੀ 50 ਪ੍ਰਤੀ ਕੁਇੰਟਲ ਸੀ ਜਿਸ ਨੂੰ ਵਧਾ ਕੇ 90 ਰੁਪਏ ਪ੍ਰਤੀ ਕੁਇੰਟਲ ਕਰ ਦਿੱਤਾ ਗਿਆ ਹੈ। ਇਸ ਵਾਧੇ ਨੂੰ ਅਪ੍ਰੈਲ 2024 ਤੋਂ ਲਾਗੂ ਕੀਤਾ ਗਿਆ ਹੈ। ਇਸ ਦੇ ਨਤੀਜੇ ਵਜੋਂ ਇਸ ਸਬੰਧ ਵਿੱਚ 38.43 ਕਰੋੜ ਰੁਪਏ ਜਾਰੀ ਕੀਤੇ ਗਏ ਹਨ। ਮੰਤਰੀ ਨੇ ਅੱਗੇ ਦੱਸਿਆ ਕਿ ਇਸ ਕਦਮ ਨਾਲ ਸੂਬੇ ਦੇ 14400 ਰਾਸ਼ਨ ਡਿਪੂ ਹੋਲਡਰਾਂ ਨੂੰ ਲਾਭ ਮਿਲੇਗਾ।

ਇਸ ਸਬੰਧੀ ਮਿਸਾਲ ਦਿੰਦਿਆਂ ਮੰਤਰੀ ਨੇ ਦੱਸਿਆ ਕਿ ਜੇਕਰ ਕਿਸੇ ਡਿਪੂ ਹੋਲਡਰ ਨਾਲ 200 ਰਾਸ਼ਨ ਕਾਰਡ/800 ਲਾਭਪਾਤਰੀ ਅਟੈਚ ਹਨ ਅਤੇ ਹਰ ਲਾਭਪਾਤਰੀ ਨੂੰ 5 ਕਿਲੋ ਕਣਕ ਪ੍ਰਤੀ ਮਹੀਨਾ ਦਿੱਤੀ ਜਾਂਦੀ ਹੈ ਤਾਂ ਲਗਭਗ 2000 ਰੁਪਏ ਮਾਰਜਨ ਮਨੀ ਹਰ ਮਹੀਨੇ ਹਾਸਿਲ ਹੁੰਦੀ ਸੀ। ਪਰ ਵਾਧੇ ਉਪਰੰਤ ਉਨ੍ਹਾਂ ਨੂੰ 3600 ਰੁਪਏ ਪ੍ਰਤੀ ਮਹੀਨਾ ਤੱਕ ਮਾਰਜਨ ਮਨੀ ਪ੍ਰਾਪਤ ਹੋ ਰਹੀ ਹੈ।

ਪੰਜਾਬ ਵਿੱਚ ਹੋਰ ਰਾਸ਼ਨ ਡਿਪੂ ਖੋਲ੍ਹਣ ਦੇ ਮੁੱਦੇ ਬਾਰੇ ਗੱਲ ਕਰਦਿਆਂ ਮੰਤਰੀ ਨੇ ਦੱਸਿਆ ਕਿ ਇਹ ਕਾਰਜ ਪ੍ਰਕਿਰਿਆ ਅਧੀਨ ਹੈ ਅਤੇ ਨਵੇਂ ਰਾਸ਼ਨ ਡਿਪੂਆਂ ਲਈ ਅਪਲਾਈ ਕਰਨ ਦੀ ਆਖਰੀ ਮਿਤੀ 5 ਦਸੰਬਰ, 2024 ਹੈ।

ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਵਿੱਚ ਕੁੱਲ 9792 ਰਾਸ਼ਨ ਡਿਪੂ ਖੋਲ੍ਹੇ ਜਾਣਗੇ ਜਿਹਨਾਂ ਵਿੱਚੋਂ 8040 ਪੇਂਡੂ ਖੇਤਰਾਂ ਵਿੱਚ ਜਦੋਂ ਕਿ 1742 ਸ਼ਹਿਰੀ ਖੇਤਰਾਂ ਵਿੱਚ ਕਾਰਜਸ਼ੀਲ ਹੋਣਗੇ।

ਇਸ ਮੌਕੇ ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਵਿਭਾਗ ਦੇ ਸਕੱਤਰ ਵਿਕਾਸ ਗਰਗ ਵੀ ਮੌਜੂਦ ਸਨ।

# ਝਗੜਾ ਰਹਿਤ ਇੰਤਕਾਲ ਦੇ ਨਿਪਟਾਰੇ ਚ ਦੇਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ, ਇੱਕ ਮਹੀਨੇ ਅੰਦਰ ਪੈਂਡਿੰਗ ਕੇਸ ਮੁਕੰਮਲ ਹੋਣ: ਹਰਦੀਪ ਸਿੰਘ ਮੁੰਡੀਆ

**ਚੰਡੀਗੜ੍ਹ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਵੱਲੋਂ ਇੰਤਕਾਲ ਦੇ ਕੇਸਾਂ ਦੇ ਤੁਰੰਤ ਨਿਪਟਾਰੇ ਅਤੇ ਲੋਕਾਂ ਦੀ ਖੱਜਲ ਖੁਆਰੀ ਖਤਮ ਕਰਨ ਲਈ ਮਾਲ ਵਿਭਾਗ ਵੱਲੋਂ ਸੂਬੇ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਵਿਸ਼ੇਸ਼ ਮੁਹਿੰਮ ਸ਼ੁਰੂ ਕਰਨ ਦਾ ਫ਼ੈਸਲਾ ਕੀਤਾ ਗਿਆ।

ਮਾਲ ਤੇ ਮੁੜ ਵਸੇਬਾ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਅੱਜ ਇੱਥੇ ਜਾਰੀ ਬਿਆਨ ਵਿੱਚ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਝਗੜਾ ਰਹਿਤ ਇੰਤਕਾਲਾਂ ਦਾ ਫੈਸਲਾ 45 ਦਿਨਾਂ ਦੇ ਅੰਦਰ ਕਰਨਾ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ ਅਤੇ ਇੱਕ ਮਹੀਨੇ ਅੰਦਰ ਅਜਿਹੇ ਸਾਰੇ ਕੇਸਾਂ ਦਾ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ 31 ਦਸੰਬਰ ਤੋਂ ਬਾਅਦ, ਜੇ 45 ਦਿਨ ਦੀ ਸਮਾਂ ਸੀਮਾਂ ਤੋਂ ਵੱਧ ਕੋਈ ਝਗੜਾ ਰਹਿਤ ਇੰਤਕਾਲ ਕਿਸੇ ਤਹਿਸੀਲ/ਸਬ-ਤਹਿਸੀਲ ਵਿੱਚ ਪੈਂਡਿੰਗ ਪਾਇਆ ਜਾਂਦਾ ਹੈ ਤਾਂ ਇਸ ਲਈ ਜ਼ਿੰਮੇਵਾਰ ਸਬੰਧਤ ਅਧਿਕਾਰੀ/ਕਰਮਚਾਰੀ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਮੁੰਡੀਆ ਨੇ ਅੱਗੇ ਕਿਹਾ ਕਿ ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਸਰਕਾਰ ਦੀਆਂ ਸਪੱਸ਼ਟ ਹਦਾਇਤਾਂ ਦੇ ਬਾਵਜੂਦ ਕਾਫੀ ਇੰਤਕਾਲ 45 ਦਿਨ ਤੋਂ ਜ਼ਿਆਦਾ ਸਮੇਂ ਤੋਂ ਲੰਬਿਤ ਪਏ ਹਨ। ਕੁੱਝ ਇੰਤਕਾਲ ਤਾਂ ਇੱਕ ਸਾਲ ਤੋਂ ਵੱਧ ਸਮੇਂ ਤੋਂ ਲੰਬਿਤ ਪਏ ਹਨ। ਇਸ ਗੰਭੀਰ ਕੋਤਾਹੀ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਸਬੰਧੀ ਮਾਲ ਵਿਭਾਗ ਵੱਲੋਂ ਸੂਬੇ ਦੇ ਡਿਪਟੀ ਕਮਿਸ਼ਨਰਾਂ, ਐਸ.ਡੀ.ਐਮਜ਼, ਜਿਲ੍ਹਾ ਮਾਲ ਅਫਸਰਾਂ, ਤਹਿਸੀਲਦਾਰਾਂ ਤੇ ਨਾਇਬ ਤਹਿਸੀਲਦਾਰਾਂ ਨੂੰ ਪੱਤਰ ਜਾਰੀ ਕਰਕੇ ਵਿਸ਼ੇਸ਼ ਮੁਹਿੰਮ ਚਲਾ ਕੇ ਸਾਰੇ ਪੈਂਡਿੰਗ ਝਗੜਾ ਰਹਿਤ ਇੰਤਕਾਲਾਂ ਦਾ ਨਿਪਟਾਰਾ 31 ਦਸੰਬਰ ਤੱਕ ਫੈਸਲਾ ਕਰਨ ਦੇ ਨਿਰਦੇਸ਼ ਦਿੱਤੇ ਹਨ।

ਮਾਲ ਤੇ ਮੁੜ ਵਸੇਬਾ ਮੰਤਰੀ ਨੇ ਕਿਹਾ ਕਿ ਜੇ ਕਿਸੇ ਵਿਅਕਤੀ ਨੂੰ ਝਗੜਾ ਰਹਿਤ ਇੰਤਕਾਲ ਦਰਜ ਕਰਵਾਉਣ ਜਾਂ ਮਨਜ਼ੂਰ ਕਰਵਾਉਣ ਵਿੱਚ ਕੋਈ ਦਿੱਕਤ ਆਉਂਦੀ ਹੈ ਜਾਂ ਕੋਈ ਅਧਿਕਾਰੀ/ਕਰਮਚਾਰੀ ਇਸ ਸਬੰਧੀ ਉਨ੍ਹਾਂ ਤੋਂ ਰਿਸ਼ਵਤ ਦੀ ਮੰਗ ਕਰਦਾ ਹੈ ਤਾਂ ਉਹ ਹੈਲਪਲਾਈਨ ਨੰਬਰ 1100 ਉਤੇ ਸੂਚਿਤ ਕਰ ਸਕਦਾ ਹੈ। ਵਧੀਕ ਮੁੱਖ ਸਕੱਤਰ ਤੇ ਵਿੱਤ ਕਮਿਸ਼ਨਰ ਮਾਲ ਸ੍ਰੀ ਅਨੁਰਾਗ ਵਰਮਾ ਵੱਲੋਂ ਇਸ ਸਬੰਧੀ ਨਾਲ ਕੰਮ ਦੀ ਸਮੀਖਿਆ ਸਬੰਧੀ ਡਿਪਟੀ ਕਮਿਸ਼ਨਰਾਂ ਨਾਲ 16 ਦਸੰਬਰ ਤੇ 31 ਦਸੰਬਰ ਨੂੰ ਮੀਟਿੰਗ ਕੀਤੀ ਜਾਵੇਗੀ।

# ਐਸ. ਸੀ. ਸਿੱਖਿਆਰਥੀਆਂ ਲਈ ਦੋ ਹਫਤੇ ਡੇਅਰੀ ਟ੍ਰੇਨਿੰਗ ਲਈ ਕਾਉਂਸਲਿੰਗ 2 ਦਸੰਬਰ ਨੂੰ-ਡਿਪਟੀ ਡਾਇਰੈਕਟਰ ਡੇਅਰੀ

**ਤਰਨ ਤਾਰਨ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੈਬਨਿਟ ਮੰਤਰੀ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ, ਸ਼੍ਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ, ਪੰਜਾਬ ਸ਼੍ਰੀ ਕੁਲਦੀਪ ਸਿੰਘ ਜੱਸੋਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ਼੍ਰੀ ਵਰਿਆਮ ਸਿੰਘ ਡਿਪਟੀ ਡਾਇਰੈਕਟਰ ਡੇਅਰੀ ਤਰਨਤਾਰਨ ਦੀ ਰਹਿਨੁਮਾਈ ਹੇਠ ਦੋ ਹਫਤੇ ਦੀ ਡੇਅਰੀ ਸਿਖਲਾਈ ਕੇਵਲ ਐਸ.ਸੀ. ਕੈਟਾਗਰੀ ਦੇ ਬੇਰੋਜਗਾਰ ਸਿਖਿਆਰਥੀਆਂ ਲਈ ਡੇਅਰੀ ਟ੍ਰੇਨਿੰਗ ਸੈਂਟਰ, ਤਰਨ ਤਾਰਨ ਵਿਖੇ ਸ਼ੁਰੂ ਹੋਣ ਜਾ ਰਹੀ ਹੈ ਜਿਸ ਲਈ ਸਿਖਿਆਰਥੀਆਂ ਦੀ ਕਾਉਂਸਲਿੰਗ 02 ਦਸੰਬਰ, 2024 ਨੂੰ ਦਫਤਰ ਡਿਪਟੀ ਡਾਇਰੈਕਟਰ ਡੇਅਰੀ, ਤਰਨ ਤਾਰਨ ਵਿਖੇ ਕੀਤੀ ਜਾਣੀ ਹੈ।



ਇਸ ਸਿਖਲਾਈ ਦੀ ਯੋਗਤਾ ਪੰਜਵੀ ਪਾਸ ਰੱਖੀ ਗਈ ਹੈ, ਸਿਖਿਆਰਥੀ ਦੀ ਉਮਰ 18 ਤੋਂ 55 ਸਾਲ ਦੇ ਦਰਮਿਆਨ ਹੋਵੇ ਅਤੇ ਸਿਖਿਆਰਥੀ ਪੇਂਡੂ ਇਲਾਕੇ ਦਾ ਵਸਨੀਕ ਹੋਵੇ ਅਤੇ ਸਿਖਿਆਰਥੀ ਕੋਲ ਪਸ਼ੂ ਰੱਖਣ ਲਈ ਜਗਾਂ ਦਾ ਯੋਗ ਪ੍ਰਬੰਧ ਅਤੇ ਚਾਰੇ ਦਾ ਪ੍ਰਬੰਧ ਹੋਵੇ ਅਤੇ ਨਾਲ ਹੀ ਸਿਖਿਆਰਥੀ ਦਾ ਬੈਂਕ ਖਾਤਾ ਜੋ ਕਿ ਚਾਲੂ ਹੋਣਾ ਜਰੂਰੀ ਹੈ। ਇਹ ਸਿਖਲਾਈ ਬਿਲਕੁੱਲ ਹੀ ਮੁਫਤ ਕਰਵਾਈ ਜਾ ਰਹੀ ਹੈ ਅਤੇ ਸਿਖਲਾਈ ਸਫਲਤਾ ਪੂਰਵਕ ਪੂਰੀ ਕਰਨ ਤੇ ਸਿਖਿਆਰਥੀਆਂ ਨੂੰ 3500 ਰੁਪਏ ਵਜੀਫਾ ਵੀ ਦਿੱਤਾ ਜਾ ਰਿਹਾ ਹੈ । ਟ੍ਰੇਨਿੰਗ ਵਿੱਚ ਸਿਖਿਆਰਥੀਆਂ ਨੂੰ ਦੁਧਾਰੂ ਪਸ਼ੂਆਂ ਦੀਆਂ ਨਸਲਾਂ, ਖਾਦ-ਖੁਰਾਕ ਅਤੇ ਪਸ਼ੂਆਂ ਦੀ ਸਾਂਭ ਸੰਭਾਲ ਦੀ ਜਾਣਕਾਰੀ ਦਿੱਤੀ ਜਾਵੇਗੀ । ਚਾਹਵਾਨ ਸਿਖਿਰਥੀ (ਅਸਲ ਅਤੇ ਫੋਟੋ ਕਾਪੀਆਂ)ਪੜਾਈ ਦਾ ਸਰਟੀਫਿਕੇਟ, ਅਧਾਰ ਕਾਰਡ, ਪਾਸਪੋਰਟ ਸਾਈਜ ਫੋਟੋ ਅਤੇ ਅਨੁਸੂਚਿਤ ਜਾਤੀ ਸਰਟੀਫਿਕੇਟ ਅਤੇ ਬੈਂਕ ਪਾਸਬੁਕ ਦੀ ਫੋਟੋ ਕਾਪੀ ਲੈ ਦਫਤਰ ਡਿਪਟੀ ਡਾਇਰੈਕਟਰ ਡੇਅਰੀ, ਤਰਨ ਤਾਰਨ ਨਾਲ ਸੰਪਰਕ ਕਰ ਸਕਦੇ ਹਨ । ਟ੍ਰੇਨਿੰਗ ਕਰਨ ਉਪਰੰਤ ਸਿਖਿਆਰਥੀਆਂ ਨੂੰ ਬੈਂਕਾਂ ਤੋਂ ਸਸਤੇ ਦਰਾਂ ਤੇ ਕਰਜਾ ਮੁਹੱਈਆ ਕਰਵਾਇਆ ਜਾਵੇਗਾ ਅਤੇ ਸਰਕਾਰ ਵੱਲੋਂ ਦੁਧਾਰੂ ਪਸ਼ੂਆਂ ਦੀ ਖਰੀਦ ਤੇ 33% ਸਬਸਿਡੀ ਵੀ ਮੁਹੱਈਆਂ ਕਰਵਾਈ ਜਾਵੇਗੀ । ਚਾਹਵਾਨ ਸਿਖਿਆਰਥੀ ਮਿਤੀ 02 ਦਸੰਬਰ, 2024 ਨੂੰ ਦਫਤਰ ਡਿਪਟੀ ਡਾਇਰੈਕਟਰ ਡੇਅਰੀ, ਤਰਨ ਤਾਰਨ, ਅੰਮ੍ਰਿਤਸਰ ਰੋਡ, ਨੇੜੇ ਮਾਲਮੰਡੀ, ਤਰਨ ਤਾਰਨ ਵਿਖੇ ਕਾਉਂਸਲਿੰਗ ਲਈ ਹਾਜਰ ਹੋ ਸਕਦੇ ਹਨ । ਵਧੇਰੇ ਜਾਣਕਾਰੀ ਲਈ ਚਾਹਵਾਨ ਫੋਨ ਨੰ. 01852-299095 ,9417373648,9417766062 ਤੇ ਸੰਪਰਕ ਕਰ ਸਕਦੇ ਹਨ ।

# 14 ਦਸੰਬਰ ਨੂੰ ਲਗਾਈ ਜਾਵੇਗੀ ਕੌਮੀ ਲੋਕ ਅਦਾਲਤ

**ਰੂਪਨਗਰ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ ਨਗਰ ਜੀਆਂ ਦੇ ਨਿਰਦੇਸ਼ਾਂ ਹੇਠ ਅਤੇ ਜਿਲਾ ਅਤੇ ਸੈਸ਼ਨ ਜੱਜ ਸਹਿਤ- ਚੇਅਰਪਰਸਨ ਜ਼ਿਲ੍ਹਾ ਕਾਨੂੰਨੀ ਅਥਾਰਟੀ ਰੂਪਨਗਰ ਸ਼੍ਰੀਮਤੀ ਰਮੇਸ਼ ਕੁਮਾਰੀ ਦੀ ਅਗਵਾਈ ਹੇਠ ਜ਼ਿਲ੍ਹਾ ਅਦਾਲਤਾਂ ਰੂਪਨਗਰ, ਨੰਗਲ ਅਤੇ ਅਨੰਦਪੁਰ ਸਾਹਿਬ ਵਿਖੇ ਮਿਤੀ 14 ਦਸੰਬਰ 2024 ਨੂੰ ਕੌਮੀ ਲੋਕ ਅਦਾਲਤ ਲਗਾਈ ਜਾ ਰਹੀ ਹੈ।

ਇਸ ਲੋਕ ਅਦਾਲਤ ਵਿੱਚ ਟ੍ਰੈਫਿਕ ਚਲਾਨ, ਬੈਂਕਾ ਨਾਲ ਸਬੰਧਤ ਕੇਸ ਟੈਲੀਫੋਨ ਕੰਪਨੀਆਂ ਬੀਮਾ ਕੰਪਨੀਆ ਬਿਜਲੀ ਪਾਣੀ ਦੇ ਕੇਸ ਅਤੇ ਹਰ ਪ੍ਰਕਾਰ ਦੇ ਦਿਵਾਨੀ ਅਤੇ ਸਮਝੌਤੇਯੋਗ ਫੌਜਦਾਰੀ ਕੇਸ ਨਿਪਟਾਰੇ ਲਈ ਰੱਖੇ ਜਾਣਗੇ ਅਤੇ ਪ੍ਰੀ ਲੀਟੀਗੇਟਿਵ ਕੇਸ ਜਿਹੜੇ ਅਦਾਲਤਾਂ ਵਿੱਚ ਲੰਬਤ ਨਹੀਂ ਹਨ ਵੀ ਸਮਝੌਤੇ ਲਈ ਲਗਾਏ ਜਾਣਗੇ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੀ.ਜੇ.ਐਮ ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰੂਪਨਗਰ ਹਿਮਾਂਸ਼ੀ ਗਲਹੋਤਰਾ ਨੇ ਦੱਸਿਆ ਕਿ ਲੋਕ ਅਦਾਲਤ ਦੇ ਫੈਸਲੇ ਦੀ ਕੋਈ ਵੀ ਅਪੀਲ ਜਾਂ ਦਲੀਲ ਨਹੀਂ ਹੁੰਦੀ ਲੋਕ ਅਦਾਲਤ ਦੇ ਫੈਂਸਲਾ ਸਥਾਈ ਹੁੰਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਲੋਕ ਅਦਾਲਤ ਵਿੱਚ ਕੇਸ ਲਗਵਾਉਣ ਨਾਲ ਜਿਥੇ ਸਮੇ ਦੀ ਬਚਤ ਹੁੰਦੀ ਹੈ ਉਥੇ ਹੀ ਧਨ ਦੀ ਵੀ ਬੱਚਤ ਹੁੰਦੀ ਹੈ।

# ਅਨੁਸੂਚਿਤ ਜਾਤੀ ਉਪ ਸਕੀਮ ਅਧੀਨ ਪੌਦਿਆਂ ਦੇ ਜੈਨੇਟਿਕ ਸਰੋਤਾਂ ਨਾਲ ਸਬੰਧਤ ਇੱਕ ਰੋਜ਼ਾ ਜਾਗਰੂਕਤਾ ਪ੍ਰੋਗਰਾਮ



**ਅਬੋਹਰ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਾ: ਗਿਆਨ ਪ੍ਰਤਾਪ ਸਿੰਘ, ਡਾਇਰੈਕਟਰ, ਆਈ.ਸੀ.ਏ.ਆਰ ਨੈਸ਼ਨਲ ਬਿਊਰੋ ਆਫ਼ ਪਲਾਂਟ ਜੈਨੇਟਿਕ ਰਿਸੋਰਸਜ਼, ਨਵੀਂ ਦਿੱਲੀ ਦੀ ਪ੍ਰੇਰਨਾ ਨਾਲ ਸੰਸਥਾ ਦੁਆਰਾ ਖੇਤੀਬਾੜੀ ਵਿਗਿਆਨ ਕੇਂਦਰ ਫਾਜ਼ਿਲਕਾ ਭਵਨ ਆਈ.ਸੀ.ਏ.ਆਰ ਸੀਫੇਟ ਖੇਤਰ ਕੇਂਦਰ ਅਬੋਹਰ ਦੇ ਸਹਿਯੋਗ ਨਾਲ ਜ਼ਿਲ੍ਹਾ ਫਾਜਿਲਕਾ ਦੇ ਅਨੁਸੂਚਿਤ ਜਾਤੀ ਦੇ ਕਿਸਾਨਾਂ ਲਈ ਅਨੁਸੂਚਿਤ ਜਾਤੀ ਉਪ-ਯੋਜਨਾ ਦੇ ਤਹਿਤ ਪੌਦਿਆਂ ਦੇ ਜੈਨੇਟਿਕ ਸਰੋਤਾਂ ਸੰਬੰਧੀ ਇੱਕ ਰੋਜ਼ਾ ਜਾਗਰੂਕਤਾ ਪ੍ਰੋਗਰਾਮ ਖੇਤਰੀ ਕੇਂਦਰ ਸੀਫੇਟ ਅਬੋਹਰ ਦੇ ਕੈਂਪਸ ਵਿੱਚ ਆਯੋਜਿਤ ਕੀਤਾ ਗਿਆ।

ਇਸ ਪ੍ਰੋਗਰਾਮ ਵਿਖੇ ਐਨਬੀਪੀਜੀਆਰ ਨਵੀਂ ਦਿੱਲੀ ਦੀ ਟੀਮ, ਡਾ: ਸਿਲੀਆ, ਡਾ. ਪ੍ਰਦੀਪ ਅਤੇ ਡਾ. ਭਰਤ ਗਾਵੜੇ ਵੱਲੋਂ ਕਿਸਾਨਾਂ ਨੂੰ ਪੌਦਿਆਂ ਦੀ ਜੈਨੇਟਿਕ ਸੰਭਾਲ ਦਾ ਇਤਿਹਾਸ ਸੁਣਾਉਂਦੇ ਹੋਏ, ਉਨ੍ਹਾਂ ਨੂੰ ਅਜਿਹੀਆਂ ਸਥਾਨਕ ਕਿਸਮਾਂ ਦੀ ਪਛਾਣ ਕਰਨ ਦੀ ਅਪੀਲ ਕੀਤੀ ਜੋ ਵਾਤਾਵਰਣ ਵਿੱਚ ਵਧੀਆ ਅਤੇ ਗੁਣਵੱਤਾ ਪੈਦਾਵਾਰ ਦੇ ਰਿਹਾ ਹੋਵੇ ਅਤੇ ਉਹ ਇਸ ਖੇਤਰ ਵਿੱਚ ਫੈਲੀਆਂ ਬਿਮਾਰੀਆਂ ਅਤੇ ਕੀੜਿਆਂ ਪ੍ਰਤੀ ਰੋਧਕ ਸਮਰੱਥਾ ਹੋਣ, ਜੇਕਰ ਕਿਸਾਨਾਂ ਨੂੰ ਇਨ੍ਹਾਂ ਪਛਾਣੀਆਂ ਗਈਆਂ ਕਿਸਮਾਂ ਦੀ ਸਾਂਭ ਸੰਭਾਲ ਸਬੰਧੀ ਸਹਾਇਤਾ ਜਾਂ ਸਿਖਲਾਈ ਦੀ ਲੋੜ ਹੋਵੇਗੀ ਤਾਂ ਉਨ੍ਹਾਂ ਨੂੰ ਵੀ ਇਹ ਸਹੂਲਤ ਮੁਹੱਈਆ ਕਰਵਾਈ ਜਾਵੇਗੀ।

ਡਾ: ਅਨਿਲ ਸਾਂਗਵਾਨ, ਡਾਇਰੈਕਟਰ, ਖੇਤਰੀ ਖੋਜ ਕੇਂਦਰ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਅਬੋਹਰ ਨੇ ਬਾਗਬਾਨੀ ਫਸਲਾਂ ਦੀ ਮਨੁੱਖੀ ਸਿਹਤ ਅਤੇ ਸੰਤੁਲਿਤ ਖੁਰਾਕ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਅਤੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਵਿਕਸਤ ਪੋਸ਼ਨ ਵਾਟਿਕਾ ਮਾਡਲ ਅਪਨਾਉਂਦੇ ਹੋਏ ਹਰ ਘਰ ਵਿਖੇ ਇਕ ਪੋਸ਼ਨ ਵਾਟਿਕਾ ਸਥਾਪਿਤ ਕਰੇ ਤਾਂ ਜੋ ਸਾਰਾ ਸਾਲ ਫਲ ਅਤੇ ਸਬਜ਼ੀਆਂ ਉਪਲਬਧ ਹੋਣ।

ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਸ੍ਰੀ ਭੂਪਿੰਦਰ ਨੇ ਹਾਜ਼ਰ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗ਼ਰੀਬੀ ਦੀ ਰੇਖਾ ਤੋਂ ਉੱਪਰ ਉੱਠਣ ਦਾ ਇੱਕੋ ਇੱਕ ਰਸਤਾ ਹੈ ਗਿਆਨ ਪ੍ਰਾਪਤ ਕਰਨਾ ਹੈ ਉਨ੍ਹਾਂ ਕਿਹਾ ਕਿ ਇਥੇ ਵਿਗਿਆਨੀ ਦੁਆਰਾ ਦਿੱਤੇ ਗਿਆਨ ਰਾਹੀਂ ਤੁਸੀਂ ਆਪਣੇ ਜੀਵਨ ਪੱਧਰ ਨੂੰ ਉੱਚਾ ਚੁੱਕ ਸਕਦੇ ਹੋ। ਡਾ: ਪ੍ਰਕਾਸ਼ ਚੰਦ ਗੁਰਜਰ ਨੇ ਫ਼ਸਲਾਂ ਵਿੱਚ ਮਿੱਟੀ ਦੀ ਸਿਹਤ ਅਤੇ ਏਕੀਕ੍ਰਿਤ ਪੋਸ਼ਕ ਤੱਤਾਂ ਦੇ ਪ੍ਰਬੰਧਨ ਬਾਰੇ ਜਾਣਕਾਰੀ ਦਿੱਤੀ ।

ਖੇਤਰੀ ਕੇਂਦਰ ਅਬੋਹਰ ਦੇ ਇੰਚਾਰਜ ਡਾ: ਅਮਿਤ ਨਾਥ ਨੇ ਕਿਸਾਨਾਂ ਨੂੰ ਐਨ.ਬੀ.ਪੀ.ਜੀ.ਆਰ. ਨਵੀਂ ਦਿੱਲੀ ਤੋਂ ਆਏ ਵਿਗਿਆਨੀਆਂ ਦੇ ਸ਼ਬਦਾਂ ਦੀ ਮਹੱਤਤਾ ਨੂੰ ਸਮਝਦਿਆਂ ਉਨ੍ਹਾਂ ਨੂੰ ਅਪਣਾਉਣ ਲਈ ਕਿਹਾ।ਉਨ੍ਹਾਂ ਨੇ ਕਿਸਾਨਾਂ ਨੂੰ ਫੂਡ ਪ੍ਰੋਸੈਸਿੰਗ ਅਤੇ ਉਤਪਾਦਾਂ ਦੀ ਵੈਲਿਊ ਐਡੀਸ਼ਨ ਬਾਰੇ ਵੀ ਦੱਸਿਆ ਅਤੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਸੀਫੈਟ ਉਨ੍ਹਾਂ ਦੀ ਮਦਦ ਕਰਨ ਲਈ ਹਮੇਸ਼ਾ ਤਿਆਰ ਹੈ। ਅਗਾਂਹਵਧੂ ਕਿਸਾਨ ਸ਼੍ਰੀ ਕਰਨੈਲ ਸਿੰਘ ਨੇ ਮੱਛੀ ਪਾਲਣ ਬਾਰੇ ਜਾਣਕਾਰੀ ਦਿੱਤੀ ਅਤੇ ਸ਼੍ਰੀ ਕਾਲੂਰਾਮ ਨੇ ਮਧੂਮੱਖੀ ਪਾਲਣ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਕਿਸਾਨਾਂ ਨੂੰ ਖੇਤੀਬਾੜੀ ਨਾਲ ਸਬੰਧਤ ਵੱਖ-ਵੱਖ ਤਰ੍ਹਾਂ ਦੀਆਂ ਸਮੱਗਰੀਆਂ ਵੀ ਵੰਡੀਆਂ ਗਈਆਂ।

ਅੰਤ ਵਿੱਚ ਖੇਤੀਬਾੜੀ ਵਿਗਿਆਨ ਕੇਂਦਰ ਫਾਜ਼ਿਲਕਾ ਦੇ ਇੰਚਾਰਜ ਡਾ: ਅਰਵਿੰਦ ਕੁਮਾਰ ਅਹਲਾਵਤ ਨੇ ਸਮੂਹ ਮਹਿਮਾਨਾਂ, ਪ੍ਰਬੰਧਕੀ ਟੀਮ ਅਤੇ ਕਿਸਾਨਾਂ ਦਾ ਧੰਨਵਾਦ ਕੀਤਾ । ਇਸ ਪ੍ਰੋਗਰਾਮ ਦਾ ਸਟੇਜ ਸੰਚਾਲਨ ਸ਼੍ਰੀ ਪ੍ਰਿਥਵੀਰਾਜ ਨੇ ਕੀਤਾ।

# ਨਗਰ ਨਿਗਮ ਕਮਿਸ਼ਨਰ ਨੇ ਸ਼ਹਿਰ ਵਿੱਚ ਇਮਾਰਤਾਂ ਦੇ ਨਿਰਮਾਣ ਦੀ ਜਾਂਚ ਕੀਤੀ, ਦੋ ਇਮਾਰਤਾਂ ਸੀਲ

**ਹੁਸ਼ਿਆਰਪੁਰ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਨਿਗਮ ਹੁਸ਼ਿਆਰਪੁਰ ਦੀ ਕਮਿਸ਼ਨਰ ਡਾ. ਅਮਨਦੀਪ ਕੌਰ ਨੇ ਅੱਜ ਸ਼ਹਿਰ ਵਿੱਚ ਇਮਾਰਤਾਂ ਦੇ ਨਿਰਮਾਣ ਦੇ ਦੌਰਾਨ ਨਿਯਮਾਂ ਦੀ ਉਲੰਘਣਾ ਨੂੰ ਲੈ ਕੇ ਕੜੀ ਕਾਰਵਾਈ ਕੀਤੀ। ਇਸ ਦੌਰਾਨ ਕਮਿਸ਼ਨਰ ਦੀ ਅਗਵਾਈ ਵਿੱਚ ਨਿਗਮ ਦੀ ਟੀਮ ਨੇ ਕੁੱਲ 18 ਥਾਵਾਂ ਦੀ ਜਾਂਚ ਕੀਤੀ।

ਜਾਂਚ ਦੌਰਾਨ ਦੋ ਇਮਾਰਤਾਂ ਵਿੱਚ ਨਿਯਮਾਂ ਦੀ ਗੰਭੀਰ ਉਲੰਘਣਾ ਪਾਈ ਗਈ, ਜਿਸ ਕਰਕੇ ਇਹਨਾਂ ਇਮਾਰਤਾਂ ਨੂੰ ਤੁਰੰਤ ਸੀਲ ਕਰ ਦਿੱਤਾ ਗਿਆ। ਬਾਕੀ 16 ਇਮਾਰਤਾਂ ਦੇ ਸੰਬੰਧ ਵਿੱਚ ਸ਼ੁਰੂਆਤੀ ਜਾਂਚ ਦੇ ਆਧਾਰ ’ਤੇ ਨੋਟਿਸ ਜਾਰੀ ਕੀਤੇ ਗਏ ਹਨ।



ਡਾ. ਅਮਨਦੀਪ ਕੌਰ ਨੇ ਸੰਬੰਧਿਤ ਬਿਲਡਿੰਗ ਇੰਸਪੈਕਟਰਾਂ ਅਤੇ ਮਾਸਟਰ ਟਾਊਨ ਪਲਾਨਰ (ਐਮਟੀਪੀ) ਨੂੰ ਨਿਰਦੇਸ਼ ਦਿੱਤਾ ਹੈ ਕਿ ਉਹ ਇਹਨਾਂ ਇਮਾਰਤਾਂ ਦੀ ਵਿਸਥਾਰਿਤ ਰਿਪੋਰਟ ਕਲ ਤੱਕ ਪੇਸ਼ ਕਰਨ।

ਉਨ੍ਹਾਂ ਕਿਹਾ ਕਿ ਇਮਾਰਤਾਂ ਦੇ ਨਿਰਮਾਣ ਦੌਰਾਨ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣਾ ਨਗਰ ਨਿਗਮ ਦੀ ਪ੍ਰਾਥਮਿਕਤਾ ਹੈ, ਤਾਂ ਜੋ ਸ਼ਹਿਰ ਦਾ ਵਿਕਾਸ ਯੋਜਨਾਬੱਧ ਢੰਗ ਨਾਲ ਹੋ ਸਕੇ ਅਤੇ ਨਾਗਰਿਕਾਂ ਦੀ ਸੁਰੱਖਿਆ ਸੁਨਿਸ਼ਚਿਤ ਹੋਵੇ।

ਕਮਿਸ਼ਨਰ ਨੇ ਇਸ ਮੌਕੇ ’ਤੇ ਸਪਸ਼ਟ ਕੀਤਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਚੈਕਿੰਗ ਨਿਯਮਿਤ ਰੂਪ ਵਿੱਚ ਜਾਰੀ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਨਗਰ ਨਿਗਮ ਨਿਯਮਾਂ ਦੀ ਉਲੰਘਣਾ ਨੂੰ ਲੈ ਕੇ ਜ਼ੀਰੋ ਟੋਲਰੈਂਸ ਦੀ ਨੀਤੀ ਅਪਣਾਵੇਗਾ।

ਕਮਿਸ਼ਨਰ ਨਗਰ ਨਿਗਮ ਨੇ ਸ਼ਹਿਰਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਇਮਾਰਤਾਂ ਦੇ ਨਿਰਮਾਣ ਦੌਰਾਨ ਨਿਗਮ ਦੁਆਰਾ ਨਿਰਧਾਰਿਤ ਨਿਯਮਾਂ ਅਤੇ ਪ੍ਰਕਿਰਿਆਵਾਂ ਦੀ ਪਾਲਣਾ ਕਰਨ। ਜੇਕਰ ਕਿਸੇ ਵੀ ਤਰ੍ਹਾਂ ਦਾ ਨਿਯਮ ਉਲੰਘਨ ਪਾਇਆ ਗਿਆ ਤਾਂ ਸੰਬੰਧਤ ਵਿਅਕਤੀਆਂ ਖ਼ਿਲਾਫ਼ ਕੜੀ ਕਾਰਵਾਈ ਕੀਤੀ ਜਾਵੇਗੀ।

# ਸਰਕਾਰੀ ਆਦਰਸ਼ ਸੀਨੀਅਰ ਸੈਕਡਰੀ ਸਮਾਰਟ ਸਕੂਲ ਪਿੰਡ ਬਖਸ਼ੀਵਾਲ ਵਿਖੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਤੇ ਨਸ਼ੇ ਦੇ ਮਾੜੇ ਪ੍ਰਭਾਵਾ ਬਾਰੇ ਕੀਤਾ ਜਾਗਰੂਕ




**ਗੁਰਦਾਸਪੁਰ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਦੇ ਸਕੱਤਰ ਸੀ.ਜੇ.ਐਮ. ਸ਼੍ਰੀਮਤੀ ਰਮਨੀਤ ਕੌਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਟਰੈਫਿਕ ਐਜੂਕੇਸ਼ਨ ਸੈਲ ਗੁਰਦਾਸਪੁਰ ਵੱਲੋਂ ਸਰਕਾਰੀ ਆਦਰਸ਼ ਸੀਨੀਅਰ ਸੈਕਡਰੀ ਸਮਾਰਟ ਸਕੂਲ ਪਿੰਡ ਬਖਸ਼ੀਵਾਲ ਵਿਖੇ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਪੁਨੀਤਾ ਸ਼ਰਮਾ ਅਤੇ ਵਾਈਸ ਪ੍ਰਿੰਸੀਪਲ ਸੁਧੀਰ ਮਹਾਜਨ ਦੇ ਸਹਿਯੋਗ ਨਾਲ ਸੈਮੀਨਾਰ ਕਰਵਾਇਆ ਗਿਆ।

ਇਸ ਮੌਕੇ ਐਡਵੋਕੇਟ ਕੇਵਲ ਸਿੰਘ ਅਤੇ ਸ਼੍ਰੀਮਤੀ ਪਰਮਵੀਰ ਕੌਰ ਅਤੇ ਟਰੈਫਿਕ ਐਜੂਕੇਸ਼ਨ ਸੈਲ ਗੁਰਦਾਸਪੁਰ ਵੱਲੋਂ ਏਐਸਆਈ ਅਮਨਦੀਪ ਸਿੰਘ ਅਤੇ ਏਐਸਆਈ ਸੰਜੀਵ ਕੁਮਾਰ ਹਾਜ਼ਰ ਸਨ।

ਇਸ ਮੌਕੇ ਐਡਵੋਕੇਟ ਕੇਵਲ ਸਿੰਘ ਅਤੇ ਸ਼੍ਰੀਮਤੀ ਪਰਮਵੀਰ ਕੌਰ ਨੇ ਬੱਚਿਆਂ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮਿਲਣ ਵਾਲੀਆਂ ਵੱਖ ਵੱਖ ਕਾਨੂੰਨੀ ਸੇਵਾਵਾਂ ਦੇ ਬਾਰੇ ਜਾਣਕਾਰੀ ਦਿੰਦੇ ਹੋਏ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਨਸ਼ਾ ਕਿਸ ਤਰ੍ਹਾਂ ਸਾਡੇ ਜੀਵਨ ਨੂੰ ਬਰਬਾਦ ਕਰਦਾ ਹੈ। ਇਸ ਦੇ ਨਾਲ- ਨਾਲ ਔਰਤਾਂ ਦੀ ਰੱਖਿਆ ਦੇ ਸਬੰਧ ਵਿੱਚ ਕਾਨੂੰਨਾਂ ਬਾਰੇ ਵੀ ਦੱਸਿਆ ਗਿਆ।

ਇਸ ਤੋ ਬਾਅਦ ਏਐਸਆਈ ਸੰਜੀਵ ਕੁਮਾਰ ਅਤੇ ਏਐਸਆਈ ਅਮਨਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਰੋਡ ਸੇਫਟੀ ਬਾਰੇ ਜਾਣਕਾਰੀ ਦਿੰਦੇ ਹੋਏ ਡਰਾਈਵਿੰਗ ਲਾਈਸੈਂਸ ਹੈਲਮਟ ਸੀਟ ਬੈਲਟ ਅਤੇ ਇੰਸ਼ੋਰੈਂਸ ਦੀ ਅਹਿਮੀਅਤ ਬਾਰੇ ਜਾਣਕਾਰੀ ਦਿੱਤੀ ਇਸ ਦੇ ਨਾਲ ਨਾਲ ਬੱਚਿਆਂ ਨੂੰ ਰੋਡ ਸਾਈਨ ਅਤੇ ਰੋਡ ਮਾਰਕਿੰਗ ਦੇ ਬਾਰੇ ਦੱਸਦੇ ਹੋਏ ਧੁੰਦ ਦੇ ਮੌਸਮ ਵਿੱਚ ਵਾਹਣ ਚਲਾਉਣ ਦੇ ਸੁਰੱਖਿਤ ਨਿਯਮਾਂ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਇਸ ਦੇ ਨਾਲ ਨਾਲ ਹੈਲਪਲਾਈਨ ਪੁਲਿਸ ਕੰਟਰੋਲ ਰੂਮ 112,ਸਾਈਬਰ ਕ੍ਰਾਈਮ 1930 ਅਤੇ ਨੈਸ਼ਨਲ ਹਾਈਵੇ 1033 ਦੇ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਸੈਮੀਨਾਰ ਵਿੱਚ ਹਾਜ਼ਰ ਸਕੂਲ ਦੇ ਵਾਈਸ ਪ੍ਰਿੰਸੀਪਲ ਸ਼੍ਰੀ ਸੁਧੀਰ ਮਹਾਜਨ ਅਤੇ ਉਹਨਾਂ ਨਾਲ ਸਮੂਹ ਸਟਾਫ ਨੇ ਬੱਚਿਆਂ ਨੂੰ ਦਿੱਤੀ ਗਈ ਜਾਣਕਾਰੀ ਆਪਣੇ ਘਰ ਪਰਿਵਾਰ ਵਿੱਚ ਦੱਸਣ ਬਾਰੇ ਜਾਗਰੂਕ ਕੀਤਾ ਅਤੇ ਆਏ ਹੋਏ ਸਾਰੇ ਕਰਮਚਾਰੀਆਂ ਦਾ ਧੰਨਵਾਦ ਕੀਤਾ।

# ਸ਼ਹਿਰ ਦੇ ਅੰਦਰ ਥਾਂ ਥਾਂ ਲੱਗੇ ਕੂੜੇ ਦੇ ਢੇਰ ਭਿਆਨਕ ਬੀਮਾਰੀਆਂ ਨੂੰ ਦੇ ਰਹੇ ਹਨ ਸੱਦਾ

**ਗਿੱਦੜਬਾਹਾ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਇਕ ਪਾਸੇ ਤਾਂ ਸਹਿਤ ਵਿਭਾਗ ਵੱਲੋਂ ਸਮੇਂ ਸਮੇਂ ਤੇ ਭਿਆਨਕ ਬੀਮਾਰੀਆਂ ਤੋਂ ਲੋਕਾਂ ਨੂੰ ਬਚਾਉਣ ਲਈ ਕਈ ਤਰ੍ਹਾਂ ਦੇ ਉਪਰਾਲੇ ਕੀਤੇ ਜਾਂਦੇ ਹਨ ਪਰ ਜੇ ਗੱਲ ਕਰੀਏ ਸ਼ਹਿਰ ਦੇ ਅੰਦਰ ਦੋਲਾ ਗੇਟ,ਭੱਠੀ ਵਾਲਾ ਮੋੜ, ਸਰਕੂਲਰ ਰੋਡ, ਅਤੇ ਬੋਬੀ ਸਿੰਗਲਾ ਬੀਜੇਪੀ ਪਾਰਟੀ ਆਗੂ ਦੀ ਦੁਕਾਨ ਦੇ ਕੋਲ ਵੀ ਕੂੜੇ ਦੇ ਢੇਰ ਲੱਗੇ ਹੋਏ ਹਨ ਅਤੇ ਅਵਾਰਾ ਪਸ਼ੂਆਂ ਵੱਲੋਂ ਇਨ੍ਹਾਂ ਕੂੜੇ ਦੇ ਢੇਰਾਂ ਦੇ ਵਿੱਚ ਮੂੰਹ ਮਾਰਕੇ ਸੜਕ ਦੇ ਉੱਪਰ ਖਿਲਾਰਾ ਪਾਉਣ ਤੋਂ ਬਾਅਦ ਇਹੇ ਕੂੜੇ ਸੜਕ ਦੇ ਉੱਪਰ ਹੀ ਪਿਆ ਰਹਿੰਦਾ ਹੈ ਇਥੋਂ ਤੱਕ ਕਿ ਕਈ ਵਾਰ ਦੇਖਿਆ ਗਿਆ ਹੈ ਕਿ ਕਈ ਲੋਕ ਘਰਾਂ ਦੇ ਕੂੜਾ ਵੀ ਇਨ੍ਹਾਂ ਕੂੜੇ ਦੇ ਢੇਰਾਂ ਦੇ ਉੱਪਰ ਹੀ ਲਿਆ ਕੇ ਸੁੱਟ ਦਿੰਦੇ ਹਨ ਪਰ ਕੋਈ ਕੂੜਾਦਾਨ ਬਣਿਆ ਹੋਵੇ ਤਾਂ ਕਿ ਕੂੜਾ ਉਸ ਕੂੜੇਦਾਨ ਵਿਚ ਪਾਇਆ ਜਾਵੇ ਤਾਂ ਕਿ ਇਹੇ ਅਵਾਰਾ ਪਸ਼ੂਆਂ ਦੁਆਰਾ ਮੂੰਹ ਮਾਰਕੇ ਸੜਕ ਦੇ ਉੱਪਰ ਖਿਲਾਰਾ ਨਾ ਪਾਇਆ ਜਾ ਸਕੇ ਇਸ ਲਈ ਸ਼ਹਿਰ ਨਿਵਾਸੀਆਂ ਵੱਲੋਂ ਪ੍ਰਸ਼ਾਸਨ ਤੋਂ ਪੁਰਜ਼ੋਰ ਮੰਗ ਕੀਤੀ ਜਾ ਰਹੀ ਹੈ ਕਿ ਸ਼ਹਿਰ ਦੇ ਅੰਦਰ ਕਿਸੇ ਸਹੀ ਜਗ੍ਹਾ ਤੇ ਕੂੜੇ ਨੂੰ ਇਕੱਠਾ ਕਰਕੇ ਕਿਸੇ ਅਜਿਹੀ ਜਗ੍ਹਾ ਤੇ ਲਿਜਾਇਆ ਜਾ ਸਕੇ ਇਸ ਲਈ ਹਰ ਥਾ ਤੇ ਕੂੜਾਦਾਨ ਬਣਾ ਕੇ ਰੱਖੇ ਜਾਣ ਤਾ ਕੀ ਕੋਈ ਅਵਾਰਾ ਪਸ਼ੂ ਘੁੰਮਦੇ ਫਿਰਦੇ

# ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਨਵੇਂ ਚੁਣੇ ਸਰਪੰਚਾ ਅਤੇ ਪੰਚਾਂ ਦਾ 3 ਦਸੰਬਰ ਨੂੰ ਹੋਵੇਗਾ ਸਹੁੰ ਚੁੱਕ ਸਮਾਗਮ

**ਮਲੋਟ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਨਵੇਂ ਬਣੇ ਸਰਪੰਚਾ ਅਤੇ ਪੰਚਾਂ ਦਾ ਸਹੁੰ ਚੁੱਕ ਸਮਾਗਮ 3 ਦਸੰਬਰ ਨੂੰ ਸ੍ਰੀ ਮੁਕਤਸਰ ਸਾਹਿਬ ਵਿਖੇ ਹੋਵੇਗਾ, ਜਿਸ ਵਿੱਚ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਨਵੇਂ ਬਣੇ ਸਰਪੰਚਾ ਅਤੇ ਪੰਚਾਂ ਨੂੰ ਮਲੋਟ ਹਲਕੇ ਦੇ ਵਿਧਾਇਕ ਕੈਬਿਨੇਟ ਮੰਤਰੀ ਡਾ ਬਲਜੀਤ ਕੌਰ ਵੱਲੋਂ ਸਹੁੰ ਚੁਕਾਈ ਜਾਵੇਗੀ।

ਇਸ ਸਹੁੰ ਚੁੱਕ ਸਮਾਗਮ ਬਾਰੇ ਪੰਜਾਬ ਸਰਕਾਰ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਵਧੀਕ ਸਕੱਤਰ ਵੱਲੋਂ ਪੱਤਰ ਜਾਰੀ ਕਰ ਕੇ ਜਾਣਕਾਰੀ ਸਾਂਝੀ ਕੀਤੀ ਗਈ।

# ਵਿਕਾਸ ਅਤੇ ਪੰਚਾਇਤ ਮੰਤਰੀ ਨੇ ਜਿਲ੍ਹਾ ਲੋਕ ਸੰਪਰਕ ਅਤੇ ਸ਼ਿਸ਼ਾਇਤ ਹੱਲ ਕਮੇਟੀ ਹਿਸਾਰ ਦੀ ਮੀਟਿੰਗ ਵਿਚ 13 ਸ਼ਿਕਾਇਤਾਂ ਨੂੰ ਕੀਤਾ ਮੌਕੇ ’ਤੇ ਹੱਲ

**ਚੰਡੀਗੜ੍ਹ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਵਿਕਾਸ ਅਤੇ ਪੰਚਾਇਤ ਮੰਤਰੀ ਸ੍ਰੀ ਕ੍ਰਿਸ਼ਣ ਲਾਲ ਪੰਵਾਰ ਨੇ ਅੱਜ ਹਿਸਾਰ ਵਿਚ ਜਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਹੱਲ ਕਮੇਟੀ ਦੀ ਮਹੀਨਾ ਮੀਟਿੰਗ ਦੀ ਅਗਵਾਈ ਕਰਦੇ ਹੋਏ 19 ਵਿੱਚੋਂ 13 ਸ਼ਿਕਾਇਤਾਂ ਦਾ ਮੌਕੇ ’ਤੇ ਹੀ ਹੱਲ ਕੀਤਾ। ਬਾਕੀ ਸ਼ਿਕਾਇਤਾਂ ਨੂੰ ਅਗਾਮੀ ਮੀਟਿੰਗ ਲਈ ਪੈਂਡਿੰਗ ਰੱਖਦੇ ਹੋਏ ਉਨ੍ਹਾਂ ਨੇ ਹੱਲ ਲਈ ਸਬੰਧਿਤ ਅਧਿਕਾਰੀਆਂ ਨੂੰ ਜਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਇਸ ਦੌਰਾਨ ਡਿਪਟੀ ਕਮਿਸ਼ਨਰ ਅਨੀਸ਼ ਯਾਦਵ ਨੇ ਪ੍ਰਾਪਤ ਦਿਸ਼ਾ-ਨਿਰਦੇਸ਼ਾਂ ਦੀ ਪੂਰੀ ਪਾਲਣਾ ਦਾ ਭਰੋਸਾ ਦਿੰਦੇ ਹੋਏ ਕਿਹਾ ਕਿ ਬਾਕੀ ਸ਼ਿਕਾਇਤਾਂ ਦਾ ਹੱਲ ਵੀ ਸਮੇਂਸਿਰ ਕਰਵਾਇਆ ਜਾਵੇਗਾ।

ਇਸ ਮੀਟਿੰਗ ਵਿਚ ਸ਼ਿਕਾਇਤਕਰਤਾ ਹਿਸਾਰ ਜਿਲ੍ਹਾ ਦੇ ਪਿੰਡ ਸ਼ਿਕਾਰਪੁਰ ਨਿਵਾਸੀ ਰਕਣਸੰਘ ਦੀ ਸ਼ਿਕਾਇਤ ’ਤੇ ਉਨ੍ਹਾਂ ਦੇ ਪਿੰਡ ਵਿਚ ਡਿਪੂ ਹੋਲਡਰ ਵੱਲੋਂ ਰਾਸ਼ਨ ਵੰਡ ਵਿਚ ਅਨਿਯਮਤਤਾ ਨੂੰ ਲੈ ਕੇ ਵਿਕਾਸ ਅਤੇ ਪੰਚਾਇਤ ਮੰਤਰੀ ਸ੍ਰੀ ਕ੍ਰਿਸ਼ਣ ਲਾਲ ਪੰਵਾਰ ਨੇ ਐਡਸੀਐਮ ਦੀ ਅਗਵਾਈ ਹੇਠ ਕਮੇਟੀ ਗਠਨ ਕਰ ਮਾਮਲੇ ਦੀ ਜਾਂਚ ਕਰਨ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਨੇ ਅਰਬਨ ਏਸਟੇਟ-2 ਹਿਸਾਰ ਨਿਵਾਸੀ ਕੇ ਕੇ ਸੈਨੀ ਵੱਲੋਂ ਸਹਿਕਾਰੀ ਕਮੇਟੀਆਂ ਨਾਲ ਸਬੰਧਿਤ ਸ਼ਿਕਾਇਤ ’ਤੇ ਨਲਵਾ ਵਿਧਾਇਕ ਰਣਧੀਰ ਪਨਿਹਾਰ, ਵਧੀਕ ਡਿਪਟੀ ਕਮਿਸ਼ਨਰ ਅਤੇ ਐਲਡੀਐਮ ਦੀ ਅਗਵਾਈ ਹੇਠ ਜਾਂਚ ਕਰ ਅਤੇ ਰਿਪੋਰਟ ਅਗਲੀ ਮੀਟਿੰਗ ਵਿਚ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ। ਪਿੰਡ ਮਗਲਪੁਰਾ ਦੇ ਪਿੰਡਵਾਸੀਆਂ ਨੂੰ ਇਕ ਸ਼ਿਕਾਇਤ ਦਾ ਹੱਲ ਕਰਦੇ ਹੋਏ ਕੈਬੀਨੇਟ ਮੰਤਰੀ ਨੇ ਜਨ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਇਕ ਹਫਤੇ ਵਿਚ ਕਾਫੀ ਸਾਫ ਪੇਯਜਲ ਉਪਲਬਧ ਕਰਵਾਉਣ ਦੇ ਨਿਰਦੇਸ਼ ਦਿੱਤੇ। ਅਰਬਨ ਏਸਟੇਟ-2 ਹਿਸਾਰ ਨਿਵਾਸੀ ਗਿਆਨ ਚੰਦ ਗੋਇਲ ਦੀ ਅਵੈਧ ਕਲੌਨੀ ਦੀ ਸ਼ਿਕਾਇਤ ’ਤੇ ਐਸਡੀਐਮ, ਜਿਲ੍ਹਾ ਮਾਲ ਅਧਿਕਾਰੀ, ਜਿਲ੍ਹਾ ਨਗਰ ਯੋਜਨਾਕਾਰ ਅਤੇ ਸ਼ਿਕਾਇਤ ਹੱਲ ਕਮੇਟੀ ਦੇ ਮੈਂਬਰ ਨੂੰ ਸ਼ਾਮਿਲ ਕਰ ਮਮਾਮਲੇ ਦੀ ਜਾਂਚ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ।

ਸ੍ਰੀ ਕ੍ਰਿਸ਼ਣ ਲਾਲ ਪੰਵਾਰ ਨੇ ਮੁਲਤਾਨੀ ਚੌਂਕ ਨਿਵਾਸੀ ਮੁਕੇਸ਼ ਕੁਮਾਰ ਦੀ ਸ਼ਿਕਾਇਤ ’ਤੇ ਪਸ਼ੂ ਡੇਅਰੀ ਸੰਚਾਲਕਾਂ ’ਤੇ ਨਿਸਮ ਅਨੁਸਾਰ ਲਾਪ੍ਰਵਾਹੀ ਕਰਨ ਦੇ ਨਿਰਦੇਸ਼ ਦਿੱਤੇ। ਆਜਾਦ ਨਗਰ ਨਿਵਾਸੀ ਮਹੇਂਦਰ ਸਿੰਘ ਦੀ ਪਲਾਟ ਦੇ ਮਾਲਿਕ ਦਾ ਨਾਂਅ ਬਦਲਣ ਦੀ ਸ਼ਿਕਾਇਤ ’ਤੇ ਕਮੇਟੀ ਗਠਨ ਕਰ ਜਾਂਚ ਕਰਨ ਦੇ ਨਿਰਦੇਸ਼ ਦਿੱਤੇ। ਪਿੰਡ ਸੁਲਖਨੀ ਨਿਵਾਸੀ ਰੋਸ਼ਨ ਲਾਲ ਦੀ ਸ਼ਿਕਾਇਤ ’ਤੇ ਜਨ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਪਾਇਲ ਲਾਇਨ ਦਾ ਲੇਲਵ ਠੀਕ ਕਰਨ ਦੇ ਨਿਰਦੇਸ਼ ਦਿੱਤੇ। ਸ਼ਿਕਾਇਤ ਕਰਤਾ ਵੇਦ ਪ੍ਰਕਾਸ਼ ਦੀ ਮਿਡ-ਡੇ ਮੀਲ ਵਿਚ ਗੜਬੜੀ ਦੀ ਸ਼ਿਕਾਇਤ ’ਤੇ ਹਾਂਸੀ ਵਿਧਾਇਕ ਵਿਨੋਦ ਭਿਆਨਾ, ਡਿਪਟੀ ਸੀਈਓ ਜਿਲ੍ਹਾ ਪਰਿਸ਼ਦ ਦੀ ਕਮੇਟੀ ਗਠਨ ਕਰ ਮਾਮਲੇ ਦੀ ਰਿਪੋਰਟ ਅਗਲੀ ਮੀਟਿੰਗ ਵਿਚ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ।

ਸ੍ਰੀ ਪੰਵਾਰ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਉਹ ਆਉਣ ਵਾਲੀ ਮੀਟਿੰਗਾਂ ਵਿਚ ਆਪਣੀ ਮੌਜੂਦਗੀ ਯਕੀਨੀ ਕਰਨ ਅਤੇ ਜਨਤਾ ਨਾਲ ਜੁੜੇ ਮਾਮਲਿਆਂ ’ਤੇ ਸਪਸ਼ਟ ਯੋਜਨਾ ਅਤੇ ਹੱਲ ਪੇਸ਼ ਕਰਨ। ਉਨ੍ਹਾਂ ਨੇ ਕਿਹਾ ਕਿ ਅਧਿਕਾਰੀਆਂ ਦੀ ਸਰਗਰਮ ਭਾਗੀਦਾਰੀ ਨਾਲ ਹੀ ਪ੍ਰਸਾਸ਼ਨਿਕ ਕੰਮਾਂ ਵਿਚ ਤੇਜੀ ਆਵੇਗੀ ਅਤੇ ਨਾਗਰਿਕਾਂ ਦੀ ਸਮਸਿਆਵਾਂ ਦਾ ਹੱਲ ਤੇਜੀ ਨਾਲ ਹੋ ਸਕੇਗਾ। ਉਨ੍ਹਾਂ ਨੇ ਕਿਹਾ ਕਿ ਮੀਟਿੰਗ ਵਿਚ ਚੁੱਕੇ ਗਏ ਵਿਸ਼ਿਆਂ ’ਤੇ ਨਿਯਮਤ ਰੂਪ ਨਾਲ ਸਮੀਖਿਆ ਕੀਤੀ ਜਾਵੇ ਅਤੇ ਇਹ ਯਕੀਨੀ ਕੀਤਾ ਜਾਵੇ ਕਿ ਕਿਸੇ ਵੀ ਏਜੰਡਾ ਬਿੰਦੂ ਦੀ ਅਣਦੇਖੀ ਨਾ ਕੀਤੀ ਜਾਵੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਕਿਹਾ ਕਿ ਇਹ ਸਮਸਿਆਵਾਂ ਦੀ ਪ੍ਰਾਥਮਿਕਤਾ ਦਿੰਦੇ ਹੋਏ ਜਨਤਾ ਦੇ ਨਾਲ ਸੰਵਾਦ ਸਥਾਪਿਤ ਕਰਨ ਅਤੇ ਉਨ੍ਹਾਂ ਦੀ ਸਮਸਿਆਵਾਂ ਦਾ ਸਥਾਈ ਹੱਲ ਖੋਜਨ ਦਾ ਯਤਨ ਕਰਨ। ਮੀਟਿੰਗ ਵਿਚ ਵੱਖ-ਵੱਖ ਵਿਭਾਗਾਂ ਨਾਲ ਸਬੰਧਿਤ ਏਜੰਡਾ ਬਿੰਦੂਆਂ ’ਤੇ ਚਰਚਾ ਕੀਤੀ ਗਈ ਅਤੇ ਉਨ੍ਹਾਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਗਈ।

# ਸਰਕਾਰਾਂ ਵਲੋਂ ਕਣਕ ਨੂੰ ਹੀ ਰਾਸ਼ਨ ਦੱਸ ਕੇ ਕੀਤਾ ਜਾਂਦਾ ਗੈਰ ਸੰਵਿਧਾਨਕ ਕੰਮ

**ਗੜ੍ਹਸ਼ੰਕਰ, 3 ਦਸੰਬਰ**
**--ਅਸ਼ਵਨੀ ਸ਼ਰਮਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਇਕ ਪਾਸੇ ਦੇਸ਼ ਅੰਦਰ ਹੁਣੇ ਹੀ ਸੰਵਿਧਾਨ ਦਿਵਸ ਮਨਾਇਆ ਗਿਆ ਤੇ ਦੂਸਰੇ ਪਾਸੇ ਸੰਵਿਧਾਨ ਨੂੰ ਮੁੱਖ ਰੱਖ ਕੇ ਬਣਾਏ ਗਏ ਨੇਸ਼ਨਲ ਫੂਡ ਸਕਿਊਰਟੀ ਐਕਟ 2013 ਨੂੰ ਨਾ ਲਾਗੂ ਕਰਕੇ ਸੰਵਿਧਾਨ ਦੀ ਉਲੰਘਣਾ ਕਰਨ ਦੇ ਨਾਲ ਨਾਲ ਗਰੀਬ ਲੋਕਾਂ ਦੀਆਂ ਅੱਖਾਂ ਵਿਚ ਪਾਇਆ ਜਾ ਰਿਹਾ ਘੱਟਾ।ਇਸ ਸਬੰਧ ਵਿਚ ਪਿੰਡ ਛਾਉਣੀ ਕਲਾਂ ਵਿਖੇ ਲੇਬਰ ਪਾਰਟੀ ਵਲੋਂ ਨੇਸ਼ਨਲ ਫੂਡ ਸਕਿਊਰਟੀ ਐਕਟ 2013 ਸਬੰਧੀ ਖਪਕਾਰਾਂ ਦੇ ਅਧਿਕਾਰਾਂ ਨੂੰ ਲੈ ਕੇ ਇਕ ਮੀਟਿੰਗ ਮਹਿਲਾ ਆਗੂ ਕੁਲਵੰਤ ਕੌਰ ਵਿੰਦਰ ਅਤੇ ਜੈ ਗੋਪਾਲ ਧੀਮਾਨ ਦੀ ਅਗਵਾਈ ਵਿਚ ਕੀਤੀ ਤੇ ਡੀਪੂ ਹੋਲਡਰ ਵਲੋ 21 ਨਵੰਬਰ 2014 ਦੀਆਂ ਦਾਣੇ ਦੇਣ ਦੀਆਂ ਕਟੀਆਂ ਪਰਚੀਆਂ ਨੂੰ ਲੈ ਕੇ ਦਾਣੇ ਨਾ ਦੇਣ ਦੀ ਸਖਤ ? ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਸਰਕਾਰ ਕਹਿੰਦੀ ਕੁਝ ਹੈ ਤੇ ਕਰਦੀ ਕੁਝ ਹੈ।

ਧੀਮਾਨ ਨੇ ਦਸਿਆ ਕਿ ਸਰਕਾਰਾਂ ਦੀਆਂ ਵੋਟ ਬੈਂਕ ਬਨਾਉਣ ਦੀਆਂ ਨੀਤੀਆਂ ਕਾਰਨ ਗਰੀਬ ਮੱਧ ਵਰਗ ਦੇ ਲੋਕਾਂ ਦਾ ਸੋਸ਼ਨ ਕੀਤਾ ਜਾਂਦਾ ਹੈ।ਇਕ ਪਾਸੇ ਸਰਕਾਰ ਸਟੇਜਾਂ ਉਤੇ ਰਾਸ਼ਨ ਦੇਣ ਦਾ ਕਫਰ ਤੋਲ ਰਹੀ ਹੈ ਤੇ ਦੂਸਰੇ ਪਾਸੇ ਕਣਥ ਨੂੰ ਹੀ ਰਾਸ਼ਨ ਕਹਿ ਕਿ ਲੋਕਾਂ ਦੀਆਂ ਅੱਖਾਂ ਵਿਚ ਘੱਟਾ ਪਾਇਆ ਜਾ ਰਿਹਾ ਤੇ ਰਾਸ਼ਨ ਤਾਂ ਪੰਜਾਬ ਦੇ ਕਿਸੇ ਵੀ ਵਿਅਕਤੀ ਨੂੰ 2013 ਤੋਂ ਹੀ ਨਹੀਂ ਦਿਤਾ ਗਿਆ।ਹਲਾਤ ਤਾਂ ਇਹ ਹਨ ਕਿ 2013 ਐਕਟ ਅਨੁਸਾਰ ਸਸਤੇ ਅਨਾਜ ਦੀਆਂ ਫੇਅਰ ਸ਼ਾਪ ਖੋਲਣੀਆਂ ਸਨ ਤੇ ਪੂਰੇ ਪੰਜਾਬ ਵਿਚ ਇਕ ਵੀ ਫੇਅਰ ਸ਼ਾਪ ਵੇਖਣ ਨੂੰ ਨਹੀਂ ਮਿਲ ਰਹੀ।ਸਰਕਾਰਾਂ ਜਾਣ ਬੁਝ ਕੇ ਫੇਅਰ ਸ਼ਾਪ ਨਾ ਖੋਲ ਕੇ ਪੰਜਾਬ ਸਰਕਾਰ ਲੋਕਾਂ ਦਾ ਲੱਖਾਂ ਰੁਪਇਆ ਬਰਵਾਦ ਕਰ ਰਹੀ ਹੈ ਤੇ ਨਾਲ ਨਾਲ ਸਮਾਂ ਵੀ ਬਰਵਾਦ ਹੁੰਦਾ ਹੈ।

ਫਿਰ ਜਿਹੜੀ ਕਣਕ ਦਿਤੀ ਜਾਂਦੀ ਹੈ ਉਸ ਦੀ ਕੁਆਲਟੀ ਵੀ ਮਨੁੱਖ ਲਈ ਯੋਗ ਨਹੀਂ ਹੈ।ਇਹ ਕਿੰਨੀ ਸ਼ਰਮ ਦੀ ਗੱਲ ਹੈ ਕਿ ਪੰਜਾਬ ਜਾਣ ਬੁਝ ਕੇ ਪੋਰਟ ਨੂੰ ਵੀ ਬੰਦ ਕਰਕੇ ਰੱਖ ਲੈਂਦੀ ਹੈ।ਅਨੇਕਾਂ ਪਰਿਵਾਰਾਂ ਵਿਚ ਕਈ ਮੈਂਬਰਾਂ ਦੇ ਨਾਮ ਕਟੇ ਹੋਏ ਹਨ।ਇਹ ਕਿੰਨ ਵੱਡੀ ਬਿਡਮਬਨਾ ਹੈ ਕਿ ਰਾਸ਼ਨ ਕਾਰਡ ਵਿਚੋਂ ਨਾਮ ਤਾਂ ਕਟਿਆ ਜਾ ਸਕਦਾ ਹੈ ਪਰ ਨਵਾਂ ਨਾਮ ਐਡ ਨਹੀਂ ਹੁੰਦਾ।ਵਿਭਾਗ ਕੋਲ ਇਕੋ ਜਵਾਬ ਮਿਲ ਦਾ ਹੈ ਕਿ ਪੋਰਟਲ ਬੰਦ ਹੈ।ਸਵਾਲ ਇਹ ਪੈਦਾ ਹੁੰਦਾ ਹੈ ਕਿ ਫਿਰ ਆਨ ਲਾਇਨ ਦਾ ਡਰਾਮਾ ਕੀ ਹੈ।ਹੋਰ ਤੇ ਹੋਰ ਆਪੇ ਸਰਕਾਰ ਖਪਤਕਾਰ ਐਕਟ ਨੂੰ ਬਣਾਉਂਦੀ ਹੈ ਤੇ ਆਪੇ ਉਸ ਦੀ ਉਲੰਘਣਾ ਕਰਦੀ ਹੈ।ਜਿਸ ਬੋਰੀ ਵਿਚ ਲੋਕਾਂ ਨੂੰ ਦਾਣੇ ਦਿਤੇ ਜਾਂਦੇ ਹਨ ਤੇ ਉਹੀ ਬੋਰੀ ਵਾਪਿਸ ਲੈ ਲਈ ਜਾਂਦੀ ਹੈ।ਇਹ ਘੋਰ ਗਰੀਬੀ ਅਤੇ ਭ੍ਰਿਸ਼ਟਾਚਾਰ ਦੀ ਨਿਸ਼ਾਨੀ ਵੀ ਹੈ।ਇਕ ਪਾਸੇ ਫੂਡ ਸੇਫਟੀ ਐਂਡ ਸਟੈਂਡਰਡ ਅਥਾਰਟੀ ਆਫ ਇੰਡੀਆ ਦੀ ਹਰੇਕ ਵਿਕਰੀ ਹੋਣ ਵਾਲੇ ਪਦਾਰਥ ਉਤੇ ਸਰਕਾਰੀ ਮੋਹਰ ਲੱਗੀ ਹੁੰਦੀ ਹੈ ਕਿ ਆਪੇ ਹੀ ਸਰਕਾਰ ਬਿਨ੍ਹਾਂ ਮੋਹਰ ਤੋਂ ਕਣਕ ਦੇ ਕੇ ਪਲਾ ਝਾੜ ਰਹੀ ਹੈ।ਗੱਲਾਂ ਕੀਤੀਆਂ ਜਾਂਦੀਆਂ ਹਨ ਵਿਸਵ ਸ਼ਕਤੀ ਬਨਣ ਦੀਆਂ।ਜਦੋਂ ਫੂਡ ਸਕਿਊਰਟੀ ਐਕਟ ਵਿਚ ਅਜਿਹੀਆਂ ਚੋਰ ਮੋਰੀਆਂ ਕਿਤੇ ਵੀ ਵੇਖਣ ਨੂੰ ਨਹੀਂ ਮਿਲਦੀਆਂ।ਧੀਮਾਨ ਨੇ ਕਿਹਾ ਕਿ ਨਾ ਐਕਟ ਮਾੜਾ ਹੈ ਤੇ ਨਾ ਹੀ ਸੰਵਿਧਾਨ ਮਾੜਾ ਹੈ, ਮਾੜਾ ਸਰਕਾਰਾਂ ਦਾ ਢਾਂਚਾ ਹੈ,ਜੋ ਪੂਰੀ ਤਰ੍ਹਾਂ ਭ੍ਰਿਸ਼ਟਾਚਾਰ ਨਾਲ ਭਰਿਆ ਪਿਆ ਹੈ।ਧੀਮਾਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਪਣੇ ਸੰਵਿਧਾਨਕ ਅਧਿਕਾਰਾਂ ਪ੍ਰਤੀ ਜਾਗਰੂਕ ਹੋਣ।ਉਨ੍ਹਾਂ ਸਰਕਾਰਾਂ ਤੋਂ ਮੰਗ ਕੀਤੀ ਕਿ ਨੇਸ਼ਨਲ ਫੂਡ ਸਕਿਊਰਟੀ ਐਕਟ 2013 ਨੂੰ ਇਨ ਭਿੰਨ ਲਾਗੂ ਕਰਨ ਨਾ ਕਿ ਨਾ ਕਿ ਐਕਟ ਨੂੰ ਅਪਣੇ ਸਵਾਰਥ ਦੀ ਖਾਤਿਰ ਤੋੜ ਮਰੋੜ ਕੇ ਰਾਸ਼ਨ ਕਾਰਡਾਂ ਦੇ ਹੁਕਮ ਜੇਬਾਂ ਵਿਚ ਪਾ ਕੇ ਰਖਣ।ਇਸ ਮੌਕੇ ਬਲਵੀਰ ਕੌਰ,ਰਾਜਿੰਦਰ ਕੌਰ,ਰਵਿੰਦਰ ਕੌਰ,ਸਤਿਆ ਦੇਵੀ,ਅਮਰਜੀਤ ਕੌਰ, ਭਜਨ ਕੌਰ, ਸੰਤ’ਸ਼, ਸੁਰਿੰਦਰ ਕੌਰ, ਨਿਰਮਲ ਕੌਰ,ਬਿਮਲਾ ਦੇਵੀ, ਗੁਰਵਿੰਦਰ ਕੌਰ, ਗੀਤਾ ਦੇਵੀ,ਬਲਜਿੰਦਰ ਕੌਰ ਅਤੇ ਸੰਦੀਪ ਕੌਰ ਆਦਿ ਹਾਜਰ ਸਨ।

# 68ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਕਬੱਡੀ ਨੈਸ਼ਨਲ ਸਟਾਈਲ ਅੰਡਰ 19 ਸਾਲ (ਲੜਕੇ) ਹੋਈਆਂ ਆਰੰਭ



**ਰੂਪ ਨਗਰ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸਿੱਖਿਆ ਅਫ਼ਸਰ ਰੂਪਨਗਰ (ਸੈਕੰਡਰੀ ਸਿੱਖਿਆ) ਸ਼੍ਰੀ ਸੰਜੀਵ ਗੌਤਮ ਦੇ ਦਿਸ਼ਾ ਨਿਰਦੇਸ਼ ਹੇਠ ਕਬੱਡੀ ਨੈਸ਼ਨਲ ਸਟਾਈਲ ਅੰਡਰ 19 ਸਾਲ ਲੜਕਿਆਂ ਦੇ ਮੁਕਾਬਲੇ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਰੂਪਨਗਰ ਵਿਖੇ ਸ਼ੁਰੂ ਹੋਏ। ਇਨ੍ਹਾਂ ਖੇਡਾਂ ਸਬੰਧੀ ਜਾਣਕਾਰੀ ਦਿੰਦੇ ਹੋਏ ਖੇਡ ਕੋਆਰਡੀਨੇਟਰ ਰੂਪਨਗਰ ਸ਼੍ਰੀਮਤੀ ਸ਼ਰਨਜੀਤ ਕੌਰ ਨੇ ਦੱਸਿਆ ਕਿ ਪਹਿਲੇ ਦਿਨ ਲਗਭਗ ਲੜਕਿਆਂ ਦੀਆਂ 22 ਜ਼ਿਲ੍ਹਿਆਂ ਦੀਆਂ ਟੀਮਾਂ ਨੇ ਭਾਗ ਲਿਆ। ਜਿਸ ਦਾ ਉਦਘਾਟਨ ਜ਼ਿਲ੍ਹਾ ਸਿੱਖਿਆ ਅਫ਼ਸਰ ਸ਼੍ਰੀ ਸੰਜੀਵ ਗੌਤਮ ਅਤੇ ਪ੍ਰਿੰਸੀਪਲ ਕੁਲਵਿੰਦਰ ਸਿੰਘ ਖਾਲਸਾ ਨੇ ਕੀਤਾ।

ਇਸ ਮੌਕੇ ਡਿਪਟੀ ਜ਼ਿਲ੍ਹਾ ਸਿੱਖਿਆ ਅਫ਼ਸਰ ਸੁਰਿੰਦਰਪਾਲ ਸਿੰਘ, ਜਨਰਲ ਸਕੱਤਰ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਪ੍ਰਿੰਸੀਪਲ ਜਗਤਾਰ ਸਿੰਘ, ਪ੍ਰਿੰਸੀਪਲ ਕੁਲਵਿੰਦਰ ਸਿੰਘ, ਪ੍ਰਿੰਸੀਪਲ ਸ਼ਰਨਜੀਤ ਸਿੰਘ, ਪ੍ਰਿੰਸੀਪਲ ਮੇਜਰ ਸਿੰਘ, ਮੁੱਖ ਅਧਿਆਪਕ ਰਮੇਸ਼ ਸਿੰਘ, ਲੈਕ. ਦਵਿੰਦਰ ਸਿੰਘ, ਹਰਮਨ ਸਿੰਘ ਸੰਧੂ ਖੇਡ ਕੰਡਕਟ ਇੰਚਾਰਜ, ਖੇਡ ਆਬਜ਼ਰਵਰ ਕੁਲਦੀਪ ਸਿੰਘ, ਹਰਪ੍ਰੀਤ ਸਿੰਘ ਲੌਂਗੀਆ, ਸੁਖਵਿੰਦਰਪਾਲ ਸਿੰਘ ਸੁੱਖੀ, ਗੁਰਜੀਤ ਸਿੰਘ, ਅਵਤਾਰ ਸਿੰਘ, ਗੁਰਿੰਦਰ ਸਿੰਘ, ਪਰਮਜੀਤ ਸਿੰਘ, ਸਰਬਜੀਤ ਸਿੰਘ, ਰਣਬੀਰ ਕੌਰ, ਨਰਿੰਦਰ ਸੈਣੀ, ਰਾਜਿੰਦਰ ਕੌਰ, ਗੁਰਦੀਪ ਸਿੰਘ , ਨਰਿੰਦਰ ਸਿੰਘ, ਸੰਦੀਪ ਭੱਟ, ਅਮਰਜੀਤ ਪਾਲ ਸਿੰਘ, ਬਖਸ਼ੀ ਰਾਮ, ਗੁਰਪ੍ਰਤਾਪ ਸਿੰਘ, ਗੁਰਵਿੰਦਰ ਸਿੰਘ, ਸੁਰਮੁੱਖ ਸਿੰਘ, ਅਸ਼ਵਨੀ ਕੁਮਾਰ, ਪੁਨੀਤ ਲਾਲੀ ਅਤੇ ਮਨਿੰਦਰ ਸਿੰਘ ਹਾਜ਼ਰ ਸਨ।

# ਕਰਜ਼ੇ ਤੋਂ ਪ੍ਰੇਸ਼ਾਨ ਕਿਸਾਨ ਨੇ ਫਾਹਾ ਲੈ ਕੇ ਕੀਤੀ ਖੁਦਕੁਸ਼ੀ

**ਸੁਨਾਮ, 29 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨੇੜਲੇ ਪਿੰਡ ਸ਼ਾਹਪੁਰ ਕਲਾ ਦੇ ਵਸਨੀਕ ਸੌਣ ਖਾ ਪੁੱਤਰ ਕਪੂਰ ਖਾਂ ਨੇ ਕਰਜ਼ੇ ਦੇ ਮਾਰ ਹੇਠ ਖੁਦਕੁਸ਼ੀ ਕਰ ਲਏ ਜਾਣ ਦੀ ਦੁਖਦਾਇਕ ਖਬਰ ਮਿਲੀ ਹੈ।



ਇਸ ਸਬੰਧੀ ਜਾਣਕਾਰੀ ਦਿੰਦਿਆ ਲੱਖੀ ਸਰਪੰਚ,ਪੰਚਾਇਤ ਮੈਂਬਰ ਸੰਦੀਪ ਸਿੰਘ ਤੇ ਬੀਰਬਲ ਸਿੰਘ ਨੇ ਦੱਸਿਆ ਹੈ ਕਿ ਕੁਝ ਸਾਲਾਂ ਤੋਂ ਸੌਣ ਖਾਂ ਦੀ ਪਤਨੀ ਜੋ ਕੈਂਸਰ ਤੋਂ ਪੀੜ੍ਹਤ ਸੀ ਦੀ ਪਿਛਲੇ ਮਹੀਨੇ ਮੌਤ ਹੋ ਗਈ ਤੇ ਪਰਿਵਾਰ ਵਿੱਚ ਦੋ ਬੱਚੇ ਇੱਕ ਮੁੰਡਾ ਤੇ ਕੁੜੀ ਹਨ ਜਦਕਿ ਕੁੜੀ ਨਬਾਲਗ ਹੈ। ਉਹਨਾਂ ਦੱਸਿਆ ਕਿ ਸੌਣ ਖਾ ਇੱਕ ਸਧਾਰਨ ਕਿਸਾਨ ਪਰਿਵਾਰ ਨਾਲ ਸਬੰਧਤ ਹੋਣ ਕਾਰਨ ਕਰਜ਼ੇ ਕਾਰਨ ਬੇਹੱਦ ਪਰੇਸ਼ਾਨ ਰਹਿਣ ਲੱਗ ਗਿਆ ਸੀ ਜਿਸ ਨੇ ਫਾਹਾ ਲੈ ਕੇ ਆਪਣੀ ਜੀਵਨ ਲੀਲ੍ਹਾ ਖਤਮ ਕਰ ਲਈ ਹੈ। ਉਨ੍ਹਾਂ ਦੱਸਿਆ ਕਿ ਸਮੁੱਚੇ ਪਿੰਡ ਤੇ ਪੰਚਾਇਤ ਨੇ ਸਰਕਾਰ ਤੋਂ ਪੀੜਤ ਪਰਿਵਾਰ ਦੀ ਆਰਥਿਕ ਮੱਦਦ ਕਰਨ ਦੀ ਮੰਗ ਕੀਤੀ ਹੈ।

# ਪੰਜਾਬੀ ’ਵਰਸਿਟੀ ’ਚ ਕਿਸਾਨ ਬੀਬੀਆਂ ਖ਼ਿਲਾਫ਼ ਹਿੰਸਾ ਬਾਰੇ ਚਰਚਾ

**ਪਟਿਆਲਾ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬੀ ਯੂਨੀਵਰਸਿਟੀ ਦੇ ਨਾਰੀ ਅਧਿਐਨ ਕੇਂਦਰ ਅਤੇ ਅਰਥ ਸ਼ਾਸਤਰ ਵਿਭਾਗ ਵੱਲੋਂ ਖੇਤੀ ਖੇਤਰ ’ਚ ਪੇਂਡੂ ਔਰਤਾਂ ਖਿਲਾਫ਼ ਹੁੰਦੀ ਹਿੰਸਾ ਬਾਰੇ ਦੋ ਰੋਜ਼ਾ ਪ੍ਰੋਗਰਾਮ ਅੱਜ ਸ਼ੁਰੂ ਹੋ ਗਿਆ। ਸੁਸਾਇਟੀ ਫ਼ਾਰ ਪ੍ਰੋਮੋਟਿੰਗ ਪਾਰਟੀਸਿਪੇਟਿਵ ਈਕੋ ਸਿਸਟਮ ਮੈਨੇਜਮੈਂਟ (ਸੋਪੈਕੋਮ) ਅਤੇ ਮਹਿਲਾ ਕਿਸਾਨ ਅਧਿਕਾਰ ਮੰਚ (ਮਕਾਮ) ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਪ੍ਰੋਗਰਾਮ ਦੇ ਉਦਘਾਟਨੀ ਸਮਾਰੋਹ ਵਿੱਚ ਖੇਤੀਬਾੜੀ ਖੇਤਰ ਨਾਲ ਸਬੰਧਤ ਸ਼ਖ਼ਸੀਅਤਾਂ ਨੇ ਆਪਣੇ ਤਜਰਬੇ ਸਾਂਝੇ ਕੀਤੇ। ਅਰਥ ਸ਼ਾਸਤਰ ਵਿਭਾਗ ਦੇ ਮੁਖੀ ਪ੍ਰੋ. ਅਨੁਪਮਾ ਨੇ ਦੱਸਿਆ ਕਿ ਇਸ ਪ੍ਰੋਗਰਾਮ ’ਚ ਖੇਤੀਬਾੜੀ ਖੇਤਰ ਦੀਆਂ ਔਰਤਾਂ ਬਾਰੇ ਨਿੱਠ ਕੇ ਕੰਮ ਕਰਨ ਵਾਲੀਆਂ ਸ਼ਖ਼ਸੀਅਤਾਂ ਵੱਲੋਂ ਸ਼ਮੂਲੀਅਤ ਕੀਤੀ ਜਾ ਰਹੀ ਹੈ। ਨਾਰੀ ਅਧਿਐਨ ਕੇਂਦਰ ਦੇ ਡਾਇਰੈਕਟਰ ਹਰਪ੍ਰੀਤ ਕੌਰ ਨੇ ਦੱਸਿਆ ਕਿ ਪੰਜਾਬ ਤੋਂ ਇਲਾਵਾ ਮਹਾਰਾਸ਼ਟਰ ਅਤੇ ਤੇਲੰਗਾਨਾ ਤੋਂ ਵੀ ਡੈਲੀਗੇਟ ਸ਼ਿਰਕਤ ਕਰਨਗੇ। ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੀ ਆਗੂ ਸੁਖਵਿੰਦਰ ਕੌਰ ਨੇ ਕਿਹਾ ਕਿ ਕਿਸਾਨ ਮੋਰਚੇ ਸਮੇਂ ਔਰਤਾਂ ਨੇ ਦਿੱਲੀ ਦੀਆਂ ਬਰੂਹਾਂ ’ਤੇ ਹੀ ਬੈਰੀਕੇਡ ਨਹੀਂ ਤੋੜੇ, ਬਲਕਿ ਇਸ ਰਾਹ ’ਤੇ ਤੁਰਨ ਲੱਗਿਆਂ ਪਹਿਲਾਂ ਉਨ੍ਹਾਂ ਨੂੰ ਆਪਣੇ ਘਰਾਂ ਜਾਂ ਸਮਾਜ ਦੇ ਲਗਾਏ ਬੈਰੀਕੇਡ ਤੋੜਨੇ ਪਏ ਹਨ।



ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੀ ਕਿਸਾਨ ਬੀਬੀ ਹਰਜੀਤ ਕੌਰ ਨੇ ਦੱਸਿਆ ਕਿ ਉਸ ਦੇ ਪਿਤਾ ਨੇ ਹੀ ਉਸ ਨੂੰ ਖੇਤੀ ਨਾਲ ਜੋੜ ਦਿੱਤਾ ਸੀ ਪਰ ਵਿਆਹ ਉਪਰੰਤ ਆਪਣੇ ਪਤੀ ਦੀਆਂ ਕੁਝ ਸਮੱਸਿਆਵਾਂ ਹੋਣ ਕਾਰਨ ਉਸ ਨੇ ਖੁਦ ਖੇਤੀ ਦਾ ਮੋਰਚਾ ਸੰਭਾਲਿਆ ਅਤੇ 35 ਕਿੱਲੇ ਦੀ ਖੇਤੀ ਕਰਦੀ ਰਹੀ।

ਕਿਸਾਨੀ ਸੰਘਰਸ਼ ਦੌਰਾਨ ਫਿਲਮ ਅਦਾਕਾਰਾ ਕੰਗਨਾ ਰਣੌਤ ਵੱਲੋਂ ਇਤਰਾਜ਼ਯੋਗ ਟਿੱਪਣੀ ਕੀਤੇ ਜਾਣ ਤੋਂ ਬਾਅਦ ਚਰਚਾ ਵਿੱਚ ਆਈ ਬਜ਼ੁਰਗ ਕਿਸਾਨ ਬੀਬੀ ਮਹਿੰਦਰ ਕੌਰ ਨੇ ਕਿਹਾ ਕਿ ਗੁਰੂਆਂ ਪੀਰਾਂ ਨੇ ਉਨ੍ਹਾਂ ਇਹ ਧਰਤੀ ਬਖਸ਼ੀ ਹੈ। ਕਿਸਾਨ ਬੀਬੀ ਦਲਜੀਤ ਕੌਰ ਨੇ ਕਿਸਾਨੀ ਕਰਜ਼ੇ ਦੇ ਹਵਾਲੇ ਨਾਲ ਆਪਣੀ ਗੱਲ ਰੱਖੀ।

# ਹਰਿਆਣਾ ਦੀ ਸ਼ਾਕੁੰਭਰੀ ਰਾਇਸ ਮਿੱਲ ’ਤੇ ਤਿੰਨ ਕਰੋੜ ਦੀ ਸਰਕਾਰੀ ਝੋਨਾ ਗਾਇਬ ਕਰਨ ਦਾ ਦੋਸ਼

## ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਨੇ ਮੌਖਿਕ ਸੂਚਨਾ ’ਤੇ ਤੁਰੰਤ ਲਿਆ ਐਕਸ਼ਨ, ਮਿੱਲ ਮਾਲਿਕ ਦੇ ਖਿਲਾਫ ਕੇਸ ਦਰਜ

**ਚੰਡੀਗੜ੍ਹ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਵੱਲੋਂ ਭੰਡਾਰਿਤ ਸਰਕਾਰੀ ਝੋਨੇ ਨੂੰ ਗਾਇਬ ਕਰਨ ਦੇ ਦੋਸ਼ ਵਿਚ ਯਮੁਨਾਨਗਰ ਦੀ ਸ਼ਾਕੁੰਭਰੀ ਰਾਇਸ ਮਿੱਲ ਮਾਲਿਕ ਅਤੇ ਗਾਰੰਟਰਾਂ ਦੇ ਵਿਰੁੱਧ ਭਾਰੀ ਦੰਡ ਸੰਹਿਤਾ ਧਾਰਾਵਾਂ ਦੇ ਤਹਿਤ ਯਮੁਨਾਨਗਰ ਦੇ ਥਾਨਾ ਪ੍ਰਤਾਪਨਗਰ ਵਿਚ ਐਫਆਈਆਰ ਦਰਜ ਕਰਵਾਈ ਗਈ ਹੈ। ਇਕ ਸਰਕਾਰੀ ਬੁਲਾਰੇ ਨੇ ਦਸਿਆ ਕਿ ਵਿਭਾਗ ਨੂੰ ਯਮੁਨਾਨਗਰ ਦੀ ਇਸ ਮਿੱਲ ਤੋਂ ਭੰਡਾਰਿਤ ਸਰਕਾਰੀ ਝੋਨਾ ਦੇ ਭਾਰੀ ਗਿਣਤੀ ਵਿਚ ਘੱਟ ਹੋਣ ਦੀ ਮੌਖਿਕ ਸੂਚਨਾ ਪ੍ਰਾਪਤ ਹੋਈ ਸੀ। ਇਸ ਸੂਚਨਾ ’ਤੇ ਵਿਭਾਗ ਵੱਲੋਂ ਤੁਰੰਤ ਐਕਸ਼ਨ ਲਿਆ ਗਿਆ ਅਤੇ ਜਾਂਚ ਕਰਨ ’ਤੇ ਅਧਿਕਾਰੀਆਂ ਨੇ ਪਾਇਆ ਕਿ ਸ਼ਾਕੁੰਭਰੀ ਮਿੱਲ ਤੋਂ 38 ਹਜਾਰ ਤੋਂ ਵੱਧ ਭੰਡਾਰਿਤ ਸਰਕਾਰੀ ਝੋਨੇ ਦੇ ਕੱਟੇ ਘੱਟ ਹਨ। ਇਸ ਬਾਰੇ ਵਿਚ ਵਧੇਰੇ ਜਾਣਕਾਰੀ ਦਿੰਦੇ ਹੋਏ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਰਾਜ ਮੰਤਰੀ (ਸੁਤੰਤਰ ਕਾਰਜਭਾਰ) ਸ੍ਰੀ ਰਾਜੇਸ਼ ਨਾਗਰ ਨੇ ਦਸਿਆ ਕਿ ਯਮੁਨਾਨਗਰ ਦੀ ਸ਼ਾਕੁੰਭਰੀ ਰਾਇਸ ਮਿੱਲ ਨੂੰ ਮਿਲਿੰਗ ਕੰਮ ਤਹਿਤ ਖਰੀਫ ਸਾਲ 2024-25 ਤਹਿਤ 67 ਹਜਾਰ 759 ਸਰਕਾਰੀ ਝੋਨੇ ਦੇ ਬੈਕ ਅਲਾਟ ਕੀਤੇ ਗਏ ਸਨ। ਝੋਨੇ ਦੇ ਬੈਕ ਘੱਟ ਹੋਣ ਦੀ ਸੂਚਨਾ ’ਤੇ ਤੁਰੰਤ ਐਕਸ਼ਨ ਲੈਂਦੇ ਹੋਏ ਵਿਭਾਗ ਦੇ ਅਧਿਕਾਰੀਆਂ ਨੇ ਮਿੱਲ ਦੀ ਭੌਤਿਕ ਜਾਂਚ ਕੀਤੀ। ਇਸ ਜਾਂਚ ਵਿਚ 38 ਹਜਾਰ ਤੋਂ ਵੱਧ ਸਰਕਾਰੀ ਝੋਨੇ ਦੇ ਕੱਟੇ ਘੱਟ ਪਾਏ ਗਏ ਜਿਸ ਤੋਂ ਸਰਕਾਰ ਨੂੰ 3 ਕਰੋੜ 28 ਹਜਾਰ ਦਾ ਭਾਰੀ ਨੁਕਸਾਨ ਹੋਇਆ ਹੈ। ਉਨ੍ਹਾਂ ਨੇ ਦਸਿਆ ਕਿ ਇਸ ਮਿੱਲ ਦੇ ਬਾਕੀ ਸਰਕਾਰੀ ਭੰਡਾਰਿਤ ਝੋਨੇ ਨੂੰ ਆਕਸ਼ਨ ਰਾਹੀਂ ਵੇਚਿਆ ਜਾਵੇਗਾ।

# ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਮੌਜੂਦਾ ਸਾਲ ਵੱਡੇ ਪੱਧਰ ਉੱਤੇ ਕਮੀ ਆਈ: ਡਾ. ਸੋਨਾ ਥਿੰਦ

**ਫਤਹਿਗੜ੍ਹ ਸਾਹਿਬ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਰਾਲੀ ਪ੍ਰਬੰਧਨ ਤਹਿਤ ਕੀਤੇ ਉਪਰਾਲਿਆਂ ਸਦਕਾ ਜ਼ਿਲ੍ਹੇ ਵਿੱਚ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਇਸ ਸਾਲ ਵੱਡੇ ਪੱਧਰ ਉੱਤੇ ਕਮੀ ਆਈ ਹੈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਰਾਲੀ ਦੀ ਸੰਭਾਲ ਲਈ ਵੱਡੇ ਪੱਧਰ ਉੱਤੇ ਖੇਤੀ ਮਸ਼ੀਨਰੀ ਕਿਸਾਨਾਂ ਨੂੰ ਸਬਸਿਡੀ ਉੱਤੇ ਮੁਹੱਈਆ ਕਰਵਾਈ ਗਈ ਅਤੇ ਇਸ ਦੇ ਨਾਲ-ਨਾਲ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਵੀ ਵੱਡੇ ਪੱਧਰ ਉੱਤੇ ਉਪਰਾਲੇ ਕੀਤੇ ਗਏ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸਾਲ ਝੋਨੇ ਦੇ ਸੀਜ਼ਨ ਦੌਰਾਨ ਪੰਜਾਬ ਰਿਮੋਟ ਸੈਂਸਿੰਗ ਸੈਂਟਰ (ਪੀ.ਆਰ.ਐੱਸ.ਸੀ.) ਦੁਆਰਾ 231 ਸਾਈਟਾਂ ਦਾਇਰ ਕੀਤੀਆਂ ਗਈਆਂ ਸਨ, ਜਿਨ੍ਹਾਂ ਵਿੱਚੋਂ ਮੌਕੇ ’ਤੇ ਤਫਤੀਸ਼ ਦੌਰਾਨ 119 ਸਾਈਟਾਂ ’ਤੇ ਅੱਗ ਪਾਈ ਗਈ ਅਤੇ 3,75,000 ਰੁਪਏ ਦੇ ਚਲਾਨ ਕੱਟੇ ਗਏ। ਜਦਕਿ ਪਿਛਲੇ ਸਾਲ ਝੋਨੇ ਦੇ ਸੀਜ਼ਨ ਦੌਰਾਨ ਪੀ.ਆਰ.ਐੱਸ.ਸੀ. ਦੁਆਰਾ 888 ਸਾਈਟਾਂ ਦਾਇਰ ਕੀਤੀਆਂ ਗਈਆਂ ਸਨ, ਜਿਨ੍ਹਾਂ ਵਿੱਚੋਂ ਮੌਕੇ ’ਤੇ ਤਫਤੀਸ਼ ਦੌਰਾਨ 210 ਸਾਈਟਾਂ ’ਤੇ ਅੱਗ ਪਾਈ ਗਈ ਸੀ ਅਤੇ 5,45,000 ਰੁਪਏ ਦੇ ਚਲਾਨ ਕੱਟੇ ਗਏ ਸਨ। ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਾਉਣ ਸਬੰਧੀ ਜਾਗਰੂਕ ਕਰਨ ਹਿਤ ਪਰਾਲੀ ਨਾ ਸਾੜਨ ਵਾਲੇ ਜ਼ਿਲ੍ਹੇ ਦੇ 118 ਕਿਸਾਨਾਂ ਨੂੰ ਵਿਸ਼ੇਸ਼ ਤੌਰ ’ਤੇ ਸਨਮਾਨਤ ਵੀ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵਾਤਾਵਰਨ ਪ੍ਰਦੂਸ਼ਣ ਦਾ ਖਾਤਮਾ ਕਰਨ ਵਿੱਚ ਮੋਹਰੀ ਭੂਮਿਕਾ ਨਿਭਾਉਣ ਵਾਲੇ ਅਗਾਂਹਵਧੂ ਕਿਸਾਨ ਜ਼ਿਲ੍ਹੇ ਦਾ ਮਾਣ ਹਨ ਅਤੇ ਹੋਰਨਾਂ ਕਿਸਾਨਾਂ ਨੂੰ ਵੀ ਅਜਿਹੇ ਕਿਸਾਨਾਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ।

# ਡੱਲੇਵਾਲ ਸ਼ਾਂਤਮਈ ਪ੍ਰਦਰਸ਼ਨ ਕਰ ਸਕਦੇ ਹਨ, ਪਰ ਪੰਜਾਬ ਦੇ ਕਿਸਾਨ ਹਾਈਵੇ ਬੰਦ ਨਾ ਕਰਨ: ਸੁਪਰੀਮ ਕੋਰਟ

## ਸਰਬਉੱਚ ਅਦਾਲਤ ਵੱਲੋਂ ਮਰਨ ਵਰਤ ਉੱਤੇ ਬੈਠੇ ਕਿਸਾਨ ਆਗੂ ਦੀ ਹੈਬੀਅਸ ਕੋਰਪਸ ਪਟੀਸ਼ਨ ਰੱਦ, ਆਮ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਖੱਜਲ ਖੁਆਰੀ ਨਾ ਆਉਣ ਦੇਣ ਦੀ ਗੱਲ ਆਖੀ

**ਨਵੀਂ ਦਿੱਲੀ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਪਰੀਮ ਕੋਰਟ ਨੇ ਕਿਸਾਨਾਂ ਦੀ ਐੱਮਐੱਸਪੀ ਦੀ ਕਾਨੂੰਨੀ ਗਾਰੰਟੀ ਸਣੇ ਹੋਰਨਾਂ ਮੰਗਾਂ ਨੂੰ ਲੈ ਕੇ ਖਨੌਰੀ ਸਰਹੱਦੀ ਪੁਆਇੰਟ ’ਤੇ ਮਰਨ ਵਰਤ ਉੱਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਅੱਜ ਕਿਹਾ ਕਿ ਉਹ ਉਹ ਪ੍ਰਦਰਸ਼ਨਕਾਰੀ ਕਿਸਾਨਾਂ ਨੂੰ ਹਾਈਵੇ ਨਾ ਰੋਕਣ ਲਈ ਮਨਾਉਣ ਅਤੇ ਇਸ ਨਾਲ ਆਮ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਖੱਜਲ ਖੁਆਰੀ ਨਾ ਹੋਵੇ। ਜਸਟਿਸ ਸੂਰਿਆ ਕਾਂਤ ਤੇ ਜਸਟਿਸ ਉੱਜਲ ਭੂਈਆਂ ਦੇ ਬੈਂਚ ਨੇ ਡੱਲੇਵਾਲ ਵੱਲੋਂ ਦਾਇਰ ਹੈਬੀਅਸ ਕੋਰਪਸ ਪਟੀਸ਼ਨ ਰੱਦ ਕਰ ਦਿੱਤੀ। ਚੇਤੇ ਰਹੇ ਕਿ ਡੱਲੇਵਾਲ ਨੂੰ 26 ਨਵੰਬਰ ਨੂੰ ਪੰਜਾਬ ਹਰਿਆਣਾ ਸਰਹੱਦ ਉੱਤੇ ਖਨੌਰੀ ਵਿਚ ਪ੍ਰਦਰਸ਼ਨ ਵਾਲੀ ਥਾਂ ਮਰਨ ਵਰਤ ਉੱਤੇ ਬੈਠਣ ਤੋਂ ਪਹਿਲਾਂ ਪੁਲੀਸ ਨੇ ਉਥੋਂ ਚੁੱਕ ਲਿਆ ਸੀ।

ਬੈਂਚ ਨੇ ਕਿਹਾ, “ਅਸੀਂ ਦੇਖਿਆ ਹੈ ਕਿ ਡੱਲੇਵਾਲ ਨੂੰ ਰਿਹਾਅ ਕਰ ਦਿੱਤਾ ਗਿਆ ਹੈ ਅਤੇ ਕਿਸਾਨ ਆਗੂ ਨੇ ਸ਼ਨਿੱਚਰਵਾਰ ਨੂੰ ਆਪਣੇ ਇੱਕ ਸਾਥੀ ਪ੍ਰਦਰਸ਼ਨਕਾਰੀ ਨੂੰ ਮਰਨ ਵਰਤ ਖਤਮ ਕਰਨ ਲਈ ਮਨਾ ਲਿਆ ਸੀ।” ਉਂਝ ਬੈਂਚ ਨੇ ਕਿਹਾ ਕਿ ਕਿਸਾਨਾਂ ਵੱਲੋਂ ਉਠਾਏ ਗਏ ਮੁੱਦੇ ਨੂੰ ਅਦਾਲਤ ਨੇ ਨੋਟ ਕੀਤਾ ਹੈ ਅਤੇ ਵਿਚਾਰ ਅਧੀਨ ਮਾਮਲਾ ਹੈ। ਬੈਂਚ ਨੇ ਡੱਲੇਵਾਲ ਵੱਲੋਂ ਪੇਸ਼ ਐਡਵੋਕੇਟ ਗੁਨਿੰਦਰ ਕੌਰ ਗਿੱਲ ਨੂੰ ਕਿਹਾ, “ਜਮਹੂਰੀ ਪ੍ਰਬੰਧ ਵਿਚ ਤੁਸੀਂ ਸ਼ਾਂਤਮਈ ਪ੍ਰਦਰਸ਼ਨ ਕਰ ਸਕਦੇ ਹੋ, ਪਰ



ਇਸ ਨਾਲ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਖੱਜਲ ਖੁਆਰੀ ਨਾ ਹੋਵੇ। ਤੁਹਾਨੂੰ ਸਾਰਿਆਂ ਨੂੰ ਪਤਾ ਹੈ ਕਿ ਖਨੌਰੀ ਬਾਰਡਰ ਪੰਜਾਬ ਲਈ ਜੀਵਨ ਰੇਖਾ ਹੈ। ਅਸੀਂ ਇਸ ਰੋਸ ਪ੍ਰਦਰਸ਼ਨ ਦੇ ਸਹੀ ਜਾਂ ਗ਼ਲਤ ਹੋਣ ਬਾਰੇ ਟਿੱਪਣੀ ਨਹੀਂ ਕਰ ਰਹੇ।” ਜਸਟਿਸ ਕਾਂਤ ਨੇ ਕਿਹਾ ਕਿ ਡੱਲੇਵਾਲ ਪ੍ਰਦਰਸ਼ਨਕਾਰੀਆਂ ਨੂੰ ਕਾਨੂੰਨ ਤਹਿਤ ਅਤੇ ਲੋਕਾਂ ਨੂੰ ਕੋਈ ਅਸੁਵਿਧਾ ਪੈਦਾ ਕੀਤੇ ਬਿਨਾਂ ਸ਼ਾਂਤਮਈ ਪ੍ਰਦਰਸ਼ਨ ਲਈ ਰਾਜ਼ੀ ਕਰ ਸਕਦੇ ਹਨ। ਬੈਂਚ ਨੇ ਕਿਹਾ ਕਿ ਇਸ ਪੜਾਅ ਉੱਤੇ ਡੱਲੇਵਾਲ ਦੀ ਪਟੀਸ਼ਨ ਉੱਤੇ ਵਿਚਾਰ ਨਹੀਂ ਕੀਤਾ ਜਾ ਰਿਹਾ, ਪਰ ਉਹ ਬਾਅਦ ਵਿਚ ਕੋਰਟ ਤੱਕ ਪਹੁੰਚ ਕਰ ਸਕਦੇ ਹਨ।

ਚੇਤੇ ਰਹੇ ਕਿ 26 ਨਵੰਬਰ ਨੂੰ ਆਪਣਾ ਮਰਨ ਵਰਤ ਸ਼ੁਰੂ ਕਰਨ ਤੋਂ ਕੁਝ ਘੰਟੇ ਪਹਿਲਾਂ, ਡੱਲੇਵਾਲ ਨੂੰ ਕਥਿਤ ਤੌਰ ’ਤੇ ਖਨੌਰੀ ਸਰਹੱਦ ਤੋਂ ਜਬਰੀ ਹਟਾ ਦਿੱਤਾ ਗਿਆ ਅਤੇ ਲੁਧਿਆਣਾ ਦੇ ਇੱਕ ਹਸਪਤਾਲ ਲਿਜਾਇਆ ਗਿਆ, ਜਿੱਥੋਂ ਉਨ੍ਹਾਂ ਨੂੰ ਸ਼ੁੱਕਰਵਾਰ ਸ਼ਾਮ ਨੂੰ ਛੁੱਟੀ ਦੇ ਦਿੱਤੀ ਗਈ। ਇਹ ਪਟੀਸ਼ਨ 29 ਨਵੰਬਰ ਨੂੰ ਪੰਜਾਬ ਪੁਲੀਸ ਵੱਲੋਂ ਡੱਲੇਵਾਲ ਦੀ ਕਥਿਤ ਗੈਰ-ਕਾਨੂੰਨੀ ਹਿਰਾਸਤ ਨੂੰ ਚੁਣੌਤੀ ਦੇਣ ਲਈ ਸੁਪਰੀਮ ਕੋਰਟ ਵਿੱਚ ਦਾਖ਼ਲ ਕੀਤੀ ਗਈ ਸੀ। ਹਸਪਤਾਲ ਵਿਚੋਂ ਰਿਹਾਅ ਹੋਣ ਤੋਂ ਇਕ ਦਿਨ ਬਾਅਦ ਡੱਲੇਵਾਲ 30 ਨਵੰਬਰ ਨੂੰ ਮੁੜ ਖਨੌਰੀ ਸਰਹੱਦ ਪੁੱਜੇ ਤੇ ਉਹ ਕਿਸਾਨ ਆਗੂ ਸੁਖਜੀਤ ਸਿੰਘ ਹਰਦੋਝੰਡੇ ਦਾ ਮਰਨ ਵਰਤਾ ਖੁੱਲਵਾ ਕੇ ਖ਼ੁਦ ਉਸ ਦੀ ਥਾਂ ਮਰਨਵਰਤ ਉੱਤੇ ਬੈਠ ਗਏ। ਸੁਰੱਖਿਆ ਬਲਾਂ ਵੱਲੋਂ ਦਿੱਲੀ ਵੱਲ ਮਾਰਚ ਰੋਕੇ ਜਾਣ ਤੋਂ ਬਾਅਦ 13 ਫਰਵਰੀ ਤੋਂ ਕਿਸਾਨ ਪੰਜਾਬ ਅਤੇ ਹਰਿਆਣਾ ਦਰਮਿਆਨ ਸ਼ੰਭੂ ਅਤੇ ਖਨੌਰੀ ਸਰਹੱਦੀ ਪੁਆਇੰਟਾਂ ’ਤੇ ਡੇਰੇ ਲਾਈ ਬੈਠੇ ਹਨ।

# ਅਡਾਨੀ ਮਸਲੇ ਤੇ ਸੰਭਲ ਹਿੰਸਾ ਨੂੰ ਲੈ ਕੇ ਸੰਸਦ ’ਚ ਮੁੜ ਹੰਗਾਮਾ; ਲੋਕ ਸਭਾ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ

## ਜਹਾਜ਼ਰਾਨੀ ਮੰਤਰੀ ਸਰਬਾਨੰਦ ਸੋਨੋਵਾਲ ਵੱਲੋਂ ਰੌਲੇ ਰੱਪੇ ਦਰਮਿਆਨ ਸਦਨ ਵਿਚ ਕੋਸਟਲ ਸ਼ਿਪਿੰਗ ਬਿੱਲ 2024 ਪੇਸ਼



**ਨਵੀਂ ਦਿੱਲੀ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਰੋਧੀ ਧਿਰਾਂ ਵੱਲੋਂ ਅਡਾਨੀ ਮਸਲੇ ਅਤੇ ਯੂਪੀ ਦੇ ਸੰਭਲ ਵਿਚ ਹਾਲੀਆ ਹਿੰਸਾ ਤੇ ਹੋਰਨਾਂ ਮੁੱਦਿਆਂ ’ਤੇ ਫੌਰੀ ਚਰਚਾ ਕਰਵਾਉਣ ਦੀ ਮੰਗ ਨੂੰ ਲੈ ਕੇ ਸਦਨ ਵਿਚ ਪਾਏ ਰੌਲੇ ਰੱਪੇ ਦਰਮਿਆਨ ਲੋਕ ਸਭਾ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ ਹੈ। ਸਦਨ ਅੱਜ ਪਹਿਲੀ ਵਾਰ ਮੁਲਤਵੀ ਹੋਣ ਮਗਰੋਂ ਦੁਪਹਿਰ 12 ਵਜੇ ਮੁੜ ਜੁੜਿਆ ਤਾਂ ਵਿਰੋਧੀ ਧਿਰਾਂ ਦੇ ਮੈਂਬਰ ਸਦਨ ਦੇ ਐਨ ਵਿਚਾਲੇ ਆ ਗਏ ਤੇ ਉਨ੍ਹਾਂ ਅਡਾਨੀ ਮਸਲੇ ਤੇ ਸੰਭਲ ਹਿੰਸਾ ’ਤੇ ਚਰਚਾ ਦੀ ਮੰਗ ਨੂੰ ਲੈ ਕੇ ਨਾਅਰੇਬਾਜ਼ੀ ਕੀਤੀ। ਇਸੇ ਰੌਲੇ ਰੱਪੇ ਦਰਮਿਆਨ ਬੰਦਰਗਾਹ ਤੇ ਜਹਾਜ਼ਰਾਨੀ ਮੰਤਰੀ ਸਰਬਾਨੰਦ ਸੋਨੋਵਾਲ ਨੇ ਸਦਨ ਵਿਚ ਕੋਸਟਲ ਸ਼ਿਪਿੰਗ ਬਿੱਲ 2024 ਪੇਸ਼ ਕੀਤਾ। ਉਸ ਮੌਕੇ ਸਦਨ ਦੀ ਕਾਰਵਾਈ ਚਲਾ ਰਹੇ ਭਾਜਪਾ ਦੀ ਸੰਧਿਆ ਰੇਅ ਨੇ ਨਾਅਰੇਬਾਜ਼ੀ ਕਰ ਰਹੇ ਮੈਂਬਰਾਂ ਨੂੰ ਗੁਜ਼ਾਰਿਸ਼ ਕੀਤੀ ਕਿ ਉਹ ਆਪਣੀਆਂ ਸੀਟਾਂ ’ਤੇ ਜਾ ਕੇ ਬੈਠ ਜਾਣ ਤੇ ਸਦਨ ਨੂੰ ਚੱਲਣ ਦੇਣ। ਰੇਅ ਨੇ ਕਿਹਾ ਕਿ ਦੇਸ਼ ਦੇ ਵੋਟਰ ਉਨ੍ਹਾਂ ਨੂੰ ਦੇਖ ਰਹੇ ਹਨ ਤੇ ਉਨ੍ਹਾਂ ਦੇ ਮੁੱਦੇ ਇਥੇ ਰੱਖੇ ਜਾਣ। ਵਿਰੋਧੀ ਧਿਰਾਂ ਨੇ ਨਾਅਰੇਬਾਜ਼ੀ ਜਾਰੀ ਰੱਖੀ ਤਾਂ ਰੇਅ ਨੇ ਲੋਕ ਸਭਾ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕਰ ਦਿੱਤੀ। ਇਸ ਤੋਂ ਪਹਿਲਾਂ ਅੱਜ ਸਵੇਰੇ 11 ਵਜੇ ਸਦਨ ਜੁੜਿਆ ਤਾਂ ਵਿਰੋਧੀ ਧਿਰਾਂ ਦੇ ਸੰਸਦ ਮੈਂਬਰ ਸਦਨ ਦੇ ਐਨ ਵਿਚਾਲੇ ਆ ਗਏ ਤੇ ਉਨ੍ਹਾਂ ਅਡਾਨੀ ਸਮੂਹ ਖਿਲਾਫ਼ ਭ੍ਰਿਸ਼ਟਾਚਾਰ ਦੇ ਦੋਸ਼ਾਂ ਸਣੇ ਵੱਖ ਵੱਖ ਮੁੱਦਿਆਂ ਉੱਤੇ ਫੌਰੀ ਚਰਚਾ ਦੀ ਮੰਗ ਨੂੰ ਲੈ ਕੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਲੋਕ ਸਭਾ ਸਪੀਕਰ ਓਮ ਬਿਰਲਾ ਨੇ ਪ੍ਰਸ਼ਨ ਕਾਲ ਸ਼ੁਰੂ ਕੀਤਾ ਤਾਂ ਕਾਂਗਰਸ ਅਤੇ ਸਪਾ ਦੇ ਮੈਂਬਰ ਮੰਚ ਦੇ ਨੇੜੇ ਆ ਗਏ ਅਤੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਕਾਂਗਰਸ ਦੇ ਮੈਂਬਰ ਜਿੱਥੇ ਅਡਾਨੀ ਗਰੁੱਪ ਨਾਲ ਜੁੜੇ ਮੁੱਦੇ ਨੂੰ ਉਠਾ ਰਹੇ ਸਨ, ਉੱਥੇ ਸਪਾ ਦੇ ਸੰਸਦ ਮੈਂਬਰ ਸੰਭਲ ਹਿੰਸਾ ਦਾ ਮੁੱਦਾ ਚੁੱਕਦੇ ਨਜ਼ਰ ਆਏ। ਸਪੀਕਰ ਓਮ ਬਿਰਲਾ ਨੇ ਵਿਰੋਧੀ ਧਿਰਾਂ ਨੂੰ ਅਪੀਲ ਕੀਤੀ ਕਿ ਉਹ ਆਪੋ-ਆਪਣੇ ਸਥਾਨਾਂ ’ਤੇ ਜਾਣ ਅਤੇ ਸਦਨ ਦੀ ਕਾਰਵਾਈ ਚੱਲਣ ਦੇਣ। ਹੰਗਾਮੇ ਦੌਰਾਨ, ਹੁਨਰ ਵਿਕਾਸ ਅਤੇ ਉੱਦਮਤਾ ਰਾਜ ਮੰਤਰੀ (ਸੁਤੰਤਰ ਚਾਰਜ) ਜੈਅੰਤ ਚੌਧਰੀ ਨੇ ਵੀ ਕੁਝ ਪੂਰਕ ਸਵਾਲਾਂ ਦੇ ਜਵਾਬ ਦਿੱਤੇ। ਇਸ ਦੌਰਾਨ ਨਾਅਰੇਬਾਜ਼ੀ ਕਰ ਰਹੇ ਵਿਰੋਧੀ ਧਿਰ ਦੇ ਮੈਂਬਰਾਂ ਨੂੰ ਬਿਰਲਾ ਨੇ ਕਿਹਾ, “ਪ੍ਰਸ਼ਨ ਕਾਲ ਤੁਹਾਡਾ ਸਮਾਂ ਹੈ। ਕਿਰਪਾ ਕਰਕੇ ਪ੍ਰਸ਼ਨ ਕਾਲ ਨੂੰ ਜਾਰੀ ਰੱਖਣ ਦੀ ਇਜਾਜ਼ਤ ਦਿਓ। ਵਿਰੋਧੀ ਧਿਰਾਂ ਦੇ ਹੰਗਾਮੇ ਕਰਕੇ ਲੋਕ ਸਭਾ ਦੀ ਕਾਰਵਾਈ ਦੁਪਹਿਰ 12 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ।

# 20 ਸਾਲਾ ਆਈਪੀਐਸ ਦੀ ਡਿਊਟੀ ਜੁਆਇਨ ਕਰਨ ਤੋਂ ਪਹਿਲਾਂ ਦੁਰਘਟਨਾ ਵਿੱਚ ਮੌਤ

**ਹਸਨ, 2 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

:ਟਰੇਨਿੰਗ ਪੂਰੀ ਕਰਨ ਤੋਂ ਬਾਅਦ ਹਸਨ ਜ਼ਿਲ੍ਹੇ ਵਿੱਚ ਆਪਣੀ ਪਹਿਲੀ ਪੋਸਟਿੰਗ ਲਈ ਜਾ ਰਹੇ ਇੱਕ ਆਈਪੀਐਸ ਅਧਿਕਾਰੀ ਦੀ ਹਾਦਸੇ ਵਿੱਚ ਮੌਤ ਹੋ ਗਈ। ਪੁਲੀਸ ਅਧਿਕਾਰੀਆਂ ਨੇ ਦੱਸਿਆ ਕਿ 20 ਸਾਲਾ ਹਰਸ਼ ਬਰਧਨ ਕਰਨਾਟਕ ਕੇਡਰ ਦਾ 2023 ਬੈਚ ਦਾ ਆਈਪੀਐਸ ਅਧਿਕਾਰੀ ਸੀ ਅਤੇ ਮੱਧ ਪ੍ਰਦੇਸ਼ ਦਾ ਰਹਿਣ ਵਾਲਾ ਸੀ। ਅਧਿਕਾਰੀਆਂ ਨੇ ਦੱਸਿਆ ਕਿ ਇਹ ਹਾਦਸਾ ਐਤਵਾਰ ਸ਼ਾਮ ਨੂੰ ਵਾਪਰਿਆ ਜਦੋਂ ਹਸਨ ਤਾਲੁਕ ਦੇ ਕਿਤਾਨੇ ਨੇੜੇ ਪੁਲੀਸ ਦੀ ਗੱਡੀ ਦਾ ਟਾਇਰ ਕਥਿਤ ਤੌਰ ‘ਤੇ ਫਟ ਗਿਆ, ਜਿਸ ਤੋਂ ਬਾਅਦ ਡਰਾਈਵਰ ਨੇ ਗੱਡੀ ਦਾ ਸੰਤੁਲਨ ਗੁਆ ਦਿੱਤਾ ਅਤੇ ਗੱਡੀ ਸੜਕ ਕਿਨਾਰੇ ਇੱਕ ਘਰ ਅਤੇ ਇੱਕ ਦਰੱਖਤ ਨਾਲ ਟਕਰਾ ਗਈ।

ਜਾਣਕਾਰੀ ਅਨੁਸਾਰ ਬਰਧਨ ਹੋਲੇਨਾਰਸੀਪੁਰ ਵਿੱਚ ਪ੍ਰੋਬੇਸ਼ਨਰੀ ਸਹਾਇਕ ਪੁਲੀਸ ਸੁਪਰਡੈਂਟ ਦੇ ਤੌਰ ‘ਤੇ ਡਿਊਟੀ ‘ਤੇ ਰਿਪੋਰਟ ਕਰਨ ਲਈ ਹਸਨ ਜਾ ਰਿਹਾ ਸੀ।



ਇੱਕ ਸੀਨੀਅਰ ਪੁਲੀਸ ਅਧਿਕਾਰੀ ਨੇ ਦੱਸਿਆ ਕਿ ਬਰਧਨ ਦੇ ਸਿਰ ਵਿੱਚ ਗੰਭੀਰ ਸੱਟਾਂ ਲੱਗੀਆਂ ਅਤੇ ਇਲਾਜ ਦੌਰਾਨ ਹਸਪਤਾਲ ਵਿੱਚ ਉਸਦੀ ਮੌਤ ਹੋ ਗਈ, ਜਦੋਂ ਕਿ ਡਰਾਈਵਰ ਮਾਂਜੇਗੌੜਾ ਨੂੰ ਮਾਮੂਲੀ ਸੱਟਾਂ ਲੱਗੀਆਂ। ਆਈਪੀਐਸ ਅਧਿਕਾਰੀ ਨੇ ਹਾਲ ਹੀ ਵਿੱਚ ਮੈਸੂਰ ਵਿੱਚ ਕਰਨਾਟਕ ਪੁਲੀਸ ਅਕੈਡਮੀ ਵਿੱਚ ਆਪਣੀ ਚਾਰ ਹਫ਼ਤਿਆਂ ਦੀ ਸਿਖਲਾਈ ਪੂਰੀ ਕੀਤੀ ਸੀ।

# ਪੰਜਾਬ ਸਰਕਾਰ ਵੱਲੋਂ ਅੰਤਰਰਾਸ਼ਟਰੀ ਦਿਵਿਆਂਗਤਾ ਦਿਵਸ ਮੌਕੇ ਵੱਖ-ਵੱਖ ਸ਼ਖ਼ਸ਼ੀਅਤਾਂ ਦਾ ਸਟੇਟ ਅਵਾਰਡ ਨਾਲ ਕੀਤਾ ਜਾਵੇਗਾ ਸਨਮਾਨ

**ਚੰਡੀਗੜ੍ਹ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅੰਤਰਰਾਸ਼ਟਰੀ ਦਿਵਿਆਂਗਤਾ ਦਿਵਸ ਸਬੰਧੀ ਕਰਵਾਏ ਜਾ ਰਹੇ ਰਾਜ ਪੱਧਰੀ ਸਮਾਗਮ ਮੌਕੇ ਵੱਖ- ਵੱਖ ਸ਼ਖ਼ਸ਼ੀਅਤਾਂ ਦਾ ਸਟੇਟ ਅਵਾਰਡ ਨਾਲ ਸਨਮਾਨ ਕੀਤਾ ਜਾਵੇਗਾ।

ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੰਤਰਾਸ਼ਟਰੀ ਦਿਵਿਆਂਗਤਾ ਦਿਵਸ ਸਬੰਧੀ ਰਾਜ



ਪੱਧਰੀ ਸਮਾਰੋਹ 3 ਦਸੰਬਰ ਨੂੰ ਫਰੀਦਕੋਟ ਵਿਖੇ ਹੋਵੇਗਾ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਰਾਜ ਪੱਧਰ ਦੇ ਇਸ ਸਮਾਗਮ ਵਿੱਚ ਉੱਤਮ ਕੰਮ ਕਰਨ ਵਾਲੇ ਕਰਮਚਾਰੀਆਂ, ਵਿਅਕਤੀਆਂ ਅਤੇ ਗੈਰ ਸਰਕਾਰੀ ਸੰਸਥਾਵਾਂ ਨੂੰ ਵੱਖ-ਵੱਖ ਸ਼੍ਰੇਣੀਆਂ ਅਧੀਨ ਸਨਮਾਨਿਤ ਕੀਤਾ ਜਾਵੇਗਾ।

ਉਹਨਾਂ ਵੱਲੋਂ ਸਮੂਹ ਦਿਵਿਆਂਗਜਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਇਸ ਸਮਾਰੋਹ ਵਿੱਚ ਸ਼ਾਮਿਲ ਹੋ ਕੇ ਉਹਨਾਂ ਦੀ ਭਲਾਈ ਲਈ ਚੱਲ ਰਹੀਆਂ ਵੱਖ ਵੱਖ ਸਕੀਮਾਂ ਦਾ ਲਾਭ ਲੈਣ ਸਬੰਧੀ ਜਾਣਕਾਰੀ ਪ੍ਰਾਪਤ ਕਰਨ।

# ਔਰਤਾਂ ਹਰ ਖੇਤਰ ਵਿੱਚ ਮਾਰ ਸਕਦੀਆਂ ਹਨ ਮੱਲਾਂ: ਡਾਕਟਰ ਬਲਜੀਤ ਕੌਰ

**ਚੰਡੀਗੜ੍ਹ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਔਰਤਾਂ ਹਰੇਕ ਖੇਤਰ ਵਿੱਚ ਮੱਲਾਂ ਮਾਰ ਰਹੀਆਂ ਹਨ ਅਜਿਹਾ ਕੋਈ ਵੀ ਖੇਤਰ ਨਹੀਂ ਜਿੱਥੇ ਔਰਤਾਂ ਦਾ ਅਹਿਮ ਯੋਗਦਾਨ ਨਾ ਹੋਵੇ, ਇਹਨਾਂ ਗੱਲਾਂ ਦਾ ਪ੍ਰਗਟਾਵਾ



ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਮਲੋਟ ਦੇ ਪਿੰਡ ਦਾਨੇਵਾਲਾ ਵਿਖੇ ਰਾਜ ਪੱਧਰੀ ਸ਼ੁਰੂਆਤੀ ਸਮਾਗਮ ਦੌਰਾਨ ਔਰਤਾਂ ਲਈ ਸਿਹਤ ਅਤੇ ਰੋਜ਼ਗਾਰ ਸਬੰਧੀ ਲਗਾਏ ਗਏ ਕੈਂਪ ਮੌਕੇ ਕੀਤਾ।

ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਕੈਂਪ ਦਾ ਮੁੱਖ ਮੰਤਵ ਔਰਤਾਂ ਨੂੰ ਕੈਂਸਰ ਜਿਹੀ ਭਿਆਨਕ ਬਿਮਾਰੀ ਤੋਂ ਬਚਾਉਣਾ ਹੈ, ਇਸ ਕੈਂਪ ਵਿੱਚ ਕੈਂਸਰ ਦੀ ਸਕਰੀਨਿੰਗ ਸਬੰਧੀ 500 ਤੋਂ ਵੱਧ ਔਰਤਾਂ ਵੱਲੋਂ ਰਜਿਸਟ੍ਰੇਸ਼ਨ ਕਰਵਾਈ ਗਈ ਹੈ ਅਤੇ ਲੜਕੀਆਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਹੀ ਰੁਜ਼ਗਾਰ ਮੁਹੱਈਆ ਕਰਵਾਉਣਾ ਹੈ। ਰੋਜ਼ਗਾਰ ਸਬੰਧੀ 209 ਲੜਕੀਆਂ ਵੱਲੋਂ ਪਲੇਸਮੈਂਟ ਕੈਂਪ ਵਿੱਚ ਭਾਗ ਲਿਆ ਗਿਆ ਅਤੇ ਮੌਕੇ ’ਤੇ ਹੀ 134 ਲੜਕੀਆਂ ਦੀ 07 ਕੰਪਨੀਆਂ ਵੱਲੋਂ ਨੌਕਰੀ ਲਈ ਚੋਣ ਕੀਤੀ ਗਈ।

ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਕੈਂਪ ਵਿੱਚ ਔਰਤਾਂ ਨੂੰ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਸਾਰੀਆਂ ਸੁਵਿਧਾਵਾਂ ਇਕੱਠੀਆਂ ਕੀਤੀਆਂ ਗਈਆਂ ਹਨ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਵੱਖ-ਵੱਖ ਤਰ੍ਹਾਂ ਦੀਆਂ ਸਟਾਲਾਂ ਲਗਾਈਆਂ ਗਈਆਂ ਹਨ ਜਿਵੇਂ ਕਿ ਸਿਹਤ ਸੁਵਿਧਾਵਾਂ ਮੁਹੱਈਆ ਕਰਵਾਉਣਾ, ਵਿਧਵਾ ਪੈਨਸ਼ਨ, ਬੁਢਾਪਾ ਪੈਨਸ਼ਨ, ਰੋਜ਼ਗਾਰ ਸਬੰਧੀ ਪਲੇਸਮੈਂਟ ਕੈਂਪ, ਸਰੀਰ ਨੂੰ ਤੰਦਰੁਸਤ ਰੱਖਣ ਲਈ ਯੋਗਾ ਕਲਾਸ ਆਦਿ ਦੀਆਂ ਸਟਾਲਾਂ ਲਗਾਈਆਂ ਗਈਆਂ ਹਨ।

ਉਨ੍ਹਾਂ ਕਿਹਾ ਕਿ ਵਿਧਵਾ ਔਰਤਾਂ ਨੂੰ ਉਨ੍ਹਾਂ ਦੇ ਬੱਚਿਆਂ ਲਈ ਸਪਾਂਸਰਸ਼ਿਪ ਸਕੀਮ ਤਹਿਤ 4000 ਰੁਪਏ ਪ੍ਰਤੀ ਮਹੀਨਾ ਪ੍ਰੋਤਸਾਹਨ ਰਾਸ਼ੀ, ਘੱਟ ਵਿਆਜ ਦਰ ’ਤੇ ਲੋਨ ਦੀ ਸੁਵਿਧਾ ਆਦਿ ਸਹੂਲਤਾਂ ਵੀ ਵਿਭਾਗ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

ਇਸ ਮੌਕੇ ਉਨ੍ਹਾਂ 132 ਲਾਭਪਾਤਰੀਆਂ ਨੂੰ 51000 ਪ੍ਰਤੀ ਲਭਾਪਾਤਰੀ ਦੇ ਹਿਸਾਬ ਨਾਲ 67 ਲੱਖ 32 ਹਜ਼ਾਰ ਰੁਪਏ ਦੇ ਚੈੱਕ ਅਸ਼ੀਰਵਾਦ ਸਕੀਮ ਤਹਿਤ ਤਕਸੀਮ ਕੀਤੇ ਗਏ।

# ਪੰਜਾਬ ਵਿੱਚ ਜ਼ਿਮਨੀ ਚੋਣ ਜਿੱਤਣ ਵਾਲੇ ‘ਆਪ’ ਦੇ ਤਿੰਨ ਵਿਧਾਇਕਾਂ ਨੇ ਸਹੁੰ ਚੁੱਕੀ

## ਕਾਂਗਰਸ ਦੇ ਬਰਨਾਲਾ ਤੋਂ ਵਿਧਾਇਕ ਕੁਲਦੀਪ ਸਿੰਘ ਢਿੱਲੋਂ ਹਲਫ਼ ਲੈਣ ਨਹੀਂ ਪਹੁੰਚੇ



**ਚੰਡੀਗੜ੍ਹ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੀਆਂ ਚਾਰ ਵਿਧਾਨ ਸਭਾ ਸੀਟਾਂ ’ਤੇ ਹੋਈਆਂ ਜ਼ਿਮਨੀ ਚੋਣਾਂ ਵਿੱਚ ਜੇਤੂ ਆਮ ਆਦਮੀ ਪਾਰਟੀ ਦੇ ਤਿੰਨਾਂ ਵਿਧਾਇਕਾਂ ਨੇ ਅੱਜ ਪੰਜਾਬ ਵਿਧਾਨ ਸਭਾ ਵਿੱਚ ਸਹੁੰ ਚੁੱਕ ਲਈ ਹੈ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਧਾਨ ਸਭਾ ਹਲਕਾ ਚੱਬੇਵਾਲ ਤੋਂ ਇਸ਼ਾਂਕ ਚੱਬੇਵਾਲ, ਡੇਰਾ ਬਾਬਾ ਨਾਨਕ ਤੋਂ ਗੁਰਦੀਪ ਸਿੰਘ ਰੰਧਾਵਾ ਅਤੇ ਵਿਧਾਨ ਸਭਾ ਹਲਕਾ ਗਿੱਦੜਬਾਹਾ ਤੋਂ ਹਰਦੀਪ ਸਿੰਘ ਡਿੰਪੀ ਢਿੱਲੋਂ ਨੂੰ ਸਹੁੰ ਚੁਕਾਈ ਹੈ। ਹਾਲਾਂਕਿ ਇਸ ਹਲਫ ਸਮਾਗਮ ਵਿੱਚ ਵਿਧਾਨ ਸਭਾ ਹਲਕਾ ਬਰਨਾਲਾ ਤੋਂ ਕਾਂਗਰਸੀ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਨਹੀਂ ਪਹੁੰਚੇ। ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ, ਕਾਰਜਕਾਰੀ ਪ੍ਰਧਾਨ ਸ਼ੈਰੀ ਕਲਸੀ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਸਣੇ ਵੱਡੀ ਗਿਣਤੀ ਵਿੱਚ ਵਿਧਾਇਕ ਮੌਜੂਦ ਰਹੇ। ਜ਼ਿਕਰਯੋਗ ਹੈ ਕਿ ਹੁਣ ਪੰਜਾਬ ਵਿਧਾਨ ਸਭਾ ਵਿੱਚ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦੀ ਗਿਣਤੀ 94 ਹੋ ਗਈ ਹੈ।

# ਪੇਡਾ ਵੱਲੋਂ ਪੰਜਾਬ ਵਿੱਚ ਊਰਜਾ ਸੰਭਾਲ ਖੋਜ ਅਤੇ ਵਿਕਾਸ ਲਈ ਚੰਡੀਗੜ੍ਹ ਯੂਨੀਵਰਸਿਟੀ ਨਾਲ ਸਮਝੌਤਾ ਸਹੀਬੱਧ



**ਚੰਡੀਗੜ੍ਹ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਨੇ ਸੂਬੇ ਵਿੱਚ ਊਰਜਾ ਕੁਸ਼ਲਤਾ ਤੇ ਊਰਜਾ ਸੰਭਾਲ ’ਤੇ ਕੇਂਦਰਿਤ ਖੋਜ ਅਤੇ ਨਵੀਨ ਪ੍ਰੋਜੈਕਟਾਂ ਵਾਸਤੇ ਸਹਿਯੋਗ ਲਈ ਚੰਡੀਗੜ੍ਹ ਯੂਨੀਵਰਸਿਟੀ (ਸੀ.ਯੂ.) ਨਾਲ ਸਮਝੌਤਾ ਸਹੀਬੱਧ ਕੀਤਾ ਹੈ।

ਇਸ ਸਮਝੌਤੇ ’ਤੇ ਅੱਜ ਪੇਡਾ ਦੇ ਦਫ਼ਤਰ ਵਿਖੇ ਪੇਡਾ ਦੇ ਮੁੱਖ ਕਾਰਜਕਾਰੀ ਅਧਿਕਾਰੀ ਸ੍ਰੀ ਸੰਦੀਪ ਹਾਂਸ ਅਤੇ ਚੰਡੀਗੜ੍ਹ ਯੂਨੀਵਰਸਿਟੀ ਦੀ ਮਕੈਨੀਕਲ ਇੰਜਨੀਅਰਿੰਗ ਸ਼ਾਖਾ ਦੇ ਪ੍ਰੋਫ਼ੈਸਰ ਡਾ. ਰਾਜ ਕੁਮਾਰ ਵੱਲੋਂ ਹਸਤਾਖ਼ਰ ਕੀਤੇ ਗਏ।

ਸ੍ਰੀ ਸੰਦੀਪ ਹਾਂਸ ਨੇ ਕਿਹਾ ਕਿ ਇਸ ਸਮਝੌਤੇ ਦਾ ਉਦੇਸ਼ ਪੰਜਾਬ ਦੇ ਘਰੇਲੂ, ਵਪਾਰਕ, ਉਦਯੋਗਿਕ, ਖੇਤੀਬਾੜੀ ਅਤੇ ਟਰਾਂਸਪੋਰਟ ਖੇਤਰਾਂ ਵਿੱਚ ਇਮਾਰਤਾਂ, ਉਦਯੋਗ, ਸਾਫ਼-ਸੁਥਰੀ ਤਕਨਾਲੋਜੀ ਅਤੇ ਊਰਜਾ ਬਚਾਊ ਉਪਕਰਨਾਂ ਸਮੇਤ ਵੱਖ-ਵੱਖ ਖੇਤਰਾਂ ਵਿੱਚ ਊਰਜਾ ਕੁਸ਼ਲਤਾ ਤੇ ਊਰਜਾ ਸੰਭਾਲ ਨਾਲ ਸਬੰਧਤ ਖੋਜ ਅਤੇ ਨਵੇਂ ਪ੍ਰੋਜੈਕਟਾਂ ’ਤੇ ਧਿਆਨ ਕੇਂਦਰਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਯੂਨੀਵਰਸਿਟੀ (ਸੀ.ਯੂ.) ਇਸ ਪ੍ਰੋਗਰਾਮ ਨੂੰ ਸਥਾਨਕ ਪੱਧਰ ’ਤੇ ਉਤਸ਼ਾਹਿਤ ਕਰੇਗੀ ਤਾਂ ਜੋ ਇਸ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਨੂੰ ਯਕੀਨੀ ਬਣਾਈ ਜਾ ਸਕੇ। ਇਸ ਤੋਂ ਇਲਾਵਾ ਚੰਡੀਗੜ੍ਹ ਯੂਨੀਵਰਸਿਟੀ ਖੋਜ ਤੇ ਵਿਕਾਸ (ਆਰ ਐਂਡ ਡੀ) ਪ੍ਰੋਜੈਕਟਾਂ ਅਤੇ ਵੱਖ-ਵੱਖ ਤਕਨਾਲੋਜੀਆਂ ਦੇ ਡਿਜ਼ਾਈਨ, ਟੈਸਟਿੰਗ, ਕਾਰਗੁਜ਼ਾਰੀ ਦੇ ਮੁਲਾਂਕਣ ਅਤੇ ਵਿਸ਼ਲੇਸ਼ਣ ਲਈ ਰਣਨੀਤਕ ਖੋਜ ਸਹਾਇਤਾ, ਢੁਕਵੀਂ ਸੇਧ ਅਤੇ ਦਿਸ਼ਾ ਪ੍ਰਦਾਨ ਕਰੇਗੀ।

ਪੇਡਾ ਦੇ ਡਾਇਰੈਕਟਰ ਐਮ.ਪੀ.ਸਿੰਘ ਨੇ ਪੰਜਾਬ ਵਿੱਚ ਊਰਜਾ ਸੰਭਾਲ ਖੋਜ ਅਤੇ ਵਿਕਾਸ ਖੇਤਰ ਵਿੱਚ ਪ੍ਰੋਜੈਕਟ ਸ਼ੁਰੂ ਕਰਨ ਲਈ ਚੰਡੀਗੜ੍ਹ ਯੂਨੀਵਰਸਿਟੀ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਊਰਜਾ ਸੰਭਾਲ ਨਾਲ ਸਬੰਧਤ ਖੋਜ ਅਤੇ ਵਿਕਾਸ ਪ੍ਰੋਜੈਕਟਾਂ ਨੂੰ ਸ਼ੁਰੂ ਕਰਨ ਲਈ ਵੱਖ-ਵੱਖ ਵਿਚਾਰਾਂ ’ਤੇ ਵੀ ਚਰਚਾ ਕੀਤੀ। ਇਸ ਮੌਕੇ ਪ੍ਰੋਜੈਕਟ ਇੰਜਨੀਅਰ ਪੇਡਾ ਮਨੀ ਖੰਨਾ, ਰੋਹਿਤ ਕੁਮਾਰ ਅਤੇ ਸੀ.ਯੂ. ਦੇ ਡਾ. ਹਰਪ੍ਰੀਤ ਲੁਬਾਣਾ ਵੀ ਹਾਜ਼ਰ ਸਨ।

# ਹਰਪਾਲ ਸਿੰਘ ਚੀਮਾ ਵੱਲੋਂ ਜੀਐਸਟੀ ਮੁਆਵਜ਼ਾ ਸੈੱਸ ਪ੍ਰਣਾਲੀ ਨੂੰ 2026 ਤੋਂ ਅੱਗੇ ਵਧਾਉਣ ਲਈ ਜ਼ੋਰਦਾਰ ਵਕਾਲਤ

**ਚੰਡੀਗੜ੍ਹ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਸਤੂਆਂ ਅਤੇ ਸੇਵਾਵਾਂ ਕਰ (ਜੀ.ਐੱਸ.ਟੀ.) ਮੁਆਵਜ਼ਾ ਸੈੱਸ ਪ੍ਰਣਾਲੀ ਨੂੰ ਜਾਰੀ ਰੱਖਣ ਲਈ ਪ੍ਰਭਾਵਸ਼ਾਲੀ ਢੰਗ ਨਾਲ ਵਕਾਲਤ ਕਰਦਿਆਂ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ 31 ਮਾਰਚ, 2026 ਤੋਂ ਬਾਅਦ ਵੀ ਵਸਤੂਆਂ ਅਤੇ ਸੇਵਾਵਾਂ ਕਰ (ਜੀ.ਐੱਸ.ਟੀ.) ਮੁਆਵਜ਼ਾ ਸੈੱਸ ਪ੍ਰਣਾਲੀ ਨੂੰ ਜਾਰੀ ਰੱਖਣ ਦੀ ਜ਼ੋਰਦਾਰ ਸਿਫਾਰਸ਼ ਕੀਤੀ ਤਾਂ ਜੋ ਇਹ ਸੁਨਿਸ਼ਚਿਤ ਕੀਤਾ ਜਾਵੇ ਕਿ ਵੱਖ-ਵੱਖ ਟੈਕਸਾਂ ਨੂੰ ਜੀ.ਐਸ.ਟੀ



ਵਿੱਚ ਸ਼ਾਮਲ ਕਰਨ ਨਾਲ ਸੂਬਿਆਂ ਨੂੰ ਹੋ ਰਹੇ ਨੁਕਸਾਨ ਦੀ ਪੂਰਤੀ ਕੀਤੀ ਜਾ ਸਕੇ। ਇਹ ਸਿਫਾਰਿਸ਼ ਅੱਜ ਮੁਆਵਜ਼ਾ ਸੈੱਸ ਬਾਰੇ ਮੰਤਰੀਆਂ ਦੇ ਸਮੂਹ (ਜੀ.ਓ.ਐਮ) ਦੀ ਮੀਟਿੰਗ ਦੌਰਾਨ ਕੀਤੀ ਗਈ, ਜਿਸ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੀਡੀਓ ਕਾਨਫਰੰਸਿੰਗ ਰਾਹੀਂ ਸ਼ਾਮਿਲ ਹੋਏ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਜ਼ੋਰ ਦੇ ਕੇ ਕਿਹਾ ਕਿ ਵਸਤੂਆਂ ਅਤੇ ਸੇਵਾਵਾਂ (ਰਾਜਾਂ ਨੂੰ ਮੁਆਵਜ਼ਾ) ਐਕਟ 2017 ਦੇ ਅਨੁਸਾਰ ਜੀ.ਐਸ.ਟੀ ਕੌਂਸਲ ਕੋਲ ਮੁਆਵਜ਼ੇ ਦੀ ਮਿਆਦ ਨੂੰ ਪੰਜ ਸਾਲਾਂ ਤੋਂ ਅੱਗੇ ਵਧਾਉਣ ਦੀ ਸਿਫ਼ਾਰਸ਼ ਕਰਨ ਦਾ ਅਧਿਕਾਰ ਹੈ। ਉਨ੍ਹਾਂ ਨੇ ਅਨਾਜ ’ਤੇ ਖਰੀਦ ਟੈਕਸ ਨੂੰ ਜੀ.ਐਸ.ਟੀ ਵਿੱਚ ਸ਼ਾਮਲ ਕਰਨ ਕਾਰਨ ਪੰਜਾਬ ਨੂੰ ਦਰਪੇਸ਼ ਮਹੱਤਵਪੂਰਨ ਅਤੇ ਸਥਾਈ ਮਾਲੀਏ ਦੇ ਨੁਕਸਾਨ ਦਾ ਵਿਸ਼ੇਸ਼ ਤੌਰ

# ਡਿਪਟੀ ਕਮਿਸ਼ਨਰ ਵਲੋਂ ਜ਼ਿਲ੍ਹੇ ਦੇ ਲੋਕਾਂ ਨੂੰ ਸੂਰਜ ਘਰ ਮੁਫ਼ਤ, ਬਿਜਲੀ ਯੋਜਨਾ ਦਾ ਲਾਭ ਲੈਣ ਦਾ ਸੱਦਾ

**ਮਲੇਰਕੋਟਲਾ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਜ਼ਿਲ੍ਹੇ ਦੇ ਲੋਕਾਂ ਨੂੰ ÷ਸੂਰਜ ਘਰ ਮੁਫ਼ਤ, ਬਿਜਲੀ ਯੋਜਨਾ÷ ਦਾ ਲਾਭ ਲੈਣ ਦਾ ਸੱਦਾ ਦਿੰਦਿਆਂ ਕਿਹਾ ਕਿ ਇਸ ਸਕੀਮ ਤਹਿਤ ਲੋਕ ਆਪਣੇ ਘਰਾਂ ਦੀਆਂ ਛੱਤਾਂ ਉਤੇ ਸਬਸਿਡੀ ’ਤੇ ਸੋਲਰ ਪਲਾਂਟ ਲਗਵਾ ਕੇ ਆਪਣੇ ਘਰਾਂ ਲਈ ਆਪਣੀ ਬਿਜਲੀ ਖੁਦ ਪੈਦਾ ਕਰ ਸਕਦੇ ਹਨ।

ਡਾ.ਪੱਲਵੀ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਘਰੇਲੂ ਖਪਤਕਾਰਾਂ ਲਈ 2 ਕਿਲੋਵਾਟ ਤੱਕ 30000 ਰੁਪਏ ਪ੍ਰਤੀ ਕਿਲੋਵਾਟ, 2 ਤੋਂ 3 ਕਿਲੋਵਾਟ ਤੱਕ ਵਾਧੂ ਸਮਰੱਥਾ ਲਈ 18000 ਰੁਪਏ ਅਤੇ 3 ਕਿਲੋਵਾਟ ਤੋਂ ਵੱਧ ਸਿਸਟਮ ਲਈ ਕੁੱਲ 78000 ਰੁਪਏ ਤੱਕ ਸਬਸਿਡੀ ਪ੍ਰਦਾਨ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਸਬਸਿਡੀ ਦੀ ਰਾਸ਼ੀ ਸਿੱਧਾ ਖ਼ਪਤਕਾਰ ਦੇ ਬੈਂਕ ਖਾਤੇ ਵਿੱਚ ਜਮ੍ਹਾਂ



ਹੁੰਦੀ ਹੈ।

ਉਨ੍ਹਾਂ ਸਬੰਧਿਤ ਵਿਭਾਗ ਦੇ ਅਧਿਕਾਰੀਆਂ ਨੂੰ ਇਸ ਸਕੀਮ ਸਬੰਧੀ ਵੱਡੇ ਪੱਧਰ ’ਤੇ ਜਾਗਰੂਕਤਾ ਫੈਲਾਉਣ ਦੀਆਂ ਹਦਾਇਤਾਂ ਦਿੱਤੀਆਂ ਤਾਂ ਜੋ ਵੱਧ ਤੋਂ ਵੱਧ ਯੋਗ ਲੋਕਾਂ ਨੂੰ ਯੋਜਨਾ ਦਾ ਲਾਭ ਦਿੱਤਾ ਜਾ ਸਕੇ।

ਵਧੀਕ ਨਿਗਰਾਨ ਇੰਜੀਨੀਅਰ ਪੀ.ਐਸ.ਪੀ.ਸੀ.ਐਲ. ਇੰਜ ਹਰਵਿੰਦਰ ਸਿੰਘ ਧੀਮਾਨ ਕਿਹਾ ਕਿ ਇਸ ਯੋਜਨਾ ਸਦਕਾ ਜਿਥੇ ਬਿਜਲੀ ਬਚੇਗੀ ਉਥੇ ਬਿਜਲੀ ਖਪਤਕਾਰਾਂ ਦੇ ਬਿਜਲੀ ਬਿੱਲ ਘੱਟਣ ਨਾਲ ਉਨ੍ਹਾਂ ਦੇ ਪੈਸੇ ਦੀ ਵੀ ਬੱਚਤ ਹੋਵੇਗੀ। ਉਨ੍ਹਾਂ ਦੱਸਿਆ ਕਿ ਪੀ.ਐਸ.ਪੀ.ਸੀ.ਐਲ.ਵਲੋਂ ਘਰ ਦੀ ਛੱਤ ’ਤੇ 10 ਕਿਲੋਵਾਟ ਤੱਕ ਦੇ ਸੋਲਰ ਪਲਾਂਟ ਲਗਵਾਉਣ ਲਈ ਤਕਨੀਕੀ ਫਿਜ਼ੀਬਿਲਟੀ ਤੋਂ ਛੋਟ ਦਿੱਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਸੋਲਰ ਪਲਾਂਟ/ਸੋਲਰ ਮੀਟਰ ਲਗਵਾਉਣ ਸਬੰਧੀ ਵਧੇਰੇ ਜਾਣਕਾਰੀ ਲਈ ਪੀ.ਐਸ.ਪੀ.ਸੀ.ਐਲ. ਵੰਡ ਉਪ ਮੰਡਲ ਦਫ਼ਤਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਲੋਕ ਨੋਡਲ ਅਧਿਕਾਰੀ ਪੀ.ਐਸ.ਪੀ.ਸੀ.ਐਲ. ਨਾਲ ਮੋਬਾਇਲ ਨੰਬਰ 9646129246 ’ਤੇ ਰਾਬਤਾ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਸਕੀਮ ਦਾ ਲਾਭ ਲੈਣ ਲਈ http://www.pmsuryaghar.gov.in ’ਤੇ ਵੀ ਅਪਲਾਈ ਕੀਤਾ ਜਾ ਸਕਦਾ ਹੈ।

# ਸੁਖਬੀਰ ਬਾਦਲ ਨੇ ਅਕਾਲ ਤਖ਼ਤ ਅੱਗੇ ਗੁਨਾਹ ਕਬੂਲੇ; ਸਿੰਘ ਸਾਹਿਬਾਨਾਂ ਨੇ ਪਖਾਨੇ ਸਾਫ਼ ਕਰਨ, ਭਾਂਡੇ ਮਾਂਜਣ ਤੇ ਕੀਰਤਨ ਸਰਵਨ ਕਰਨ ਦੀ ਸੇਵਾ ਲਾਈ

## ਸਾਬਕਾ ਮੁੱਖ ਮੰਤਰੀ ਮਰਹੂਮ ਪ੍ਰਕਾਸ਼ ਸਿੰਘ ਬਾਦਲ ਤੋਂ ‘ਫ਼ਖਰ-ਏ-ਕੌਮ’ ਖ਼ਿਤਾਬ ਵਾਪਸ ਲੈਣ ਦਾ ਫੈਸਲਾ; ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੂੰ ਮਿਲਦੀਆਂ ਸਹੂਲਤਾਂ ਵਾਪਸ ਲੈਣ ਦੇ ਹੁਕਮ; ਅਕਾਲ ਤਖ਼ਤ ਦੇ ਹੈੱਡ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ ਨੂੰ ਫੌਰੀ ਤਬਦੀਲ ਕਰਨ ਦੇ ਨਿਰਦੇਸ਼

**ਅੰਮ੍ਰਿਤਸਰ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜ ਸਿੰਘ ਸਾਹਿਬਾਨਾਂ ਵੱਲੋਂ ਤਨਖਾਹੀਆ ਕਰਾਰ ਦਿੱਤੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਅਕਾਲੀ ਸਰਕਾਰ ਵੇਲੇ ਕੀਤੇ ਗੁਨਾਹਾਂ ਲਈ ਤਿੰਨ ਦਿਨ ਭਾਂਡੇ ਮਾਂਜਣ, ਦਰਬਾਰ ਸਾਹਿਬ ਵਿਚਲੇ ਪਖਾਨਿਆਂ ਦੀ ਸਫ਼ਾਈ ਤੇ ਕੀਰਤਨ ਸਰਵਨ ਕਰਨ ਦੀ ਸੇਵਾ ਲਾਈ ਗਈ ਹੈ। ਸੁਖਬੀਰ ਬਾਦਲ ਦੇ ਵ੍ਹੀਲ ਚੇਅਰ ਉੱਤੇ ਹੋਣ ਕਰਕੇ ਅਤੇ ਸੀਨੀਅਰ ਅਕਾਲੀ ਆਗੂ ਸੁਖਦੇਵ ਸਿੰਘ ਢੀਂਡਸਾ ਦੀ ਬਿਰਧ ਅਵਸਥਾ ਨੂੰ ਦੇਖਦਿਆਂ ਉਨ੍ਹਾਂ ਨੂੰ ਪਖਾਨੇ ਸਾਫ਼ ਕਰਨ ਦੀ ਥਾਂ ਹਰਿਮੰਦਰ ਸਾਹਿਬ ਦੇ ਦਾਖਲਾ ਦੁਆਰ ਉੱਤੇ ਪਹਿਰੇਦਾਰ ਦੀ ਡਰੈੱਸ ਤੇ ਹੱਥ ਵਿਚ ਬਰਛਾ ਫੜ ਕੇ ਬੈਠਣ ਦੀ ਸੇਵਾ ਲਾਈ ਗਈ ਹੈ। ਸਿੰਘ ਸਾਹਿਬਾਨਾਂ ਨੇ ਸਾਬਕਾ ਮੁੱਖ ਮੰਤਰੀ ਮਰਹੂਮ ਪ੍ਰਕਾਸ਼ ਸਿੰਘ ਬਾਦਲ ਨੂੰ ਦਿੱਤਾ ‘ਫ਼ਖਰ-ਏ-ਕੌਮ’ ਦਾ ਖਿਤਾਬ ਵਾਪਸ ਲੈਣ ਦਾ ਫੈਸਲਾ ਕੀਤਾ ਹੈ। ਸਿੰਘ ਸਾਹਿਬਾਨਾਂ ਨੇ ਕਿਹਾ ਕਿ ਅਖੌਤੀ ਸਾਧ ਰਾਮ ਰਹੀਮ ਨੂੰ ਮੁਆਫ਼ੀ ਦੇਣ ਲਈ ਅਕਾਲ ਤਖ਼ਤ ਦੇ ਸਾਬਕਾ ਜਥੇਦਾਰਾਂ ’ਤੇ ਦਬਾਅ ਬਣਾਉਣ ਲਈ ਸੱਦੀ ਬੈਠਕ ਮੌਕੇ ਪ੍ਰਕਾਸ਼ ਸਿੰਘ ਬਾਦਲ



ਸਿੰਘ ਸਾਹਿਬਾਨਾਂ ਵੱਲੋਂ ਸਜ਼ਾ ਸੁਣਾਏ ਜਾਣ ਮੌਕੇ ਸੁ ?ਖਬੀਰ ਸਿੰਘ ਬਾਦਲ ਤੇ ਹੋਰ ਆਗੂ ਗਲਾਂ ਵਿਚ ਤਖ਼ਤੀਆਂ ਪਾਉਂਦੇ ਹੋਏ।

ਵੀ ਮੌਜੂਦ ਸਨ। ਇਸੇ ਤਰ੍ਹਾਂ ਸਾਬਕਾ ਜਥੇਦਾਰਾਂ ਗਿਆਨੀ ਗੁਰਬਚਨ ਸਿੰਘ ਤੇ ਗਿਆਨੀ ਗੁਰਮੁੱਖ ਸਿੰਘ ਖਿਲਾਫ਼ ਵੀ ਸਖ਼ਤ ਰੁਖ਼ ਅਖ਼ਤਿਆਰ ਕੀਤਾ ਗਿਆ ਹੈ। ਸਿੰਘ ਸਾਹਿਬਾਨ ਨੇ ਗਿਆਨੀ ਗੁਰਬਚਨ ਸਿੰਘ ਨੂੰ ਸਾਬਕਾ ਜਥੇਦਾਰ ਵਜੋਂ ਸ਼੍ਰੋਮਣੀ ਕਮੇਟੀ ਵੱਲੋਂ ਮਿਲਦੀਆਂ ਸਾਰੀਆਂ ਸਹੂਲਤਾਂ ਵਾਪਸ ਲੈਣ ਦੇ ਹੁਕਮ ਦਿੱਤੇ ਹਨ। ਉਨ੍ਹਾਂ ਦੇ ਜਨਤਕ ਸਮਾਗਮਾਂ ਵਿਚ ਬੋਲਣ ’ਤੇ ਵੀ ਰੋਕ ਲਗਾਈ ਗਈ ਹੈ।ਸਾਬਕਾ ਜਥੇਦਾਰ ਤੇ ਅਕਾਲ ਤਖ਼ਤ ਦੇ ਮੌਜੂਦਾ ਹੈੱਡ ਗ੍ਰੰਥੀ ਗਿਆਨੀ ਗੁਰਮੁਖ ਸਿੰਘ ਦਾ ਫੌਰੀ ਤਬਾਦਲਾ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਸਿੰਘ ਸਾਹਿਬਾਨਾਂ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਵਰਕਿੰਗ ਕਮੇਟੀ ਸੁਖਬੀਰ ਬਾਦਲ ਤੇ ਹੋਰਨਾਂ ਦੇ ਅਸਤੀਫ਼ੇ ਪ੍ਰਵਾਨ ਕਰਕੇ ਤਿੰਨ ਦਿਨਾਂ ’ਚ ਅਕਾਲ ਤਖ਼ਤ ਨੂੰ ਰਿਪੋਰਟ ਦੇਵੇ। ਇਸ ਦੌਰਾਨ ਗੁਨਾਹ ਕਬੂਲ ਕਰਨ ਵਾਲੇ ਸਾਰੇ ਆਗੂਆਂ ਦੇ ਗਲਾਂ ਵਿਚ ਤਖ਼ਤੀਆਂ ਵੀ ਪਾਈਆਂ ਗਈਆਂ। ਸੁਖਬੀਰ ਤੇ ਢੀਂਡਸਾ ਤੋਂ ਇਲਾਵਾ ਹੋਰਨਾਂ ਅਕਾਲੀ ਆਗੂਆਂ ਨੂੰ ਇਕ ਇਕ ਘੰਟੇ ਦਰਬਾਰ ਸਾਹਿਬ ਕੰਪਲੈਕਸ ਵਿਚਲੇ ਪਖਾਨਿਆਂ ਦੀ ਸਫ਼ਾਈ ਦੀ ਸੇਵਾ ਲਾਈ ਗਈ ਹੈ। ਡੇਰਾ ਸੱਚਾ ਸੌਦਾ ਸਬੰਧੀ ਇਸ਼ਤਿਹਾਰਾਂ ਲਈ ਵਰਤੇ ਗਏ ਸ਼੍ਰੋਮਣੀ ਕਮੇਟੀ ਦੇ ਪੈਸੇ ਦੀ ਸੁਖਬੀਰ ਸਿੰਘ ਬਾਦਲ, ਸੁੱਚਾ ਸਿੰਘ ਲੰਗਾਹ, ਗੁਲਜ਼ਾਰ ਸਿੰਘ, ਦਲਜੀਤ ਸਿੰਘ ਚੀਮਾ, ਬਲਵਿੰਦਰ ਸਿੰਘ ਭੂੰਦੜ ਅਤੇ ਹੀਰਾ ਸਿੰਘ ਗਾਬੜੀਆਂ ਕੋਲੋਂ ਵਿਆਜ ਸਮੇਤ ਭਰਪਾਈ ਲਈ ਕਿਹਾ ਗਿਆ ਹੈ।

ਇਸ ਤੋਂ ਪਹਿਲਾਂ ਸੁਖਬੀਰ ਬਾਦਲ ਨੇ ਅੱਜ ਸ੍ਰੀ ਅਕਾਲ ਤਖ਼ਤ ਦੇ ਸਨਮੁਖ ਪੇਸ਼ ਹੁੰਦਿਆਂ ਡੇਰਾ ਮੁਖੀ ਰਾਮ ਰਹੀਮ ਨੂੰ ਮੁਆਫ਼ੀ ਦੇਣ, ਅਕਾਲੀ ਸਰਕਾਰਾਂ ਦੌਰਾਨ ਭੁੱਲਾਂ ਹੋਣ ਤੇ ਗੋਲੀਕਾਂਡ ਦੇ ਗੁਨਾਹ ਕਬੂਲੇ। ਸੁਖਬੀਰ ਬਾਦਲ ਵ੍ਹੀਲ ਚੇਅਰ ਉੱਤੇ ਅਕਾਲ ਤਖ਼ਤ ਪਹੁੰਚੇ ਸਨ। ਅਕਾਲ ਤਖ਼ਤ ਅੱਗੇ ਸਪਸ਼ਟੀਕਰਨ ਦੇਣ ਮੌਕੇ ਸੁਖਬੀਰ ਬਾਦਲ ਵਾਕਰ ਦੇ ਸਹਾਰੇ ਖੜ੍ਹੇ ਰਹੇ। ਇਸ ਮੌਕੇ ਅਕਾਲੀ ਸਰਕਾਰ ਦੇ ਸਾਬਕਾ ਮੰਤਰੀ ਵੀ ਮੌਜੂਦ ਸਨ, ਜਿਨ੍ਹਾਂ ਦੋਸ਼ਾਂ ਨੂੰ ਲੈ ਕੇ ਆਪੋ ਆਪਣਾ ਸਪਸ਼ਟੀਕਰਨ ਦਿੱਤਾ। ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਉਹ ਉਸ ਵੇਲੇ ਅਕਾਲੀ ਸਰਕਾਰ ਦਾ ਹਿੱਸਾ ਹੋਣ ਕਰਕੇ ਗੁਨਾਹਗਾਰ ਹਨ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੇ ਕਿਹਾ, “ਅਸੀਂ ਸਾਰੇ ਕਸੂਰਵਾਰ ਹਾਂ।” ਉਂਝ ਭੂੰਦੜ ਨੇ ਕਿਹਾ ਕਿ ਰਾਮ ਰਹੀਮ ਨਾਲ ਮੀਟਿੰਗ ਦਾ ਬਿਰਤਾਂਤ ਝੂਠ ਸੀ। ਸੁੱਚਾ ਸਿੰਘ ਲੰਗਾਹ ਨੇ ਕਿਹਾ ਕਿ ਕੈਬਨਿਟ ਤੇ ਕੋਰ ਕਮੇਟੀ ਨੂੰ ਇਕੋ ਸਜ਼ਾ ਲਾਈ ਜਾਵੇ।

# ਕਿਸਾਨ ਕਣਕ ਦੀ ਫਸਲ ਨੂੰ ਗੁਲਾਬੀ ਸੁੰਡੀ ਤੋਂ ਬਚਾਉਣ ਲਈ ਖੇਤੀ ਮਾਹਰਾਂ ਦੀ ਸਿਫਾਰਿਸ਼ ਅਨੁਸਾਰ ਹੀ ਕੀਟਨਾਸ਼ਕ ਦਵਾਈਆਂ ਦੀ ਵਰਤੋਂ ਕਰਨ : ਡਾ ਜਗਦੀਸ਼ ਸਿੰਘ

**ਬਰਨਾਲਾ, 3 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਖੇਤੀਬਾੜੀ ਅਫ਼ਸਰ ਡਾ. ਜਗਦੀਸ਼ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਫਸਲਾਂ ਉੱਪਰ ਕੀੜੇ ਅਤੇ ਬਿਮਾਰੀਆਂ ਦੇ ਸਰਵੇਖਣ ਲਈ ਪੈਸਟ ਸਰਵੇਲੈਂਸ ਟੀਮਾਂ ਦਾ ਗਠਨ ਕੀਤਾ ਗਿਆ ਹੈ ਜੋ ਸਮੇਂ ਸਮੇਂ ਕਿਸਾਨਾਂ ਦੇ ਖੇਤਾਂ ਵਿੱਚ ਜਾ ਕੇ ਫਸਲ ਦਾ ਸਰਵੇਖਣ ਕਰ ਰਹੀਆਂ ਹਨ ਅਤੇ ਲੋੜ ਪੈਣ ’ਤੇ ਕੀਟਨਾਸ਼ਕ ਦਵਾਈਆਂ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ ਜਾ ਰਹੀ ਹੈ।

ਡਾ. ਜਗਦੀਸ਼ ਸਿੰਘ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਕਣਕ ਦੀ ਫਸਲ ਦਾ ਨਿਰੰਤਰ ਨਿਰੀਖਣ ਕੀਤਾ ਜਾਵੇ, ਜੇਕਰ ਕਣਕ ਦੀ ਅਗੇਤੀ ਨਵੰਬਰ ਦੇ ਪਹਿਲੇ ਹਫਤੇ ਬੀਜੀ ਫਸਲ ਉੱਪਰ ਜਿਨ੍ਹਾਂ ਖੇਤਾਂ ਵਿੱਚ ਗੁਲਾਬੀ ਸੁੰਡੀ ਆਰਥਿਕ ਕਾਗਾਰ ਤੋਂ ਜਿਆਦਾ ਮਿਲ ਰਹੀ ਹੈ ਉਥੇ ਕਿਸਾਨਾਂ ਨੂੰ ਸਲਾਹ ਦਿੱਤੀ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀ ਸਿਫਾਰਿਸ਼ ਅਨੁਸਾਰ ਕਣਕ ਦੀ ਫਸਲ ਨੂੰ ਪਹਿਲਾਂ ਪਾਣੀ ਲਾਉਣ ਤੋਂ ਪਹਿਲਾਂ 7 ਕਿਲੋ ਫਿਪਰੋਨਿਲ ਜਾਂ ਇੱਕ ਲਿਟਰ ਕਲੋਰੋਪਾਈਰੀਫਾਸ 20 ਈ ਸੀ ਨੂੰ 20 ਕਿਲੋ ਸਿੱਲੀ ਮਿੱਟੀ ਵਿੱਚ ਰਲਾ ਕੇ ਛੱਟਾ ਦੇ ਦਿਉ। ਉਨ੍ਹਾਂ ਦੱਸਿਆ ਕਿ ਕਣਕ ਦੀ ਫਸਲ ਨੂੰ ਦਿਨ ਸਮੇਂ ਪਹਿਲਾ ਪਾਣੀ ਲਗਾਉਣ ਨੂੰ ਤਰਜੀਹ ਦਿਉ ਤਾਂ ਜੋ ਪੰਛੀ ਵੱਧ ਤੋਂ ਵੱਧ ਸੁੰਡੀਆਂ ਦਾ ਸ਼ਿਕਾਰ ਕਰ ਸਕਣ।

ਉਨ੍ਹਾਂ ਦੱਸਿਆ ਕਿ ਜੇਕਰ ਪਹਿਲਾਂ ਪਾਣੀ ਲਾਉਣ ਤੋਂ ਬਾਅਦ ਸੁੰਡੀ ਦਾ ਹਮਲਾ ਦਿਖਾਈ ਦਿੰਦਾ ਹੈ ਤਾਂ 50 ਮਿਲੀ ਲਿਟਰ ਕਲੋਰਐਂਟਰਾਨਿਲੀ ਪਰੋਲ(ਕੋਰਾਜਿਨ) 18.5 ਐਸ ਸੀ ਨੂੰ 100 ਲਿਟਰ ਪਾਣੀ ਵਿੱਚ ਘੋਲ ਕੇ ਛਿੜਕਾਅ ਕੀਤਾ ਜਾਵੇ।

ਮੁੱਖ ਖੇਤੀਬਾੜੀ ਅਫ਼ਸਰ ਬਰਨਾਲਾ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਕਿਸਾਨਾਂ ਨੂੰ ਆਪਣੀ ਕਣਕ ਦੀ ਫਸਲ ਦਾ ਲਗਾਤਾਰ ਸਰਵੇਖਣ ਕਰਦੇ ਰਹਿਣਾ ਚਾਹੀਦਾ ਹੈ, ਜੇਕਰ ਗੁਲਾਬੀ ਸੁੰਡੀ ਨਾਲ ਕਣਕ ਦੀ ਫਸਲ ਉੱਪਰ ਨੁਕਸਾਨ ਦਿਖਾਈ ਦੇ ਰਿਹਾ ਹੈ ਜਾਂ ਮਿਲ ਰਹੀ ਹੈ ਤਾਂ ਆਪਣੇ ਆਪਣੇ ਬਲਾਕ ਖੇਤੀਬਾੜੀ ਅਫਸਰ ਜਾਂ ਸਰਕਲ ਦੇ ਖੇਤੀਬਾੜੀ ਅਧਿਕਾਰੀਆਂ ਨਾਲ ਰਾਬਤਾ ਕਾਇਮ ਕੀਤਾ ਜਾਵੇ ਤਾਂ ਜੋ ਇਸਦੀ ਰੋਕਥਾਮ ਲਈ ਸਮੇਂ ਸਿਰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀਆਂ ਸਿਫਾਰਸ਼ਾਂ ਅਨੁਸਾਰ ਕੀਟਨਾਸ਼ਕ ਦਵਾਈਆਂ ਦੀ ਵਰਤੋਂ ਨਾਲ ਇਸ ਨੂੰ ਕਾਬੂ ਕੀਤਾ ਜਾ ਸਕੇ।

ਉਨ੍ਹਾਂ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਆਮ ਤੌਰ ’ਤੇ ਠੰਡ ਸ਼ੁਰੂ ਹੋਣ ਤੋਂ ਬਾਅਦ ਇਸ ਸੁੰਡੀ/ਕੀੜੇ ਦਾ ਹਮਲਾ ਰੁਕ ਜਾਂਦਾ ਹੈ ਅਤੇ ਕਣਕ ਦਾ ਨੁਕਸਾਨੇ ਬੂਟੇ ਦੁਬਾਰਾ ਫੁਟਾਰਾ ਲੈ ਲੈਂਦੇ ਹਨ ਅਤੇ ਫਸਲ ਠੀਕ ਹੋ ਜਾਂਦੀ ਹੈ। ਇਸ ਲਈ ਕਿਸਾਨਾਂ ਨੂੰ ਨਿਰੰਤਰ ਫਸਲ ਦਾ ਸਰਵੇਖਣ ਕਰਨ ਅਤੇ ਖੇਤੀਬਾੜੀ ਮਾਹਿਰਾਂ ਨਾਲ ਰਾਬਤਾ ਕਾਇਮ ਰੱਖਣ ਦੀ ਸਲਾਹ ਦਿੱਤੀ।

## ਪੰਜਾਬੀ ਯੂਨੀਵਰਸਿਟੀ ਦਾ ਹੈਰਾਨ ਕਰਨ ਵਾਲਾ ਮਾਮਲਾ, ਪੂਰੀ ਘਟਨਾ ਜਾਣ ਉੱਡਣਗੇ ਹੋਸ਼

ਪਟਿਆਲਾ 3 ਦਸੰਬਰ। ਪੰਜਾਬੀ ਯੂਨੀਵਰਸਿਟੀ 'ਚ ਫਰਜੀ ਬਿੱਲ ਮਾਮਲੇ ਵਿਚ ਯੂਨੀਵਰਸਿਟੀ ਦੇ ਡਿਪਟੀ ਰਜਿਸਟਰਾਰ ਧਰਮਪਾਲ ਗਰਗ ਅਤੇ ਇਕ ਮਹਿਲਾ ਸੁਪਰਡੈਂਟ ਜਸਵਿੰਦਰ ਕੌਰ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਯੂਨੀਵਰਸਿਟੀ ਵੱਲੋਂ ਇਹ ਹਦਾਇਤ ਵਾਈਸ ਚਾਂਸਲਰ ਦੇ ਨਿਰਦਸ਼ਾਂ 'ਤੇ ਵੀਰਵਾਰ ਨੂੰ ਜਾਰੀ ਕੀਤੇ ਗਏ ਸਨ। ਹਾਲਾਂਕਿ ਇਸ ਤੋਂ ਪਹਿਲਾਂ ਯੂਨੀਵਰਸਿਟੀ ਵੱਲੋਂ ਇਸ ਮਾਮਲੇ ਵਿਚ 2 ਮੁਲਾਜਮਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਸੀ। ਦੱਸਿਆ ਜਾ ਰਿਹਾ ਹੈ ਕਿ ਮਾਮਲੇ ਦੀ



ਜਾਂਚ ਕਰਨ ਵਾਲੀ ਕਮੇਟੀ ਨੇ ਕਰੀਬ 125 ਫਰਜੀ ਬਿੱਲ ਫੜੇ ਹਨ ਅਤੇ ਇਹ ਬਿੱਲ ਕਰੀਬ 2 ਕਰੋੜ ਰੁਪਏ ਦੇ ਦੱਸੇ ਜਾ ਰਹੇ ਹਨ। ਜਾਣਕਾਰੀ ਅਨੁਸਾਰ ਫਰਜੀ ਬਿੱਲ ਮਾਮਲੇ ਦੀ ਜਾਂਚ ਕਾਫੀ ਸਮੇਂ ਤੋਂ ਚੱਲ ਰਹੀ ਸੀ। ਮਾਮਲੇ ਦੀ ਜਾਂਚ ਲਈ ਯੂਨੀਵਰਸਿਟੀ ਵੱਲੋਂ ਇਕ ਕਮੇਟੀ ਬਣਾਈ ਗਈ ਸੀ, ਜਿਸ ਦੀ ਅਗਵਾਈ ਯੂਨੀਵਰਸਿਟੀ ਅਧਿਕਾਰੀ ਡਾ. ਵਰਿੰਦਰ ਕੌਸ਼ਿਕ ਕਰ ਰਹੇ ਸਨ। ਵਰਿੰਦਰ ਕੌਸ਼ਿਕ ਨੇ ਦੱਸਿਆ ਕਿ ਜਾਂਚ ਦੌਰਾਨ ਪਤਾ ਲੱਗਾ ਕਿ 100 ਤੋਂ ਵੱਧ ਬਿੱਲ ਅਜਿਹੇ ਹਨ, ਜਿਨ੍ਹਾਂ 'ਤੇ ਇਨ੍ਹਾਂ ਦੋਵਾਂ ਮੁਲਾਜਮਾਂ ਦੇ ਦਸਤਖਤ ਹਨ ਪਰ ਇਨ੍ਹਾਂ 'ਤੇ ਸੁਪਰਵਾਈਜਰ ਅਤੇ ਵਿਭਾਗ ਦੇ ਮੁਖੀ ਦੇ ਦਸਤਖਤ ਨਹੀਂ ਹਨ। ਜਦੋਂ ਕਿ ਇਨ੍ਹੀਂ ਦਿਨੀਂ ਅਧਿਕਾਰੀਆਂ ਦੇ ਦਸਤਖਤ ਵੀ ਜਰੂਰੀ ਸਨ। ਕੌਸ਼ਿਕ ਨੇ ਦੱਸਿਆ ਕਿ ਇਹ ਫਰਜੀ ਬਿੱਲ ਦੀ ਕਰੀਬ 2 ਕਰੋੜ ਰੁਪਏ ਦੇ ਹਨ। ਜਾਣਕਾਰੀ ਅਨੁਸਾਰ ਪਿਛਲੇ ਸਮੇਂ 'ਚ ਯੂਨੀਵਰਸਿਟੀ ਦੀ ਅਕਾਊਂਟ ਬ੍ਰਾਂਚ ਦੇ ਇਕ ਮੁਲਾਜਮ ਵੱਲੋਂ ਜਾਅਲੀ ਬਿੱਲਾਂ ਰਾਹੀਂ ਕਰੋੜਾਂ ਰੁਪਏ ਦਾ ਘਪਲਾ ਕਰਨ ਦਾ ਮਾਮਲਾ ਸਾਹਮਣੇ ਆ ਚੁੱਕਾ ਹੈ। ਜਾਂਚ 'ਚ ਕਰੀਬ 12 ਕਰੋੜ ਰੁਪਏ ਦੇ ਘਪਲੇ ਦਾ ਖੁਲਾਸਾ ਹੋਇਆ ਹੈ। ਬਹੁ-ਕਰੋੜੀ ਮਾਮਲੇ 'ਚ ਯੂਨੀਵਰਸਿਟੀ ਦੇ 100 ਤੋਂ ਵੱਧ ਮੁਲਾਜਮ ਸਾਮਲ ਦੱਸੇ ਜਾਂਦੇ ਹਨ। ਵੀਰਵਾਰ ਨੂੰ ਮੁਅੱਤਲ ਕੀਤੇ ਗਏ ਕਰਮਚਾਰੀ ਵੀ ਇਸ ਮਾਮਲੇ 'ਚ ਲਿਪਤ ਪਾਏ ਗਏ ਹਨ, ਜਿਸ ਕਾਰਨ ਦੋਵੇਂ ਮੁਲਾਜਮਾਂ ਨੂੰ ਮੁਅੱਤਲ ਕਰ ਦਿੱਤਾ ਗਿਆ।

## ਇੰਤਕਾਲ ਦੇ ਮਾਮਲਿਆਂ 'ਚ ਪੰਜਾਬ ਸਰਕਾਰ ਦੇ ਸਖਤ ਹੁਕਮ, ਦਿੱਤੀ ਗਈ ਡੈੱਡ ਲਾਈਨ

ਚੰਡੀਗੜ੍ਹ 2 ਦਸੰਬਰ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇੰਤਕਾਲ ਦੇ ਕੇਸਾਂ ਦੇ ਤੁਰੰਤ ਨਿਪਟਾਰੇ ਅਤੇ ਲੋਕਾਂ ਦੀ ਖੱਜਲ-ਖੁਆਰੀ ਖਤਮ ਕਰਨ ਲਈ ਮਾਲ ਵਿਭਾਗ ਵੱਲੋਂ ਸੂਬੇ ਦੇ ਪਿੰਡਾਂ ਅਤੇ ਸਹਿਰਾਂ ਵਿਚ ਵਿਸੇਸ ਮੁਹਿੰਮ ਸੁਰੂ ਕਰਨ ਦਾ ਫੈਸਲਾ ਕੀਤਾ ਗਿਆ ਹੈ। ਮਾਲ ਅਤੇ ਮੁੜ ਵਸੇਬਾ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਝਗੜਾ ਰਹਿਤ ਇੰਤਕਾਲਾਂ ਦਾ ਫੈਸਲਾ 45 ਦਿਨਾਂ ਦੇ ਅੰਦਰ ਕਰਨਾ ਲਾਜਮੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਵਿਸੇਸ਼ ਮੁਹਿੰਮ ਚਲਾਈ ਜਾਵੇਗੀ ਅਤੇ ਇਕ ਮਹੀਨੇ ਅੰਦਰ ਅਜਿਹੇ ਸਾਰੇ ਕੇਸਾਂ ਦਾ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ 32 ਦਸੰਬਰ ਤੋਂ ਬਾਅਦ, ਜੇ 45 ਦਿਨ ਦੀ ਸਮਾਂ ਸੀਮਾਂ ਤੋਂ ਵੱਧ ਕੋਈ ਝਗੜਾ ਰਹਿਤ ਇੰਤਕਾਲ ਕਿਸੇ ਤਹਿਸੀਲ/ਸਬ-ਤਹਿਸੀਲ ਵਿਚ ਪੈਂਡਿੰਗ ਪਾਇਆ ਜਾਂਦਾ ਹੈ ਤਾਂ ਇਸ ਲਈ ਜ਼ਿੰਮੇਵਾਰ ਸਬੰਧਤ ਅਧਿਕਾਰੀ/ਕਰਮਚਾਰੀ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਮੁੰਡੀਆ ਨੇ ਅੱਗੇ ਕਿਹਾ ਕਿ ਵਿਭਾਗ ਦੇ ਧਿਆਨ ਵਿਚ ਆਇਆ ਹੈ ਕਿ ਸਰਕਾਰ ਦੀਆਂ ਸਪੱਸਟ ਹਦਾਇਤਾਂ ਦੇ ਬਾਵਜੂਦ ਕਾਫੀ ਇੰਤਕਾਲ 45 ਦਿਨ ਤੋਂ ਜ਼ਿਆਦਾ ਸਮੇਂ ਤੋਂ ਲੰਬਿਤ ਪਏ ਹਨ। ਕੁੱਝ ਇੰਤਕਾਲ ਤਾਂ ਇਕ ਸਾਲ ਤੋਂ ਵੱਧ ਸਮੇਂ ਤੋਂ ਪੈਂਡਿੰਗ ਪਏ ਹਨ। ਇਸ ਗੰਭੀਰ ਕੋਤਾਹੀ ਨੂੰ ਬਿਲਕੁਲ ਵੀ ਬਰਦਾਸਤ ਨਹੀਂ ਕੀਤਾ ਜਾਵੇਗਾ। ਇਸ ਸਬੰਧੀ ਮਾਲ ਵਿਭਾਗ ਵੱਲੋਂ ਸੂਬੇ ਦੇ ਡਿਪਟੀ ਕਮਿਸਨਰਾਂ, ਐੱਸ.ਡੀ.ਐਮਜ, ਜ਼ਿਲ੍ਹਾ ਮਾਲ ਅਫਸਰਾਂ, ਤਹਿਸੀਲਦਾਰਾਂ ਅਤੇ ਨਾਇਬ ਤਹਿਸੀਲਦਾਰਾਂ ਨੂੰ ਪੱਤਰ ਜਾਰੀ ਕਰਕੇ ਵਿਸੇਸ਼ ਮੁਹਿੰਮ ਚਲਾ ਕੇ ਸਾਰੇ ਪੈਂਡਿੰਗ ਝਗੜਾ ਰਹਿਤ ਇੰਤਕਾਲਾਂ ਦਾ ਨਿਪਟਾਰਾ 32 ਦਸੰਬਰ ਤੱਕ ਫੈਸਲਾ ਕਰਨ ਦੇ ਨਿਰਦੇਸ ਦਿੱਤੇ ਹਨ। ਮਾਲ ਅਤੇ ਮੁੜ ਵਸੇਬਾ ਮੰਤਰੀ ਨੇ ਕਿਹਾ ਕਿ ਜੇ ਕਿਸੇ ਵਿਅਕਤੀ ਨੂੰ ਝਗੜਾ ਰਹਿਤ ਇੰਤਕਾਲ ਦਰਜ ਕਰਵਾਉਣ ਜਾਂ ਮਨਜੂਰ ਕਰਵਾਉਣ ਵਿਚ ਕੋਈ ਦਿੱਕਤ ਆਉਂਦੀ ਹੈ ਜਾਂ ਕੋਈ ਅਧਿਕਾਰੀ/ਕਰਮਚਾਰੀ ਇਸ ਸਬੰਧੀ ਉਨ੍ਹਾਂ ਤੋਂ ਰਿਸਵਤ ਦੀ ਮੰਗ ਕਰਦਾ ਹੈ ਤਾਂ ਉਹ ਹੈਲਪਲਾਈਨ ਨੰਬਰ 1100 ਉਤੇ ਸੂਚਿਤ ਕਰ ਸਕਦਾ ਹੈ। ਵਧੀਕ ਮੁੱਖ ਸਕੱਤਰ ਅਤੇ ਵਿੱਤ ਕਮਿਸਨਰ ਮਾਲ ਅਨੁਰਾਗ ਵਰਮਾ ਵੱਲੋਂ ਇਸ ਸਬੰਧੀ ਸਮੀਖਿਆ ਲਈ ਡਿਪਟੀ ਕਮਿਸਨਰਾਂ ਨਾਲ 16 ਦਸੰਬਰ ਤੇ 32 ਦਸੰਬਰ ਨੂੰ ਮੀਟਿੰਗ ਕੀਤੀ ਜਾਵੇਗੀ।

# ਪੰਜਾਬ ਦੇ ਸ਼ਹਿਰਾਂ ਨੂੰ ਲੈ ਕੇ ਕੈਬਨਿਟ ਮੰਤਰੀ ਨੇ ਕੀਤਾ ਐਲਾਨ

**ਸਰਦੂਲ ਸਿੰਘ**

ਚੰਡੀਗੜ੍ਹ 3 ਦਸੰਬਰ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ ਪਾਰਦਰਸੀ, ਨਿਰਵਿਘਨ, ਭ੍ਰਿਸਟਾਚਾਰ ਮੁਕਤ ਤੇ ਸੁਖਾਲੀਆਂ ਸੇਵਾਵਾਂ ਦੇਣਾ ਪ੍ਰਮੁੱਖ ਤਰਜੀਹ ਹੈ। ਸਰਕਾਰ ਵੱਲੋਂ ਲੋਕਾਂ ਦੀ ਰੋਟੀ, ਕੱਪੜੇ ਦੇ ਨਾਲ ਮਕਾਨ ਦੀ ਵੀ ਬੁਨਿਆਦੀ ਲੋੜ ਪੂਰੀ ਕਰਨ ਲਈ ਉਪਰਾਲੇ ਕੀਤੇ ਜਾ ਰਹੇ ਹਨ। ਇਹ ਗੱਲ ਪੰਜਾਬ ਦੇ ਮਾਲ, ਮਕਾਨ ਉਸਾਰੀ ਤੇ ਸਹਿਰੀ ਵਿਕਾਸ ਅਤੇ ਜਲ ਸਪਲਾਈ ਤੇ ਸੈਨੀਟੇਸਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਬੀਤੀ ਦੇਰ ਸਾਮ ਚੰਡੀਗੜ੍ਹ ਵਿਖੇ ਇਕ ਨਿੱਜੀ ਚੈਨਲ ਉੱਪਰ ਰੀਅਲ ਅਸਟੇਟ ਨਾਲ ਸਬੰਧਿਤ ਕਰਵਾਏ ਜਾ ਰਹੇ ਸੰਮੇਲਨ ਦੌਰਾਨ ਆਪਣੇ ਵਿਭਾਗਾਂ ਦਾ ਰੋਡਮੈਪ ਦੱਸਦਿਆਂ ਕਹੀ। ਮੁੰਡੀਆਂ ਨੇ ਕਿਹਾ ਕਿ ਸੂਬੇ ਦੇ ਯੋਜਨਾਬੱਧ ਸਹਿਰੀ ਵਿਕਾਸ ਨੂੰ ਤਰਜੀਹ ਦੇਣ ਅਤੇ ਇਸ ਖੇਤਰ ਨਾਲ ਜੁੜੇ ਲੋਕਾਂ ਅਤੇ ਸਹਿਰ ਵਾਸੀਆਂ ਦੀਆਂ ਦਿੱਕਤਾਂ ਨੂੰ ਦੂਰ ਕਰਨ ਲਈ ਨਿਰੰਤਰ ਕੰਮ ਕੀਤੇ ਜਾ ਰਹੇ ਹਨ। ਵੱਡੇ ਸਹਿਰਾਂ ਦੀ ਤਰਜ 'ਤੇ ਹਰ ਸਹਿਰ 'ਚ ਅਰਬਨ ਅਸਟੇਟ ਬਣਾਈ ਜਾਵੇਗੀ, ਜੋ ਅਤਿ-ਆਧੁਨਿਕ ਨਕਸੇ ਤਹਿਤ ਬਿਹਤਰ ਬੁਨਿਆਦੀ ਸਹੂਲਤਾਂ ਨਾਲ ਲੈਸ ਹੋਵੇਗੀ। ਇਸ ਸਬੰਧੀ ਹਰ ਸਹਿਰ ਦਾ ਸਰਵੇਖਣ ਹੋ ਰਿਹਾ ਹੈ ਅਤੇ ਵਿਭਾਗ ਵੱਲੋਂ ਇਹ ਜਲਦ ਵਿਕਸਿਤ ਕੀਤੀਆਂ ਜਾਣਗੀਆਂ। ਸਹਿਰੀ ਵਿਕਾਸ ਤੇ ਮਕਾਨ ਉਸਾਰੀ ਵਿਭਾਗ ਦੀਆਂ ਵਿਕਾਸ ਅਥਾਰਟੀਆਂ ਵੱਲੋਂ ਪਿਛਲੇ ਸਮੇਂ ਵਿੱਚ ਪਾਰਦਰਸੀ ਤਰੀਕੇ ਨਾਲ ਦੋ ਵਾਰ ਜਾਇਦਾਦਾਂ ਦੀ ਕੀਤੀ ਗਈ ਈ-ਆਕਸਨ ਰਾਹੀਂ 5000 ਕਰੋੜ ਰੁਪਏ ਕਮਾਏ ਗਏ। ਕੈਬਨਿਟ ਮੰਤਰੀ ਮੁੰਡੀਆਂ ਨੇ ਕਿਹਾ ਕਿ ਸਰਕਾਰ ਦੀ ਮੁੱਖ ਤਰਜੀਹ ਜਵਾਬਦੇਹੀ ਤੇ ਪਾਰਦਰਸੀ



ਸੇਵਾਵਾਂ ਮੁਹੱਈਆਂ ਕਰਵਾਉਣਾ ਹੈ। ਲੰਬੇ ਸਮੇਂ ਤੋਂ ਪੈਂਡਿੰਗ ਪਏ ਕੇਸਾਂ ਦੇ ਨਿਪਟਾਰੇ ਲਈ ਵਿਸੇਸ ਕੈਂਪ ਲਗਾਉਣ ਦਾ ਫੈਸਲਾ ਕੀਤਾ ਗਿਆ ਹੈ, ਜਿਸ ਤਹਿਤ ਪਹਿਲਾਂ ਕੈਂਪ ਲਗਾ ਕੇ ਵੱਖ-ਵੱਖ ਵਿਕਾਸ ਅਥਾਰਟੀਆਂ ਵੱਲੋਂ 51 ਪ੍ਰਮੋਟਰਾਂ/ਬਿਲਡਰਾਂ ਨੂੰ ਕਾਲੋਨੀਆਂ ਦੇ ਲਾਇਸੈਂਸ, ਕੰਪਲੀਸਨ ਸਰਟੀਫਿਕੇਟ ਪਾਰਸੀਅਲ ਕੰਪਲੀਸਨ ਸਰਟੀਫਿਕੇਟ, ਲੈਟਰ ਆਫ ਇਟੈਂਟ, ਜੋਨਿੰਗ ਪਲੈਨ, ਬਿਲਡਿੰਗ ਪਲਾਨ, ਪ੍ਰਮੋਟਰ ਰਜਿਸਟ੍ਰੇਸ਼ਨ ਸਰਟੀਫਿਕੇਟ ਅਤੇ ਲੇ-ਆਊਟ ਪਲਾਨ ਆਦਿ ਸੌਂਪੇ ਗਏ। ਹੁਣ ਦੂਜਾ ਕੈਂਪ 3 ਦਸੰਬਰ ਨੂੰ ਲਗਾਇਆ ਜਾ ਰਿਹਾ ਹੈ, ਜਿਸ ਵਿੱਚ 100 ਤੋਂ ਵੱਧ ਅਜਿਹੇ ਹੋਰ ਸਰਟੀਫਿਕੇਟ ਵੰਡੇ ਜਾਣਗੇ। ਅਜਿਹੇ ਕੈਂਪ ਪਹਿਲੀ ਵਾਰ ਲਗਾਏ ਜਾ ਰਹੇ ਹਨ। ਮੁੰਡੀਆਂ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਾਅਦੇ ਨਹੀਂ ਗਾਰੰਟੀ ਦਿੰਦੀ ਹੈ, ਜੋ ਹਰ ਹੀਲੇ ਪੂਰੀ ਕੀਤੀ ਜਾ ਰਹੀ ਹੈ। ਲੰਬੇ ਸਮੇਂ ਤੋਂ ਬਿਨਾਂ ਐੱਨ. ਓ. ਸੀ. ਦੇ ਪਲਾਟਾਂ ਦੀ ਰਜਿਸਟਰੀ ਦਾ ਕੰਮ ਲਟਕਿਆ ਪਿਆ ਸੀ, ਜਿਸ ਸਬੰਧੀ ਸਰਕਾਰ ਵੱਲੋਂ ਕਾਨੂੰਨ ਪਾਸ ਕਰਕੇ ਨੋਟੀਫ਼ਿਕੇਸਨ ਜਾਰੀ ਕੀਤੀ ਗਈ। 500 ਗਜ ਤੱਕ ਦੇ ਪਲਾਟਾਂ ਦੀ ਰਜਿਸਟਰੀ ਬਿਨਾਂ ਐੱਨ. ਓ. ਸੀ. ਤੋਂ ਹੋਵੇਗੀ, ਜਿਸ ਲਈ 3 ਦਸੰਬਰ 2024 ਤੋਂ 28 ਫਰਵਰੀ 2025 ਤੱਕ ਤਿੰਨ ਮਹੀਨੇ ਦਾ ਸਮਾਂ ਮਿਲੇਗਾ। ਇਕ ਸਵਾਲ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਮੁੰਡੀਆ ਨੇ ਅੱਗੇ ਕਿਹਾ ਕਿ ਭ੍ਰਿਸਟਾਚਾਰ ਨੂੰ ਕਤਈ ਬਰਦਾਸਤ ਨਹੀਂ ਕੀਤਾ ਜਾਵੇਗਾ ਅਤੇ ਜੇਕਰ ਕੋਈ ਦੋਸੀ ਪਾਇਆ ਜਾਂਦਾ ਜਾਂ ਕੋਈ ਸ਼ਿਕਾਇਤ ਆਉਂਦੀ ਹੈ ਤਾਂ ਉਹ ਬਖਸ਼ਿਆ ਨਹੀਂ ਜਾਵੇਗਾ। ਇਸ ਸਬੰਧੀ ਉਨ੍ਹਾਂ ਆਪਣਾ ਮੋਬਾਇਲ (ਨੰਬਰ 84276-90000) ਵੀ ਜਨਤਕ ਸਾਂਝਾ ਕੀਤਾ ਹੋਇਆ ਹੈ, ਜਿਸ ਉੱਪਰ ਕੋਈ ਵੀ ਸੂਬਾ ਵਾਸੀ ਉਨ੍ਹਾਂ ਦੇ ਵਿਭਾਗ ਨਾਲ ਸਬੰਧਿਤ ਸ਼ਿਕਾਇਤ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਦੀ ਬੁਨਿਆਦ ਇਮਾਨਦਾਰ ਤੇ ਕੁਸਲ ਪ੍ਰਸਾਸਨਿਕ ਸੇਵਾਵਾਂ ਦੇਣੀਆਂ ਹਨ। ਮੁੰਡੀਆਂ ਜਿਨ੍ਹਾਂ ਕੋਲ ਜਲ ਸਪਲਾਈ ਤੇ ਸੈਨੀਟੇਸਨ ਵਿਭਾਗ ਵੀ ਹੈ, ਨੇ ਕਿਹਾ ਕਿ ਹਰ ਪਿੰਡ ਵਾਸੀ ਨੂੰ ਸਾਫ-ਸੁਥਰਾ ਪਾਣੀ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਪ੍ਰਮੁੱਖ ਤਰਜੀਹ ਹੈ। ਸੂਬੇ ਵਿੱਚ 2174 ਕਰੋੜ ਰੁਪਏ ਦੇ ਨਹਿਰੀ ਜਲ ਸਪਲਾਈ ਨਾਲ ਸਬੰਧਿਤ 15 ਪ੍ਰਾਜੈਕਟ ਮਨਜੂਰ ਕੀਤੇ ਗਏ ਹਨ। ਇਸ ਮੌਕੇ ਉਨ੍ਹਾਂ ਰੀਅਲ ਅਸਟੇਟ ਨਾਲ ਜੁੜੀਆਂ ਸਖਸੀਅਤਾਂ ਨੂੰ ਸਨਮਾਨਿਤ ਵੀ ਕੀਤਾ।

## ਟਰੱਕ 'ਚੋਂ 211 ਕਿਲੋ ਨਸ਼ੀਲਾ ਪਦਾਰਥ ਬਰਾਮਦ, ਡਰਾਈਵਰ ਗ੍ਰਿਫਤਾਰ

ਜੰਮੂ 2 ਦਸੰਬਰ। ਜੰਮੂ-ਕਸਮੀਰ ਪੁਲਸ ਨੇ ਸੋਮਵਾਰ ਨੂੰ ਊਧਮਪੁਰ ਜ਼ਿਲ੍ਹੇ 'ਚ ਕਥਿਤ ਤੌਰ 'ਤੇ 200 ਕਿਲੋਗ੍ਰਾਮ ਤੋਂ ਜ਼ਿਆਦਾ ਭੁੱਕੀ ਦੀ ਤਸਕਰੀ ਦੇ ਦੋਸ 'ਚ ਇਕ ਟਰੱਕ ਡਰਾਈਵਰ ਨੂੰ ਗ੍ਰਿਫਤਾਰ ਕੀਤਾ ਹੈ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਰੁਟੀਨ ਤਲਾਸੀ ਦੌਰਾਨ ਜੰਮੂ-ਸ਼੍ਰੀਨਗਰ ਹਾਈਵੇਅ 'ਤੇ ਜਖਾਨੀ ਵਿਖੇ ਪੁਲਸ ਟੀਮ ਨੇ ਇਕ ਟਰੱਕ ਨੂੰ ਰੋਕ ਕੇ ਤਲਾਸੀ ਲਈ। ਉਨ੍ਹਾਂ ਦੱਸਿਆ ਕਿ ਤਲਾਸੀ ਦੌਰਾਨ ਟਰੱਕ 'ਚੋਂ 211 ਕਿਲੋ ਭੁੱਕੀ ਬਰਾਮਦ ਹੋਈ, ਜੋ ਅੱਠ ਬੋਰੀਆਂ ਵਿਚ ਰੱਖੀ ਹੋਈ ਸੀ। ਅਧਿਕਾਰੀਆਂ ਨੇ ਦੱਸਿਆ ਕਿ ਟਰੱਕ ਡਰਾਈਵਰ ਮੁਹੰਮਦ ਹਨੀਫ ਨੂੰ ਮੌਕੇ 'ਤੇ ਗ੍ਰਿਫਤਾਰ ਕਰ ਲਿਆ ਗਿਆ ਅਤੇ ਭੁੱਕੀ ਜਬਤ ਕਰ ਲਈ ਗਈ। ਉਨ੍ਹਾਂ ਦੱਸਿਆ ਕਿ ਊਧਮਪੁਰ ਥਾਣੇ 'ਚ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਕੋਰਟ ਨੇ ਗੂਗਲ ਤੋਂ ਮੰਗਿਆ ਜਵਾਬ

**ਏਜੰਸੀਆਂ**

ਮੁੰਬਈ 3 ਦਸੰਬਰ। ਮੁੰਬਈ ਦੀ ਇਕ ਅਦਾਲਤ ਨੇ ਹਾਈ ਕੋਰਟ ਦੇ ਹੁਕਮਾਂ ਦੇ ਬਾਵਜੂਦ ਯੂ-ਟਿਊਬ 'ਤੇ ਇਕ ਗੈਰ-ਸਰਕਾਰੀ ਸੰਗਠਨ (ਐੱਨ.ਜੀ.ਓ.) ਅਤੇ ਅਧਿਆਤਮਿਕ ਨੇਤਾ ਦੇ ਖ਼ਿਲਾਫ ਪੋਸਟ ਕੀਤੇ ਗਏ ਅਪਮਾਨਜਨਕ ਅਤੇ ਅਸਲੀਲ ਵੀਡੀਓ ਨੂੰ ਕਥਿਤ ਤੌਰ 'ਤੇ ਨਾ ਹਟਾਉਣ ਲਈ ਗੂਗਲ ਨੂੰ ਨੋਟਿਸ ਜਾਰੀ ਕੀਤਾ ਹੈ। ਵਧੀਕ ਚੀਫ ਜੁਡੀਸੀਅਲ ਮੈਜਿਸਟਰੇਟ (ਬੈਲਾਰਡ ਅਸਟੇਟ) ਏ ਯੂ ਬਹਿਰ ਨੇ ਪਿਛਲੇ ਹਫਤੇ ਗੈਰ-ਸਰਕਾਰੀ ਸੰਗਠਨ (ਐੱਨ.ਜੀ.ਓ.) ਵਲੋਂ ਦਾਇਰ ਕੀਤੀ ਗਈ ਮਾਣਹਾਨੀ ਪਟੀਸਨ 'ਤੇ ਗੂਗਲ ਨੂੰ ਨੋਟਿਸ ਜਾਰੀ ਕੀਤਾ ਹੈ। ਮਾਮਲੇ ਦੀ ਅਗਲੀ ਸੁਣਵਾਈ 3 ਜਨਵਰੀ 2025 ਨੂੰ ਹੋਵੇਗੀ। ਜਾਨਵਰਾਂ ਦੀ ਭਲਾਈ ਨੂੰ ਸਮਰਪਿਤ ਹੋਣ ਦਾ ਦਾਅਵਾ ਕਰਨ ਵਾਲੀ ਇਕ ਐੱਨਜੀਓ ਧਿਆਨ ਫਾਊਂਡੇਸਨ ਨੇ ਕਿਹਾ ਹੈ ਕਿ ਕਿਸੇ ਅਣਪਛਾਤੇ ਵਿਅਕਤੀ ਨੇ ਉਸ ਦੇ ਅਤੇ ਅਧਿਆਤਮਕ ਆਗੂ ਯੋਗੀ ਅਸਵਨੀ ਦੇ ਖ਼ਿਲਾਫ ਇਕ ਯੂਟਿਊਬ ਵੀਡੀਓ ਦਾ ਲਿੰਕ ਪ੍ਰਸਾਰਿਤ ਕੀਤਾ ਹੈ। ਪਟੀਸਨ 'ਚ ਕਿਹਾ ਗਿਆ ਹੈ ਕਿ ਸੋਸਲ ਮੀਡੀਆ ਪਲੇਟਫਾਰਮ 'ਤੇ ਨਿਰਦੇਸ ਦਿੱਤਾ ਸੀ। ਹਾਲਾਂਕਿ,



ਇਤਰਾਜਯੋਗ ਸਮੱਗਰੀ ਨੂੰ ਵਿਆਪਕ ਤੌਰ 'ਤੇ ਸਾਂਝਾ ਕੀਤਾ ਗਿਆ ਸੀ ਅਤੇ ਐੱਨਜੀਓ ਅਤੇ ਯੋਗੀ ਅਸਵਨੀ ਦੇ ਅਕਸ ਨੂੰ ਖਰਾਬ ਕੀਤਾ ਗਿਆ। ਆਪਣੀ ਮਾਣਹਾਨੀ ਪਟੀਸਨ 'ਚ ਐੱਨਜੀਓ ਨੇ ਕਿਹਾ ਕਿ ਬਾਂਬੇ ਹਾਈ ਕੋਰਟ ਨੇ ਉਸ ਦੀ ਪਟੀਸਨ ਨੂੰ ਸਵੀਕਾਰ ਕਰ ਲਿਆ ਹੈ ਅਤੇ ਯੂ-ਟਿਊਬ ਨੂੰ 31 ਮਾਰਚ 2024 ਨੂੰ ਇਤਰਾਜਯੋਗ ਸਮੱਗਰੀ ਨੂੰ ਹਟਾਉਣ ਦਾ ਵੀਡੀਓ ਅਜੇ ਵੀ ਭਾਰਤ ਤੋਂ ਬਾਹਰ ਯੂ-ਟਿਊਬ 'ਤੇ ਦਿਖਾਈ ਦੇ ਰਿਹਾ ਹੈ ਅਤੇ ਹਰ ਕੋਈ ਇਸ ਨੂੰ ਦੇਖ ਸਕਦਾ ਹੈ। ਪਟੀਸਨ 'ਚ ਕਿਹਾ ਗਿਆ ਹੈ ਕਿ ਗੂਗਲ ਨੇ ਹਾਈ ਕੋਰਟ ਦੇ ਹੁਕਮਾਂ ਦੀ ਉਲੰਘਣਾ ਕਰਦੇ ਹੋਏ ਜਾਣਬੁੱਝ ਕੇ ਵੀਡੀਓ ਨੂੰ ਨਹੀਂ ਹਟਾਇਆ। ਐੱਨਜੀਓ ਦੇ ਵਕੀਲ ਰਾਜੂ ਗੁਪਤਾ ਨੇ ਅਦਾਲਤ ਦੇ ਸਾਹਮਣੇ ਦਲੀਲ ਦਿੱਤੀ, "ਧਿਆਨ ਫਾਊਂਡੇਸਨ ਅਤੇ ਯੋਗੀ ਅਸਵਨੀ ਜੀ ਦੇ ਬੇਦਾਗ ਚਰਿੱਤਰ ਅਤੇ ਅਕਸ ਨੂੰ ਨੁਕਸਾਨ ਪਹੁੰਚਾਉਣ ਲਈ ਗੂਗਲ ਦੇਰੀ ਦੀ ਰਣਨੀਤੀ ਅਪਨਾ ਰਿਹਾ ਹੈ।" ਸਥਾਨ ਥਾਣੇ ਦੇ ਸੀਨੀਅਰ ਇੰਸਪੈਕਟਰ ਨੂੰ ਵੀ ਨੋਟਿਸ ਜਾਰੀ ਕੀਤਾ ਗਿਆ ਸੀ, ਜਿਨ੍ਹਾਂ 'ਤੇ ਐੱਨ.ਜੀ.ਓ. ਨੇ ਵੀਡੀਓ ਹਟਾਉਣ ਲਈ ਕੋਈ ਕਾਰਵਾਈ ਨਹੀਂ ਕਰਨ ਦਾ ਦੋਸ਼ ਲਗਾਇਆ ਹੈ।

## ਬੇਅਦਬੀ ਮਾਮਲਿਆਂ 'ਚ ਸੁਣਵਾਈ ਸ਼ੁਰੂ, ਵੀਡੀਓ ਕਾਨਫਰੰਸਿੰਗ ਰਾਹੀਂ ਪੇਸ਼ ਹੋਇਆ ਡੇਰਾ ਮੁਖੀ ਰਾਮ ਰਹੀਮ

ਚੰਡੀਗੜ੍ਹ 3 ਦਸੰਬਰ। 6 ਮਹੀਨੇ ਤੋਂ ਵੱਧ ਸਮੇਂ ਬਾਅਦ ਬੇਅਦਬੀ ਮਾਮਲਿਆਂ 'ਚ ਡੇਰਾ ਸੱਚਾ ਸੌਦਾ ਦੇ ਮੁਖੀ ਗੁਰਮੀਤ ਰਾਮ ਰਹੀਮ ਤੇ ਹੋਰਾਂ ਖ਼ਿਲਾਫ ਸੁਣਵਾਈ ਵੀਰਵਾਰ ਨੂੰ ਚੰਡੀਗੜ੍ਹ ਅਦਾਲਤ 'ਚ ਸ਼ੁਰੂ ਹੋਈ। 18 ਅਕਤੂਬਰ ਨੂੰ ਸੁਪਰੀਮ ਕੋਰਟ ਵੱਲੋਂ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋਂ ਮੁਕੱਦਮੇ 'ਤੇ ਲਾਈ ਰੋਕ ਹਟਾਏ ਜਾਣ ਮਗਰੋਂ ਇਹ ਸੁਣਵਾਈ ਮੁੜ ਸ਼ੁਰੂ ਹੋਈ ਹੈ। ਰਾਮ ਰਹੀਮ ਨੂੰ ਰੋਹਤਕ ਦੀ ਸੁਨਾਰੀਆ ਜੇਲ੍ਹ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਅਦਾਲਤ 'ਚ ਪੇਸ਼ ਕੀਤਾ ਗਿਆ। ਇਸੇ ਦੌਰਾਨ ਮੁਲਜਮਾਂ ਦੇ ਵਕੀਲਾਂ ਨੇ ਅਦਾਲਤ ਨੂੰ ਦਸਤਾਵੇਜ ਮੁਹੱਈਆ ਕਰਵਾਉਣ ਦੇ ਨਿਰਦੇਸ਼ ਦੇਣ ਦੀ ਮੰਗ ਕੀਤੀ। ਮਾਰਚ ਮਹੀਨੇ ਪੰਜਾਬ ਸਰਕਾਰ ਨੇ ਮੁਕੱਦਮੇ 'ਤੇ ਹਾਈ ਕੋਰਟ ਵੱਲੋਂ ਲਾਈ ਰੋਕ ਨੂੰ ਸੁਪਰੀਮ ਕੋਰਟ 'ਚ ਚੁਣੌਤੀ ਦਿੱਤੀ ਸੀ। 2015 'ਚ ਬਰਗਾੜੀ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਨਾਲ ਸਬੰਧਤ ਤਿੰਨ ਕੇਸਾਂ 'ਚ ਡੇਰਾ ਮੁਖੀ ਤੇ ਹੋਰ ਡੇਰਾ ਪ੍ਰੇਮੀਆਂ ਖ਼ਿਲਾਫ ਕੇਸ ਸੁਪਰੀਮ ਕੋਰਟ ਦੀਆਂ ਹਦਾਇਤਾਂ 'ਤੇ ਫਰਵਰੀ 2023 'ਚ ਫਰੀਦਕੋਟ ਤੋਂ ਚੰਡੀਗੜ੍ਹ ਤਬਦੀਲ ਕਰ ਦਿੱਤਾ ਗਿਆ ਸੀ। ਸੁਰੱਖਿਆ ਖਤਰਿਆਂ ਦਾ ਹਵਾਲਾ ਦਿੰਦਿਆਂ ਮੁਲਜਮਾਂ ਨੇ ਮੁਕੱਦਮਾ ਪੰਜਾਬ ਤੋਂ ਬਾਹਰ ਕਿਸੇ ਅਦਾਲਤ 'ਚ ਤਬਦੀਲ ਕਰਨ ਦੀ ਮੰਗ ਕਰਦਿਆਂ ਸੁਪਰੀਮ ਕੋਰਟ ਤੱਕ ਪਹੁੰਚ ਕੀਤੀ ਸੀ। ਕੋਟਕਪੂਰਾ 'ਚ ਇਕ ਮੁਲਜਮ ਦੀ ਉਸ ਦੀ ਦੁਕਾਨ ਅੰਦਰ ਗੋਲੀ ਮਾਰ ਕੇ ਹੱਤਿਆ ਕੀਤੇ ਜਾਣ ਮਗਰੋਂ ਕੇਸ ਤਬਦੀਲ ਕਰਨ ਸਬੰਧੀ ਪਟੀਸ਼ਨ ਦਾਇਰ ਕੀਤੀ ਗਈ ਸੀ।






# 6 ਮਹੀਨਿਆਂ 'ਚ ਭੇਜਾਂਗੇ ਕੈਨੇਡਾ, ਪੁਲਸ ਨੇ ਠੱਗ ਪਤੀ-ਪਤਨੀ ਖਿਲਾਫ ਦਰਜ ਕੀਤਾ ਮਾਮਲਾ

**ਏਜੰਸੀਆਂ**

ਸਮਰਾਲਾ 3 ਦਸੰਬਰ। ਸਮਰਾਲਾ ਪੁਲਸ ਵੱਲੋਂ ਇਕ ਵਿਆਹੁਤਾ ਜੋੜੇ ਖ਼ਿਲਾਫ਼ ਧੋਖਾਧੜੀ ਦਾ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਵੱਲੋਂ ਇਕ ਵਿਅਕਤੀ ਨੂੰ ਵਿਦੇਸ਼ ਭੇਜਣ ਦਾ ਲਾਰਾ ਲਾ ਕੇ ਤਿੰਨ ਲੱਖ ਰੁਪਏ ਦੀ ਠੱਗੀ ਮਾਰ ਲਈ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਦਵਿੰਦਰ ਪਾਲ ਸਿੰਘ ਨੇ ਦੱਸਿਆ ਕੀ ਨਜ਼ਦੀਕੀ ਪਿੰਡ ਮੁਸ਼ਕਾਬਾਦ ਦੇ ਵਸਨੀਕ ਅਰਮਿੰਦਰ ਸਿੰਘ ਨੂੰ ਕੈਨੇਡਾ ਭੇਜਣ ਦਾ ਝਾਂਸਾ ਦੇਣ ਵਾਲੇ ਪਤੀ-ਪਤਨੀ ਖ਼ਿਲਾਫ ਧਾਰਾ 406, 420, 120 ਬੀ. ਭਾਰਤੀ ਦੰਡਾਵਲੀ ਅਧੀਨ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਅਰਮਿੰਦਰ ਸਿੰਘ ਪੁੱਤਰ ਬਲਵਿੰਦਰ ਵਾਸੀ ਮੁਸ਼ਕਾਬਾਦ ਨੇ ਬਿਆਨ ਦਰਜ ਕਰਾਏ ਕਿ ਅਮਰਿੰਦਰ ਸਿੰਘ ਵਾਸੀ ਸੰਧੂ ਕਲਾਂ (ਬਰਨਾਲਾ) ਅਤੇ ਉਸ ਦੀ ਪਤਨੀ ਕਿਰਨਦੀਪ ਕੌਰ ਵਾਸੀ ਮਾਛੀਵਾੜਾ ਸਾਹਿਬ ਨੇ ਉਸ ਨੂੰ 6 ਮਹੀਨੇ ਦੇ ਅੰਦਰ-ਅੰਦਰ ਕੈਨੇਡਾ ਭੇਜਣ ਦਾ ਝਾਂਸਾ ਦੇ ਕੇ ਅਤੇ ਖੁਦ ਵੱਲੋਂ ਹਲਫੀਆ ਬਿਆਨ ਦੇ ਕੇ ਜੂਨ 2023 ਵਿਚ ਉਨ੍ਹਾਂ ਕੋਲੋਂ ਤਿੰਨ ਲੱਖ ਰੁਪਏ ਵਸੂਲ ਕਰ ਲਏ, ਪ੍ਰੰਤੂ ਅਜੇ ਤੱਕ ਉਸ ਨੂੰ ਕੈਨੇਡਾ ਨਹੀਂ ਭੇਜਿਆ। ਜਦੋਂ ਉਨ੍ਹਾਂ ਵਾਰ-ਵਾਰ ਉਕਤ ਪਤੀ-ਪਤਨੀ ਨੂੰ ਕੈਨੇਡਾ ਭੇਜਣ ਸਬੰਧੀ ਪੁਛਿਆ ਗਿਆ ਤਾਂ ਉਹ ਪਹਿਲਾਂ ਤਾਂ ਲਾਰੇ ਲਗਾਉਂਦੇ ਰਹੇ, ਫਿਰ ਉਨ੍ਹਾਂ ਦਾ ਫੋਨ ਚੁੱਕਣਾ ਵੀ ਬੰਦ ਕਰ ਦਿੱਤਾ। ਜਦੋਂ ਉਕਤ ਏਜੰਟ ਪਤੀ-




ਪਤਨੀ ਨੇ ਕੋਈ ਥਾਂ ਸਿਰਾ ਨਾ ਫੜਾਇਆ ਤਾਂ ਅਗਸਤ 2024 ਨੂੰ ਉਨ੍ਹਾਂ ਨੇ ਖੰਨਾ ਵਿਖੇ ਦਰਖਾਸਤ ਦਿੱਤੀ। ਇਸ 'ਤੇ ਕਾਰਵਾਈ ਕਰਦੇ ਹੋਏ ਸਮਰਾਲਾ ਪੁਲਸ ਨੇ ਦੋਨਾਂ ਧਿਰਾਂ ਦੇ ਬਿਆਨ ਲਏ। ਇਨ੍ਹਾਂ ਬਿਆਨਾਂ ਵਿਚ ਕਿਰਨਦੀਪ ਕੌਰ ਨੇ ਲਿਖਾਇਆ ਕਿ ਉਸ ਦੀ ਆਪਣੇ ਪਤੀ ਅਮਰਿੰਦਰ ਸਿੰਘ ਨਾਲ ਅਣਬਣ ਹੋ ਗਈ ਹੈ, ਇਸ ਸਬੰਧੀ ਮੈਂ ਆਪਣੇ ਪਤੀ ਅਮਰਿੰਦਰ ਸਿੰਘ ਵਿਰੁੱਧ ਸਿਵਲ ਕੇਸ ਕੀਤਾ ਹੋਇਆ। ਇਨ੍ਹਾਂ ਨੇ ਕੈਨੇਡਾ ਜਾਣ ਲਈ ਜੋ ਪੈਸੇ ਪਾਏ ਸਨ ਉਹ ਉਸ ਦੇ ਪਤੀ ਦੇ ਖਾਤੇ ਵਿਚ ਪਾਏ ਸਨ। ਉਹ ਦਰਖਾਸਤਕਾਰ ਨੂੰ ਆਪਣੇ ਪਤੀ ਕੋਲ ਲਿਜਾ ਕੇ ਪੈਸੇ ਵਾਪਸ ਕਰਾਉਣ ਦੀ ਕੋਸ਼ਿਸ਼ ਕਰੇਗੀ। ਇਸ ਤਹਿਤ ਪੁਲਸ ਨੇ ਤਫਤੀਸ਼ ਪਿੱਛੋਂ ਪਤੀ-ਪਤਨੀ ਖ਼ਿਲਾਫ ਭਾਰਤੀ ਦੰਡਾਵਲੀ ਤਹਿਤ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਪੰਜਾਬ ਦੇ 25 ਹਜਾਰ ਪਰਿਵਾਰਾਂ ਦੇ ਸਿਰ 'ਤੇ ਲਟਕੀ ਤਲਵਾਰ !

**ਕਿਸ਼ਨ ਪਾਲ**

ਲੁਧਿਆਣਾ 3 ਦਸੰਬਰ। ਨੈਸ਼ਨਲ ਗ੍ਰੀਨ ਟ੍ਰਿਬਿਊਨਲ (ਐੱਨ. ਜੀ. ਟੀ.) ਨੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਸ਼ਹਿਰ ਦੇ ਇੰਡਸਟ੍ਰੀਅਲ ਇਲਾਕਿਆਂ 'ਚ ਚੱਲ ਰਹੇ ਵਰਧਮਾਨ ਵਰਗੀਆਂ 10 ਵੱਡੀਆਂ ਇਕਾਈਆਂ ਸਮੇਤ 54 ਸਕੈਟਰਡ ਡਾਇੰਗ ਯੂਨਿਟਾਂ 'ਤੇ ਕਾਰਵਾਈ ਦੇ ਨਿਰਦੇਸ਼ ਦਿੱਤੇ ਹਨ। ਇਨ੍ਹਾਂ ਨਿਰਦੇਸ਼ਾਂ ਤੋਂ ਬਾਅਦ ਇਨ੍ਹਾਂ ਇਕਾਈਆਂ ਨਾਲ ਸਿੱਧੇ ਜਾਂ ਅਸਿੱਧੇ ਤੌਰ 'ਤੇ ਜੁੜੇ 25,000 ਪਰਿਵਾਰਾਂ 'ਤੇ ਸੰਕਟ ਛਾਉਂਦਾ ਨਜ਼ਰ ਆ ਰਿਹਾ ਹੈ। ਜੇਕਰ ਇਹ ਯੂਨਿਟ ਬੰਦ ਹੋਏ ਤਾਂ ਹਜ਼ਾਰਾਂ ਦੀ ਗਿਣਤੀ 'ਚ ਡਾਇੰਗ ਮੁਲਾਜ਼ਮ ਬੇਰੋਜ਼ਗਾਰ ਹੋ ਜਾਣਗੇ ਅਤੇ ਉਨ੍ਹਾਂ ਲਈ ਦੋ ਵੇਲੇ ਦੀ ਰੋਟੀ ਜਾ ਜੁਗਾੜ ਕਰਨਾ ਵੀ ਮੁਸ਼ਕਿਲ ਹੋ ਜਾਵੇਗਾ। ਇਨ੍ਹਾਂ ਇਕਾਈਆਂ ਨਾਲ ਜੁੜੇ ਕਾਰੋਬਾਰੀਆਂ ਨੇ ਨਾਮ ਨਾ ਛਾਪਣ ਦੀ ਸ਼ਰਤ 'ਤੇ ਦੱਸਿਆ ਕਿ ਪੰਜਾਬ ਸਰਕਾਰ ਨੂੰ ਇਸ ਮਾਮਲੇ 'ਚ ਦਖਲ ਦੇਣਾ ਚਾਹੀਦਾ ਹੈ, ਕਿਉਂਕਿ ਪੰਜਾਬ 'ਚ ਇੰਡਸਟਰੀ ਪਹਿਲਾਂ ਤੋਂ ਹੀ ਸੰਕਟ 'ਚ ਚੱਲ ਰਹੀ ਹੈ ਅਤੇ ਕਈ ਇਕਾਈਆਂ ਦੂਜੇ ਸੂਬਿਆਂ 'ਚ ਪਲਾਇਨ ਕਰ ਚੁੱਕੀਆਂ ਹਨ। ਜੇਕਰ ਪੀ. ਪੀ. ਸੀ. ਬੀ. ਇਨ੍ਹਾਂ 'ਤੇ ਕਾਰਵਾਈ ਕਰਦਾ ਹੈ ਤਾਂ ਇਹ ਸੰਕਟ ਹੋਰ




ਵੀ ਵਧ ਸਕਦਾ ਹੈ। ਇਸ ਲਈ ਮੰਗ ਕੀਤੀ ਜਾ ਰਹੀ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਖੁਦ ਹੀ ਇਸ ਮਾਮਲੇ ਦਾ ਨੋਟਿਸ ਲੈ ਕੇ ਉੱਚਿਤ ਨਿਰਦੇਸ਼ ਜਾਰੀ ਕਰਨ, ਤਾਂ ਕਿ ਉਨ੍ਹਾਂ ਨੂੰ ਰਾਹਤ ਮਿਲ ਸਕੇ। ਉਨ੍ਹਾਂ ਨੇ ਸੀ. ਐੱਮ. ਨੂੰ ਅਪੀਲ ਕੀਤੀ ਕਿ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਉੱਚਿਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਜਾਣ ਅਤੇ ਉਨ੍ਹਾਂ ਨੂੰ ਵੀ ਸਮਾਂ ਦਿੱਤਾ ਜਾਵੇ। ਉਨ੍ਹਾਂ ਨੇ ਮੰਗ ਕੀਤੀ ਕਿ ਕੋਈ ਵਿਚਕਾਰਲਾ ਰਸਤਾ ਕੱਢਿਆ ਜਾਵੇ, ਤਾਂ ਕਿ ਉਨ੍ਹਾਂ ਨੂੰ ਰਾਹਤ ਮਿਲ ਸਕੇ। ਕਾਰੋਬਾਰੀ ਨੇ ਦੱਸਿਆ ਕਿ ਉਹ ਹਰ ਮਹੀਨੇ ਲੱਖਾਂ ਰੁਪਏ ਟੈਕਸ ਸਰਕਾਰ ਨੂੰ ਅਦਾ ਕਰਦੇ ਹਨ। ਇਸ ਦੇ ਬਾਵਜੂਦ ਉਨ੍ਹਾਂ ਨਾਲ ਅਜਿਹਾ ਵਿਵਹਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਉਹ ਹਰ ਮਹੀਨੇ ਲੱਖਾਂ ਰੁਪਏ ਹਾਊਸ ਟੈਕਸ, ਬਿਜਲੀ ਬਿੱਲ ਤੋਂ ਇਲਾਵਾ ਕੰਸੈਂਟ ਦੇ ਪੈਸੇ ਵੀ ਜਮ੍ਹਾ ਕਰਾਉਂਦੇ ਹਨ। ਜੇਕਰ ਉਨ੍ਹਾਂ ਦੇ ਯੂਨਿਟ ਬੰਦ ਹੁੰਦੇ ਹਨ ਤਾਂ ਸਰਕਾਰ ਦੇ ਰੈਵੇਨਿਊ 'ਤੇ ਵੀ ਇਸ ਦਾ ਅਸਰ ਪਵੇਗਾ। ਬੀਤੇ ਦਿਨੀਂ ਜ਼ਿਲਾ ਪ੍ਰਸ਼ਾਸਨ ਵੱਲੋਂ ਬੁਲਾਈ ਗਈ ਮੀਟਿੰਗ 'ਚ ਡੀ. ਸੀ. ਨੇ ਉਨ੍ਹਾਂ ਨੂੰ ਸੀ. ਈ. ਟੀ. ਪੀ. ਪਲਾਂਟ ਲਗਵਾਉਣ ਲਈ ਭਰੋਸਾ ਦਿੱਤਾ ਸੀ। ਇਸ ਦੇ ਲਈ ਜਗ੍ਹਾ ਲੱਭਣ ਨੂੰ ਲੈ ਕੇ ਜੱਦੋ-ਜਹਿਦ ਕੀਤੀ ਜਾ ਰਹੀ ਹੈ ਪਰ ਹੁਣ ਇਹ ਹੁਕਮ ਜਾਰੀ ਕਰ ਦਿੱਤੇ ਗਏ ਹਨ। ਇਸ ਲਈ ਸਰਕਾਰ ਨੂੰ ਇਕ ਵਾਰ ਇਨ੍ਹਾਂ ਹੁਕਮਾਂ 'ਤੇ ਮੁੜ ਵਿਚਾਰ ਕਰਨਾ ਚਾਹੀਦਾ ਹੈ।